@Qpatrika
@qaumipatrika punjabi
instagram.com/qaumipatrika
Largest Circulated
विश्व भर में सबसे ज्यादा पढ़ा जाने वाला
दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Wednesday, 30 July 2025

# ਕੌਮੀ ਪਤ੍ਰਿਕਾ

Punjabi National Daily
Qaumi Patrika NO.1
VISIT: www.qaumipatrika.org
Email: qpatrika@gmail.com
ਨਵੀਂ ਦਿੱਲੀ: ਬੁੱਧਵਾਰ 30 ਜੁਲਾਈ 2025, 15 ਸਾਵਣ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ
R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 43, ਅੰਕ 260, qpatrika@gmail.com ਫੋਨ : 9971359517 www.qaumipatrika.org

## ਲੋਕ ਸਭਾ ’ਚ ਬੋਲੇ ਪ੍ਰਧਾਨ ਮੰਤਰੀ ਮੋਦੀ ! ਅੱਤਵਾਦ ਨੂੰ ਕਰਾਰਾ ਜਵਾਬ ਹੀ ਸਾਡਾ ਰਾਸ਼ਟਰੀ ਸੰਕਲਪ

ਕੌਮੀ ਪਤ੍ਰਿਕਾ
ਸਿੰਮੀ ਕੌਰ ਬੱਬਰ

ਨਵੀਂ ਦਿੱਲੀ 29 ਜੁਲਾਈ। ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਲੋਕ ਸਭਾ ਪਹੁੰਚ ਗਏ ਹਨ। ਸੰਸਦ ਵਿਚ ਆਉਂਦੇ ਸਾਰ ਉਹਨਾਂ ਨੇ ਆਪ੍ਰੇਸ਼ਨ ਸਿੰਦੂਰ ’ਤੇ ਚਰਚਾ ਦਾ ਜਵਾਬ ਦਿੰਦੇ ਹੋਏ ਕਿਹਾ ਕਿ ਮੈਂ ਇਸ ਸਦਨ ਵਿਚ ਭਾਰਤ ਦਾ ਪੱਖ ਰੱਖਣ ਲਈ ਖੜ੍ਹਾ ਹੋਇਆ ਹਾਂ। ਪ੍ਰਧਾਨ ਮੰਤਰੀ ਮੋਦੀ ਨੇ ਸੈਸ਼ਨ ਦੀ ਸ਼ੁਰੂਆਤ ਵਿੱਚ ਹੀ ਕਿਹਾ ਸੀ ਕਿ ਸੰਸਦ ਦਾ ਇਹ ਇਜਲਾਸ ਭਾਰਤ ਦੇ ਗੌਰਵ ਦਾ ਇਜਲਾਸ ਹੈ। ਇਹ ਸੈਸ਼ਨ ਭਾਰਤ ਦੀ ਜਿੱਤ ਦੇ ਜਸ਼ਨ ਬਾਰੇ ਹੈ। ਮੈਂ ਉਨ੍ਹਾਂ ਲੋਕਾਂ ਨੂੰ ਸ਼ੀਸ਼ਾ ਦਿਖਾਉਣ ਲਈ ਵੀ ਖੜ੍ਹਾ ਹੋਇਆ ਹਾਂ, ਜੋ ਭਾਰਤ ਦਾ ਪੱਖ ਨਹੀਂ ਦੇਖ ਸਕਦੇ। ਮੈਂ ਦੇਸ਼ ਦੇ 140 ਕਰੋੜ ਲੋਕਾਂ ਦੀ ਆਵਾਜ਼ ਨਾਲ ਆਪਣੀ ਆਵਾਜ਼ ਜੋੜਨ ਲਈ ਖੜ੍ਹਾ ਹੋਇਆ ਹਾਂ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਇਹ ਵਿਜੈ ਉਤਸਵ ਅੱਤਵਾਦ ਨੂੰ ਮਿੱਟੀ ਵਿਚ ਮਿਲਾਉਣ ਦਾ ਹੈ। ਇਹ ਵਿਜੈ ਉਤਸਵ ਭਾਰਤ ਦੀ ਫੌਜ ਦੇ ਗੌਰਵ ਦਾ ਹੈ। ਦੇਸ਼ ਦੇ ਲੋਕਾਂ ਨੇ ਮੇਰੇ ’ਤੇ ਵਿਸ਼ਵਾਸ ਦਿਖਾਇਆ। ਦੁਸ਼ਮਣਾਂ ਦੀ ਸਾਜ਼ਿਸ਼ ਨੂੰ ਅਸੀਂ ਨਾਕਾਮ ਕਰ ਦਿੱਤਾ। ਪਹਿਲਗਾਮ ਵਿਚ ਬੇਕਸੂਰ ਲੋਕਾਂ ਨੂੰ ਉਹਨਾਂ ਦਾ ਧਰਮ ਪੁੱਛ ਕੇ ਗੋਲੀਆਂ ਮਾਰ ਕੇ ਮਾਰਿਆ ਗਿਆ। ਅੱਤਵਾਦ ਨੂੰ ਕਰਾਰਾ ਜਵਾਬ, ਸਾਡਾ ਰਾਸ਼ਟਰੀ ਸੰਕਲਪ ਹੈ। ਪ੍ਰਧਾਨ ਮੰਤਰੀ ਮੋਦੀ ਨੇ ਪਹਿਲਗਾਮ ਹਮਲੇ ਨੂੰ ਘਿਨਾਉਣਾ ਕਰਾਰ ਦਿੰਦੇ ਹੋਏ ਕਿਹਾ ਕਿ ਇਹ ਦੇਸ਼ ਵਿੱਚ ਦੰਗੇ ਫੈਲਾਉਣ ਦੀ ਇੱਕ ਅੱਤਵਾਦੀ ਸਾਜ਼ਿਸ਼ ਸੀ। ਮਾਸੂਮ ਨਾਗਰਿਕਾਂ ਨੂੰ ਉਨ੍ਹਾਂ ਦਾ ਧਰਮ ਪੁੱਛ ਕੇ ਮਾਰ ਦਿੱਤਾ ਗਿਆ। ਦੇਸ਼ ਵਾਸੀਆਂ ਨੇ ਇਸ



ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਮੈਂ 22 ਅਪ੍ਰੈਲ ਨੂੰ ਵਿਦੇਸ਼ ਸੀ। ਵਾਪਸ ਆਉਂਦੇ ਸਾਰ ਹੀ ਮੈਂ ਇੱਕ ਵਿਸ਼ੇਸ਼ ਮੀਟਿੰਗ ਬੁਲਾਈ ਅਤੇ ਅੱਤਵਾਦ ਦੇ ਲੀਡਰਾਂ ਨੂੰ ਢੁਕਵਾਂ ਜਵਾਬ ਦੇਣ ਲਈ ਕਿਹਾ। ਅਸੀਂ ਫੌਜ ਨੂੰ ਖੁੱਲ੍ਹੀ ਛੁੱਟੀ ਦੇ ਦਿੱਤੀ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਸਾਨੂੰ ਫੌਜ ਦੀ ਸਮਰੱਥਾ ’ਤੇ ਪੂਰਾ ਵਿਸ਼ਵਾਸ ਸੀ। ਅੱਤਵਾਦੀਆਂ ਦੇ ਲੀਡਰਾਂ ਨੇ ਅੰਦਾਜ਼ਾ ਲਗਾ ਲਿਆ ਸੀ ਕਿ ਭਾਰਤ ਕਾਰਵਾਈ ਕਰੇਗਾ, ਜਿਸ ਤੋਂ ਬਾਅਦ ਪ੍ਰਮਾਣੂ ਹਮਲੇ ਦੀਆਂ ਧਮਕੀਆਂ ਦੇ ਬਿਆਨ ਆਉਣੇ ਸ਼ੁਰੂ ਹੋ ਗਏ ਸਨ। ਸਾਨੂੰ ਮਾਣ ਹੈ ਕਿ 6 ਅਤੇ 7 ਮਈ ਦੀ ਰਾਤ ਨੂੰ ਅਸੀ ਜਿਵੇਂ ਤੈਅ ਕੀਤਾ ਸੀ, ਉਸੇ ਤਰ੍ਹਾਂ ਅੱਤਵਾਦੀਆਂ ਨੂੰ ਜਵਾਬ ਦਿੱਤਾ। ਅਸੀਂ ਅਜਿਹਾ ਹਮਲਾ ਕੀਤਾ ਕਿ ਅੱਤਵਾਦ ਦੇ ਲੀਡਰਾਂ ਦੀ ਨੀਂਦ ਉੱਡ ਗਈ ਅਤੇ ਉਹ ਕੁਝ ਨਹੀਂ ਕਰ ਸਕੇ। ਅਸੀਂ 22 ਅਪ੍ਰੈਲ ਦਾ ਬਦਲਾ 22 ਮਿੰਟਾਂ ਵਿੱਚ ਲੈ ਲਿਆ। ਅਸੀਂ ਉਨ੍ਹਾਂ ਥਾਵਾਂ ’ਤੇ ਵੀ ਹਮਲਾ ਕੀਤਾ, ਜਿੱਥੇ ਅਸੀਂ ਪਹਿਲਾਂ ਕਦੇ ਨਹੀਂ ਗਏ ਸੀ। ਅਸੀਂ ਅੱਤਵਾਦੀ ਟਿਕਾਣਿਆਂ ਨੂੰ ਤਬਾਹ ਕਰਕੇ ਪਾਕਿਸਤਾਨ ਦੀਆਂ ਪ੍ਰਮਾਣੂ ਧਮਕੀਆਂ ਨੂੰ ਝੂਠਾ ਸਾਬਤ ਕਰ ਦਿੱਤਾ। ਪੀਐਮ ਮੋਦੀ ਨੇ ਕਿਹਾ ਕਿ ਅਸੀਂ ਜਿਸ ਤਰ੍ਹਾਂ ਕਾਰਵਾਈ ਕਰਨ ਦਾ ਫ਼ੈਸਲਾ ਕੀਤਾ ਸੀ, ਉਸੇ ਤਰ੍ਹਾਂ ਕੀਤੀ। ਇਹ ਤਕਨੀਕੀ ਯੁੱਧ ਦਾ ਯੁੱਗ ਹੈ।

## ‘ਕਿਉਂ ਅਸਫਲ ਹੋ ਰਹੀ ਖੁਫੀਆ ਪ੍ਰਣਾਲੀ, ਜੰਗਬੰਦੀ ਕਿਸ ਦੇ ਦਬਾਅ ਹੇਠ ਹੋਈ?’: ਅਖਿਲੇਸ਼ ਯਾਦਵ

ਨਵੀਂ ਦਿੱਲੀ 29 ਜੁਲਾਈ। ਸੰਸਦ ਵਿੱਚ ਅੱਜ ਵੀ ਆਪ੍ਰੇਸ਼ਨ ਸਿੰਦੂਰ ’ਤੇ ਬਹਿਸ ਜਾਰੀ ਹੈ। ਸੋਮਵਾਰ ਨੂੰ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਬਹਿਸ ਸ਼ੁਰੂ ਕੀਤੀ ਸੀ ਅਤੇ ਅੱਜ ਵੀ ਇਸ ਸਬੰਧ ਵਿਚ ਬਹਿਸ ਜਾਰੀ ਹੈ। ਲੋਕ ਸਭਾ ਵਿਚ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪਹਿਲਗਾਮ ਹਮਲੇ ’ਤੇ ਸਦਨ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਪਹਿਲਗਾਮ ਵਿੱਚ ਸੈਲਾਨੀਆਂ ਨੂੰ ਗੋਲੀਆਂ ਮਾਰ ਕੇ ਮਾਰਨ ਵਾਲੇ ਤਿੰਨੋਂ ਅੱਤਵਾਦੀ ਮਾਰੇ ਗਏ ਹਨ। ਇਸ ਤੋਂ ਬਾਅਦ ਸਮਾਜਵਾਦੀ ਪਾਰਟੀ ਦੇ ਪ੍ਰਧਾਨ ਅਖਿਲੇਸ਼ ਯਾਦਵ ਸੰਸਦ ’ਚ ਸੰਬੋਧਨ ਕਰ ਰਹੇ ਹਨ। ਗ੍ਰਹਿ ਮੰਤਰੀ ਦੇ 75 ਮਿੰਟ ਦੇ ਭਾਸ਼ਣ ਤੋਂ ਬਾਅਦ ਅਖਿਲੇਸ਼ ਨੇ ਕੇਂਦਰ ਸਰਕਾਰ ਨੂੰ ਘੇਰਿਆ। ਇਸ ਤੋਂ ਪਹਿਲਾਂ ਉਨ੍ਹਾਂ ਨੇ ਲੋਕ ਸਭਾ ’ਚ ਆਪ੍ਰੇਸ਼ਨ ਸਿੰਦੂਰ ’ਚ ਭਾਰਤੀ ਫੌਜ ਦੀ ਬਹਾਦਰੀ ਦੀ ਪ੍ਰਸ਼ੰਸਾ ਕੀਤੀ ਗਈ। ਉਨ੍ਹਾਂ ਕਿਹਾ ਕਿ ਸਾਨੂੰ ਆਪਣੀ ਫੌਜ ’ਤੇ ਮਾਣ ਹੈ। ਅੱਗੇ ਬੋਲੇ ਫੌਜ ਨੇ ਆਪ੍ਰੇਸ਼ਨ ਸ਼ੁਰੂ ਕੀਤਾ ਤਾਂ ਪਾਕਿਸਤਾਨ ’ਚ ਅੱਤਵਾਦੀ ਟਿਕਾਣਿਆਂ ’ਤੇ ਹਮਲਾ ਕੀਤਾ ਗਿਆ। ਨਾ ਸਿਰਫ਼ ਅੱਤਵਾਦੀ ਟਿਕਾਣਿਆਂ ਨੂੰ ਤਬਾਹ ਕਰ ਦਿੱਤਾ ਗਿਆ ਬਲਕਿ ਪਾਕਿਸਤਾਨੀ ਏਅਰਬੇਸ ਨੂੰ ਵੀ ਤਬਾਹ ਕਰ ਦਿੱਤਾ ਗਿਆ। ਉਸ ਸਮੇਂ ਦੌਰਾਨ ਮੀਡੀਆ ਚੈਨਲਾਂ ਨੂੰ ਦੇਖ ਕੇ ਅਜਿਹਾ ਲੱਗ ਰਿਹਾ ਸੀ ਕਿ ਕਰਾਚੀ ਸਾਡਾ ਬਣ ਗਿਆ ਹੈ ਅਤੇ ਲਾਹੌਰ ਸਾਡਾ ਬਣ ਗਿਆ ਹੈ। ਅਜਿਹਾ ਲੱਗ ਰਿਹਾ ਸੀ ਕਿ ਪੀਓਕੇ ਸਾਡਾ ਬਣ ਜਾਵੇਗਾ। ਹਾਲਾਂਕਿ ਮੈਨੂੰ ਸਰਕਾਰ ਦੇ ਇੰਜਣ ਟਕਰਾਉਂਦੇ ਦਿਖਾਈ ਦੇ ਰਹੇ ਹਨ ਪਰ ਪੀਓਕੇ ਦੇ ਮਾਮਲੇ ਵਿੱਚ ਸਾਰੇ ਇੰਜਣ ਇੱਕ ਜਾਪਦੇ ਹਨ। ਕੇਂਦਰ ਸਰਕਾਰ ਨੂੰ ਘੇਰਦੇ ਹੋਏ ਅਖਿਲੇਸ਼ ਬੋਲੇ ਕਿ ਜੰਗਬੰਦੀ ਦਾ ਐਲਾਨ ਕਰਨ ਦਾ ਕਾਰਨ ਕੀ ਸੀ, ਕਿਸ ਦਬਾਅ ਹੇਠ ਜੰਗਬੰਦੀ ਹੋਈ। ਸਰਕਾਰ ਜਨਤਕ ਭਾਵਨਾਵਾਂ ਦਾ ਫਾਇਦਾ ਉਠਾਉਂਦੀ ਹੈ। ਸਰਕਾਰ ਨੂੰ ਦੱਸਣਾ ਚਾਹੀਦਾ ਹੈ ਕਿ ਉਹ ਕੀ ਕਦਮ ਚੁੱਕ ਰਹੀ ਹੈ ਤਾਂ ਜੋ ਅਜਿਹੀ ਘਟਨਾ ਦੁਬਾਰਾ ਨਾ ਵਾਪਰੇ। ਪੁਲਵਾਮਾ ਵਿੱਚ ਵੀ ਖੁਫੀਆ ਅਸਫਲਤਾ ਦੀ ਗੱਲ ਹੋ ਰਹੀ ਸੀ, ਕੋਈ ਨਹੀਂ ਜਾਣਦਾ ਕਿ ਜ਼ਿੰਮੇਵਾਰ ਕੌਣ ਹੈ। ਖੁਫੀਆ ਪ੍ਰਣਾਲੀ ਕਿਉਂ ਅਸਫਲ ਹੋ ਰਹੀ ਹੈ? ਗ੍ਰਹਿ ਮੰਤਰੀ ਨੇ ਪਹਿਲਗਾਮ ਅੱਤਵਾਦੀ ਹਮਲੇ ਨੂੰ ਖੁਫੀਆ ਵਿਭਾਗ ਦੀ ਗਲਤੀ ਮੰਨਿਆ, ਪਰ ਸਰਕਾਰ ਨੂੰ ਦੱਸਣਾ ਚਾਹੀਦਾ ਹੈ ਕਿ ਇਹ ਗਲਤੀ ਕਿਉਂ ਹੋਈ? ਇਹ ਸਰਕਾਰ ਦੀ ਅਸਫਲਤਾ ਹੈ। ਸੰਸਦ ਮੈਂਬਰਾਂ ਨੇ ਵਾਰ-ਵਾਰ ਇਹ ਸਵਾਲ ਪੁੱਛਿਆ ਹੈ ਕਿ ਜੰਗਬੰਦੀ ਕਿਸ ਦੇ ਹੁਕਮਾਂ ’ਤੇ ਰੋਕੀ ਗਈ ਸੀ। ਇੱਕ ਪਾਸੇ ਆਜ਼ਾਦੀ ਦਾ ਢੋਲ ਵਜਾਇਆ ਜਾ ਰਿਹਾ ਹੈ ਅਤੇ ਦੂਜੇ ਪਾਸੇ ਸਾਡੀ ਪ੍ਰਭੂਸੱਤਾ ’ਤੇ ਹਮਲਾ ਕੀਤਾ ਜਾ ਰਿਹਾ ਹੈ।

## ਬਿਹਾਰ ਦੀ ਡਰਾਫਟ ਵੋਟਰ ਸੂਚੀ ਅੰਤਿਮ ਵੋਟਰ ਸੂਚੀ ਨਹੀਂ : ਚੋਣ ਕਮਿਸ਼ਨ

ਕੌਮੀ ਪਤ੍ਰਿਕਾ

ਨਵੀਂ ਦਿੱਲੀ 29 ਜੁਲਾਈ। ਚੋਣ ਕਮਿਸ਼ਨ ਨੇ ਉਨ੍ਹਾਂ ਲੋਕਾਂ ’ਤੇ ਨਿਸ਼ਾਨਾ ਵਿੰਨ੍ਹ?ਆ, ਜੋ ਇਹ ਧਾਰਨਾ ਫੈਲਾ ਰਹੇ ਸਨ ਕਿ ਬਿਹਾਰ ’ਚ ਪ੍ਰਕਾਸ਼ਿਤ ਹੋਣ ਵਾਲੀ ਡ?ਰਾਫਟ ਵੋਟਰ ਸੂਚੀ ਅੰਤਿਮ ਵੋਟਰ ਸੂਚੀ ਹੋਵੇਗੀ। ਕਮਿਸ਼ਨ ਨੇ ਕਿਹਾ ਕਿ ਉਸ ਨੂੰ ਇਹ ‘ਸਮਝ ਨਹੀਂ ਆ ਰਹੀ’ ਕਿ ਜਦੋਂ ਨਾਂ ਨੂੰ ਗ਼ਲਤ ਤਰੀਕ ਨਾਲ ਸ਼ਾਮਲ ਕੀਤੇ ਜਾਣ ਜਾਂ ਗਸਤ ਤਰੀਕੇ ਨਾਲ ਬਾਹਰ ਕੱਢਣ ਵੱਲ ਇਸ਼ਾਰਾ ਕਰਨ ਲਈ 1 ਅਗਸਤ ਤੋਂ 1 ਸਤੰਬਰ ਤੱਕ ਪੂਰਾ ਇਕ ਮਹੀਨੇ ਦਾ ਸਮਾਂ ਉਪਲੱਬਧ ਹੈ, ਤਾਂ ਉਹ ਇੰਨਾ ਹੰਗਾਮਾ ਕਿਉਂ ਕਰ ਰਹੇ ਹਨ? ਚੋਣ ਕਮਿਸ਼ਨ ਨੇ ਕਿਹਾ ਕਿ ਡ?ਰਾਫਟ ਵੋਟਰ ਸੂਚੀ ਅੰਤਿਮ ਵੋਟਰ ਸੂਚੀ ਨਹੀਂ ਹੈ। ਚੋਣ ਕਮਿਸ਼ਨ ਦਾ ਇਹ ਬਿਆਨ ਬਿਹਾਰ ’ਚ ਵੋਟਰ ਸੂਚੀ ਦੇ ਵਿਸ਼ੇਸ਼ ਡੂੰਘਾਈ ਨਾਲ ਪੜਤਾਲ (ਐੱਸ. ਆਈ. ਆਰ.) ਦੇ ਇਕ ਮਹੀਨੇ ਲੰਮੇ ਪਹਿਲੇ ਪੜਾਅ ਦੀ ਸਮਾਪਤੀ ’ਤੇ ਆਇਆ ਹੈ, ਜਿਸ ’ਚ ਘਰ-ਘਰ ਜਾ ਕੇ ਸਰਵੇਖਣ ਕਰ ਕੇ ਵੋਟਰਾਂ ਨੂੰ ਅਧੂਰੇ ਭਰੇ ਗਿਣਤੀ ਫਾਰਮ ਵੰਡੇ ਗਏ ਸਨ, ਜਿਨ੍ਹਾਂ ਨੂੰ ਭਰਨ ਤੋਂ ਬਾਅਦ ਵਾਪਸ ਕੀਤਾ ਜਾਣਾ ਸੀ। ਚੋਣ ਕਮਿਸ਼ਨ ਨੇ ਕਿਹਾ ਕਿ 7.24 ਕਰੋੜ ਵੋਟਰਾਂ ਦੇ ਗਿਣਤੀ ਫਾਰਮ ਪ੍ਰਾਪਤ ਹੋ ਚੁੱਕੇ ਹਨ। ਉਸ ਨੇ ਕਿਹਾ ਕਿ 36 ਲੱਖ ਲੋਕ ਜਾਂ ਤਾਂ ਸਥਾਈ ਤੌਰ ’ਤੇ ਕਿਤੇ ਹੋਰ ਚਲੇ ਗਏ ਹਨ ਜਾਂ ਫਿਰ ਦਿੱਤੇ ਗਏ ਪਤੇ ’ਤੇ ਮਿਲੇ ਹੀ ਨਹੀਂ, ਜਦੋਂ ਕਿ 7 ਲੱਖ ਵੋਟਰ ਕਈ ਥਾਵਾਂ ’ਤੇ ਰਜਿਸਟਰਡ ਪਾਏ ਗਏ ਹਨ। ਕਮਿਸ਼ਨ ਨੇ ਵਿਅੰਗ ਕਸਦਿਆਂ ਕਿਹਾ, “ਆਪਣੇ 1.6 ਲੱਖ ਬੂਥ-ਪੱਧਰ ਦੇ ਏਜੰਟਾਂ ਨੂੰ 1 ਅਗਸਤ ਤੋਂ 1 ਸਤੰਬਰ ਤੱਕ ਦਾਅਵੇ ਅਤੇ ਇਤਰਾਜ਼ ਜਮ?ਹਾ ਕਰਨ ਲਈ ਕਿਉਂ ਨਹੀਂ ਕਹਿੰਦੇ ਹਨ।” ਉਧਰ, ਐੱਸ. ਆਈ. ਆਰ. ਦੇ ਚੋਣ ਕਮਿਸ਼ਨ ਦੇ ਫੈਸਲੇ ਨੂੰ ਚੁਣੌਤੀ ਦੇਣ ਵਾਲੀਆਂ ਪਟੀਸ਼ਨਾਂ ’ਤੇ ਸੁਪਰੀਮ ਕੋਰਟ ਸੋਮਵਾਰ ਨੂੰ ਸੁਣਵਾਈ ਕਰੇਗੀ। ਬਿਹਾਰ ’ਚ ਇਸ ਸਾਲ ਦੇ ਅੰਤ ’ਚ ਵਿਧਾਨ ਸਭਾ ਚੋਣਾਂ ਹੋਣੀਆਂ ਹਨ।

## ਰੇਖਾ ਗੁਪਤਾ ਨੇ ਦਿੱਲੀ ਨੂੰ ਕੂੜਾ ਮੁਕਤ ਕਰਨ ਲਈ ਮਹੀਨਾ ਭਰ ਚੱਲਣ ਵਾਲੀ ਮੁਹਿੰਮ ਦੀ ਸ਼ੁਰੂਆਤ ਕੀਤੀ

ਕੌਮੀ ਪਤ੍ਰਿਕਾ

ਨਵੀਂ ਦਿੱਲੀ, 29 ਜੁਲਾਈ: ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੇ ਕੱਲ੍ਹ ਰਾਸ਼ਟਰੀ ਰਾਜਧਾਨੀ ਨੂੰ ਸਾਫ਼, ਹਰਿਆਲੀ ਅਤੇ ਕੂੜਾ ਮੁਕਤ ਬਣਾਉਣ ਦੇ ਉਦੇਸ਼ ਨਾਲ ’ਦਿੱਲੀ ਨੂੰ ਕਦਮ ਸੇ ਆਜ਼ਾਦੀ - ਸਵੱਛਤਾ ਅਭਿਆਨ’ ਨਾਮਕ ਇੱਕ ਮਹੱਤਵਾਕਾਂਖੀ ਸਫਾਈ ਮੁਹਿੰਮ ਦੀ ਸ਼ੁਰੂਆਤ ਕੀਤੀ। ਇਹ ਮੁਹਿੰਮ 1 ਤੋਂ 31 ਅਗਸਤ 2025 ਤੱਕ ਚੱਲੇਗੀ, ਜਿਸ ਵਿੱਚ ਵੱਖ-ਵੱਖ ਏਜੰਸੀਆਂ ਅਤੇ ਦਿੱਲੀ ਦੇ ਨਾਗਰਿਕ ਸਫਾਈ ਦੇ ਸਾਂਝੇ ਉਦੇਸ਼ ਤਹਿਤ ਇਕੱਠੇ ਕੰਮ ਕਰਨਗੇ। ਇਸ ਸਮਾਗਮ ਦਾ ਉਦਘਾਟਨੀ ਸਮਾਰੋਹ ਡਾ. ਐਸ.ਪੀ.ਐਮ. ਕੇਦਾਰ ਨਾਥ ਸਾਹਨੀ ਆਡੀਟੋਰੀਅਮ, ਸਿਵਿਕ ਸੈਂਟਰ ਵਿਖੇ ਹੋਇਆ, ਜਿਸ ਵਿੱਚ ਲੋਕ ਨਿਰਮਾਣ ਮੰਤਰੀ ਪਰਵੇਸ਼ ਸਾਹਿਬ ਸਿੰਘ, ਸ਼ਹਿਰੀ ਵਿਕਾਸ ਮੰਤਰੀ ਆਸ਼ੀਸ਼ ਸੂਦ, ਵਾਤਾਵਰਣ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ, ਸੱਭਿਆਚਾਰ ਮੰਤਰੀ ਕਪਿਲ ਮਿਸ਼ਰਾ, ਦਿੱਲੀ ਦੇ ਮੇਅਰ ਰਾਜਾ ਇਕਬਾਲ ਸਿੰਘ, ਡਿਪਟੀ ਮੇਅਰ ਜੈ ਭਗਵਾਨ ਯਾਦਵ, ਸਥਾਈ ਕਮੇਟੀ ਦੀ ਚੇਅਰਪਰਸਨ ਸ਼੍ਰੀਮਤੀ ਸੱਤਿਆ ਸ਼ਰਮਾ, ਸਦਨ ਦੇ ਨੇਤਾ ਸ਼੍ਰੀ ਪਰਵੇਸ਼ ਵਾਹੀ, ਸਥਾਈ ਕਮੇਟੀ ਦੇ ਡਿਪਟੀ ਚੇਅਰਮੈਨ ਸੁੰਦਰ ਸਿੰਘ, ਐਨ.ਡੀ.ਐਮ.ਸੀ. ਦੇ ਵਾਈਸ ਚੇਅਰਮੈਨ ਕੁਲਜੀਤ ਸਿੰਘ ਚਾਹਲ ਸਮੇਤ ਕਈ ਪ੍ਰਮੁੱਖ ਹਸਤੀਆਂ ਨੇ ਸ਼ਿਰਕਤ ਕੀਤੀ। ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਰੇਖਾ ਗੁਪਤਾ ਨੇ ਕਿਹਾ ਕਿ ਅਸੀਂ ਦਿੱਲੀ ਦੇ ਇਤਿਹਾਸ ਵਿੱਚ ਇੱਕ ਸੁਨਹਿਰੀ ਅਧਿਆਇ ਲਿਖ ਰਹੇ ਹਾਂ। ਪਹਿਲੀ ਵਾਰ, ਐਮਸੀਡੀ, ਪੀਡਬਲਯੂਡੀ, ਦਿੱਲੀ ਪੁਲਿਸ ਅਤੇ ਹੋਰ ਏਜੰਸੀਆਂ ਪੂਰੀ ਤਰ੍ਹਾਂ ਤਾਲਮੇਲ ਨਾਲ ਇਕੱਠੇ ਕੰਮ ਕਰ ਰਹੀਆਂ ਹਨ। ਹਰ ਨਾਗਰਿਕ ਨੂੰ ਇਸ ਮੁਹਿੰਮ ਦੀ ਜ਼ਿੰਮੇਵਾਰੀ ਲੈਣੀ ਚਾਹੀਦੀ ਹੈ। ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਮੁਹਿੰਮ ਦੇ ਪਹਿਲੇ ਦੋ ਦਿਨ ਸਕੂਲਾਂ, ਹਸਪਤਾਲਾਂ ਅਤੇ ਦਫਤਰਾਂ ਵਿੱਚ ਲੰਬਿਤ ਕੰਮਾਂ ਨੂੰ ਸਾਫ਼ ਕਰਨ ’ਤੇ ਕੇਂਦ੍ਰਿਤ ਹੋਣਗੇ। ਹਰ ਸ਼ਨੀਵਾਰ ਅਤੇ ਐਤਵਾਰ ਨੂੰ, ਅਣਅਧਿਕਾਰਤ ਕਲੋਨੀਆਂ ਅਤੇ ਜੇਜੇ ਕਲੱਸਟਰਾਂ ’ਤੇ ਧਿਆਨ ਕੇਂਦਰਿਤ ਕੀਤਾ ਜਾਵੇਗਾ। 14, 21 ਅਤੇ 28 ਅਗਸਤ ਨੂੰ ਯਮੁਨਾ ਘਾਟਾਂ ’ਤੇ ਵਿਸ਼ੇਸ਼ ਸਫਾਈ ਮੁਹਿੰਮਾਂ ਦੀ ਯੋਜਨਾ ਬਣਾਈ ਗਈ ਹੈ, ਜਦੋਂ ਕਿ ਰਿੰਗ ਰੋਡ ਦੀ ਸਫਾਈ 29 ਅਤੇ 31 ਅਗਸਤ ਨੂੰ ਕੀਤੀ ਜਾਵੇਗੀ। ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਇਸ ਮੁਹਿੰਮ ਲਈ ਐਮ.ਸੀ.ਡੀ. ਨੂੰ 5 ਕਰੋੜ ਰੁਪਏ ਅਲਾਟ ਕੀਤੇ ਗਏ ਹਨ। ਭਾਈਚਾਰਕ ਭਾਗੀਦਾਰੀ ਨੂੰ ਉਤਸ਼ਾਹਿਤ ਕਰਨ ਲਈ, ਉਨ੍ਹਾਂ ਨੇ ਕਈ ਪ੍ਰੋਤਸਾਹਨਾਂ ਦਾ ਐਲਾਨ ਵੀ ਕੀਤਾ ਜਿਸ ਵਿੱਚ ਸਭ ਤੋਂ ਵਧੀਆ ਪ੍ਰਦਰਸ਼ਨ ਕਰਨ ਵਾਲੀ ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨ (ਆਰ.ਡਬਲਯੂ.ਏ.) ਨੂੰ 25 ਲੱਖ ਰੁਪਏ,



ਦੂਜੇ ਅਤੇ ਤੀਜੇ ਸਥਾਨ ’ਤੇ ਰਹਿਣ ਵਾਲੇ ਨੂੰ 15 ਲੱਖ ਰੁਪਏ ਅਤੇ 10 ਲੱਖ ਰੁਪਏ ਸ਼ਾਮਲ ਹਨ। ਇਸ ਦ੍ਰਿਸ਼ਟੀਕੋਣ ਨੂੰ ਅੱਗੇ ਵਧਾਉਂਦੇ ਹੋਏ, ਸ਼ਹਿਰੀ ਵਿਕਾਸ ਮੰਤਰੀ ਆਸ਼ੀਸ਼ ਸੂਦ ਨੇ ਜ਼ੋਰ ਦੇ ਕੇ ਕਿਹਾ ਕਿ ਸਫਾਈ ਸਿਰਫ਼ ਵੀਆਈਪੀ ਜ਼ੋਨਾਂ ਤੱਕ ਸੀਮਤ ਨਹੀਂ ਹੋਣੀ ਚਾਹੀਦੀ। ਉਨ੍ਹਾਂ ਕਿਹਾ ਕਿ ਦਿੱਲੀ ਦੀ ਅਸਲ ਆਤਮਾ ਜੇਜੇ ਕਲੱਸਟਰਾਂ ਅਤੇ ਅਣਅਧਿਕਾਰਤ ਕਲੋਨੀਆਂ ਵਿੱਚ ਰਹਿੰਦੀ ਹੈ। ਦਹਾਕਿਆਂ ਤੋਂ, ਇਹ ਖੇਤਰ ਸਫਾਈ ਅਤੇ ਮਾਣ-ਸਨਮਾਨ ਤੋਂ ਵਾਂਝੇ ਸਨ - ਜਿਵੇਂ ਕਿ ਇਹ ਅਮੀਰਾਂ ਦਾ ਵਿਸ਼ੇਸ਼ ਅਧਿਕਾਰ ਹੋਵੇ। ਇਹ ਮੁਹਿੰਮ ਇਸ ਬਿਰਤਾਂਤ ਨੂੰ ਬਦਲ ਦੇਵੇਗੀ। ਆਸ਼ੀਸ਼ ਸੂਦ ਨੇ ਕਿਹਾ ਕਿ ਸਾਰੀਆਂ ਪ੍ਰਮੁੱਖ ਏਜੰਸੀਆਂ - ਐਮਸੀਡੀ, ਪੀਡਬਲਯੂਡੀ, ਐਨਡੀਐਮਸੀ, ਦਿੱਲੀ ਪੁਲਿਸ ਅਤੇ ਹੋਰਾਂ - ਦੇ ਸੰਪੂਰਨ ਤਾਲਮੇਲ ਵਿੱਚ ਕੰਮ ਕਰਦੇ ਹੋਏ, ਦਿੱਲੀ ਸਰਕਾਰ ਨੇ ਹਰੇਕ ਨਾਗਰਿਕ, ਸੰਗਠਨ ਅਤੇ ਭਾਈਚਾਰਕ ਸਮੂਹ ਨੂੰ ਸਰਗਰਮੀ ਨਾਲ ਹਿੱਸਾ ਲੈਣ ਅਤੇ ਦਿੱਲੀ ਨੂੰ ਸਫਾਈ ਦੇ ਮਾਮਲੇ ਵਿੱਚ ਇੱਕ ਮਾਡਲ ਸ਼ਹਿਰ ਬਣਾਉਣ ਦਾ ਸੱਦਾ ਦਿੱਤਾ ਹੈ। ਦਿੱਲੀ ਦੇ ਮੇਅਰ ਰਾਜਾ ਇਕਬਾਲ ਸਿੰਘ ਨੇ ਕਿਹਾ ਕਿ ਇਹ ਮੁਹਿੰਮ ਸਿਰਫ਼ ਇੱਕ ਸਫਾਈ ਮੁਹਿੰਮ ਨਹੀਂ ਹੈ; ਇਹ ਦਿੱਲੀ ਨੂੰ ਇੱਕ ਸੁੰਦਰ, ਸਿਹਤਮੰਦ ਅਤੇ ਸਨਮਾਨਜਨਕ ਰਾਜਧਾਨੀ ਵਜੋਂ ਸਥਾਪਤ ਕਰਨ ਦਾ ਇੱਕ ਸਮੂਹਿਕ ਯਤਨ ਹੈ। ਮਾਨਯੋਗ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਦ੍ਰਿਸ਼ਟੀਕੋਣ ਤੋਂ ਪ੍ਰੇਰਿਤ ਹੋ ਕੇ, ਅਸੀਂ ਮੁੱਖ ਮੰਤਰੀ ਰੇਖਾ ਗੁਪਤਾ ਦੀ ਅਗਵਾਈ ਹੇਠ ਮਹਾਤਮਾ ਗਾਂਧੀ ਦੇ ਸਵੱਛ ਭਾਰਤ ਦੇ ਸੁਪਨੇ ਨੂੰ ਅੱਗੇ ਵਧਾ ਰਹੇ ਹਾਂ।

## 10 ਮਿੰਟ ਦੀ ਬਾਰਿਸ਼ ਨਾਲ ਦਿੱਲੀ ਬੇਹਾਲ ! ਕੇਜਰੀਵਾਲ

ਕੌਮੀ ਪਤ੍ਰਿਕਾ
ਨਵਦੀਪ ਸਿੰਘ ਸਾਹਨੀ

ਨਵੀਂ ਦਿੱਲੀ 29 ਜੁਲਾਈ। ਰਾਸ਼ਟਰੀ ਰਾਜਧਾਨੀ ਦਿੱਲੀ ਵਿੱਚ ਮੰਗਲਵਾਰ ਨੂੰ ਸਿਰਫ਼ 10 ਮਿੰਟ ਦੀ ਬਾਰਿਸ਼ ਨੇ ਪ੍ਰਸ਼ਾਸਨਿਕ ਤਿਆਰੀਆਂ ਦੀ ਪੋਲ ਖੋਲ੍ਹ ਦਿੱਤੀ। ਰਾਜਧਾਨੀ ਦਾ ਸਭ ਤੋਂ ਵੀਆਈਪੀ ਅਤੇ ਸਭ ਤੋਂ ਮਹਿੰਗਾ ਇਲਾਕਾ ਮੰਨਿਆ ਜਾਣ ਵਾਲਾ ਕਨਾਟ ਪਲੇਸ ਡੁੱਬ ਗਿਆ। ਸੜਕਾਂ ਤਲਾਅ ਬਣ ਗਈਆਂ, ਆਵਾਜਾਈ ਵਿਵਸਥਾ ਠੱਪ ਹੋ ਗਈ ਅਤੇ ਆਮ ਲੋਕਾਂ ਨੂੰ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਇਸ ’ਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਭਾਰਤੀ ਜਨਤਾ ਪਾਰਟੀ ’ਤੇ ਤਿੱਖਾ ਹਮਲਾ ਕੀਤਾ। ਉਨ੍ਹਾਂ ਇੰਸਟਾਗ੍ਰਾਮ ’ਤੇ ਪੋਸਟ ਕਰਦਿਆਂ ਕਿਹਾ ਕਿ ਜਦੋਂ ਦਿੱਲੀ ਦੇ ਦਿਲ ਕਨਾਟ ਪਲੇਸ ਦੀ ਇਹ ਹਾਲਤ ਹੈ, ਤਾਂ ਬਾਕੀ ਦਿੱਲੀ ਦੀ ਹਾਲਤ ਦਾ ਅੰਦਾਜ਼ਾ ਲਗਾਉਣਾ ਔਖਾ ਨਹੀਂ ਹੈ। ਸਿਰਫ਼ 10 ਮਿੰਟ ਦੀ ਬਾਰਿਸ਼ ਵਿੱਚ ਸੜਕਾਂ ਤਲਾਅ ਬਣ ਗਈਆਂ ਹਨ। ਭਾਜਪਾ 5 ਮਹੀਨਿਆਂ ਵਿੱਚ ਦਿੱਲੀ ਨੂੰ ਕਿੱਥੇ ਲੈ ਆਈ ਹੈ? ਕੀ ਇਹ ’4 ਇੰਜਣ’ ਸਰਕਾਰ ਦੀ ਗਤੀ ਹੈ? ਕੇਜਰੀਵਾਲ ਦਾ ਇਹ ਬਿਆਨ ਮੁੱਖ ਮੰਤਰੀ ਰੇਖਾ ਗੁਪਤਾ, ਭਾਜਪਾ ਸ਼ਾਸਿਤ ਨਗਰ ਨਿਗਮ ਅਤੇ ਉਪ ਰਾਜਪਾਲ ’ਤੇ ਸਿੱਧਾ ਹਮਲਾ ਸੀ। ਉਨ੍ਹਾਂ ਕਿਹਾ ਕਿ ਜਦੋਂ ਪੂਰਾ ਸਿਸਟਮ ਇੱਕ ਪਾਰਟੀ ਦੇ ਹੱਥਾਂ ਵਿੱਚ ਹੈ, ਤਾਂ ਜ਼ਿੰਮੇਵਾਰੀ ਤੈਅ ਕਰਨ ਵਿੱਚ ਦੇਰੀ ਕਿਉਂ? ਜਦੋਂ ਰਾਜਧਾਨੀ ਦਾ ਸਭ ਤੋਂ ਹਾਈ-ਪ੍ਰੋਫਾਈਲ ਇਲਾਕਾ ਹੜ੍ਹਾਂ ਨਾਲ ਭਰਿਆ ਹੁੰਦਾ ਹੈ, ਤਾਂ ਇਹ ਕਲਪਨਾ ਕਰਨਾ ਡਰਾਉਣਾ ਹੈ ਕਿ ਆਮ ਕਲੋਨੀਆਂ, ਪਿੰਡਾਂ ਅਤੇ ਝੁੱਗੀਆਂ-ਝੌਂਪੜੀਆਂ ਦੀ ਹਾਲਤ ਕਿੰਨੀ ਤਰਸਯੋਗ ਹੋਵੇਗੀ। ਆਮ ਆਦਮੀ ਪਾਰਟੀ ਨੇ ਰੇਖਾ ਗੁਪਤਾ ਸਰਕਾਰ ਨੂੰ ਸਿਰਫ਼ ਇਵੈਂਟ ਮੈਨੇਜਮੈਂਟ ਅਤੇ ਫੋਟੋਸ਼ੂਟ ਦੀ ਸਰਕਾਰ ਕਰਾਰ ਦਿੱਤਾ ਅਤੇ ਕਿਹਾ ਕਿ 5 ਮਹੀਨਿਆਂ ਵਿੱਚ ਜ਼ਮੀਨ ’ਤੇ ਇੱਕ ਵੀ ਠੋਸ ਕੰਮ ਦਿਖਾਈ ਨਹੀਂ ਦੇ ਰਿਹਾ। ਜਨਤਾ ਨੂੰ ਉਮੀਦ ਸੀ ਕਿ ਨਵਾਂ ਚਿਹਰਾ ਬਦਲਾਅ ਲਿਆਵੇਗਾ, ਪਰ




ਨਤੀਜਾ ਇਹ ਨਿਕਲਿਆ ਕਿ ਦਿੱਲੀ ਨੂੰ ਪੁਰਾਣੇ ਰਸਤੇ ’ਤੇ ਛੱਡ ਦਿੱਤਾ ਗਿਆ ਹੈ, ਜਿੱਥੇ ਨਾਲੀਆਂ ਦੀ ਸਫਾਈ ਨਹੀਂ ਕੀਤੀ ਗਈ, ਜਿੱਥੇ ਪਾਣੀ ਦੀ ਨਿਕਾਸੀ ਲਈ ਕੋਈ ਤਿਆਰੀ ਨਹੀਂ ਕੀਤੀ ਗਈ, ਅਤੇ ਜਿੱਥੇ ਜਨਤਾ ਪ੍ਰੇਸ਼ਾਨੀ ਵਿੱਚ ਹੈ ਪਰ ਭਾਜਪਾ ਸਰਕਾਰ ਚੁੱਪ ਹੈ। ਹੁਣ ਸੋਸ਼ਲ ਮੀਡੀਆ ’ਤੇ ਲੋਕ ਇਹ ਵੀ ਮੰਨਦੇ ਹਨ ਕਿ ਅਰਵਿੰਦ ਕੇਜਰੀਵਾਲ ਦਾ ਇਹ ਟਵੀਟ ਨਾ ਸਿਰਫ਼ ਇੱਕ ਤੌਹਫਾ ਹੈ, ਸਗੋਂ ਜਨਤਾ ਨੂੰ ਯਾਦ ਦਿਵਾਉਣ ਦੀ ਕੋਸ਼ਿਸ਼ ਵੀ ਹੈ ਕਿ ਜਦੋਂ ਆਮ ਆਦਮੀ ਪਾਰਟੀ ਸੱਤਾ ’ਚ ਸੀ, ਤਾਂ ਮਾਨਸੂਨ ਤੋਂ ਪਹਿਲਾਂ ਦਿੱਲੀ ਵਿੱਚ ਵਿਆਪਕ ਨਾਲੀਆਂ ਦੀ ਸਫਾਈ ਅਤੇ ਪਾਣੀ ਭਰਨ ਦੇ ਪ੍ਰਬੰਧ ਕੀਤੇ ਗਏ ਸਨ, ਜਿਸਦਾ ਜ਼ਮੀਨੀ ਪੱਧਰ ’ਤੇ ਪ੍ਰਭਾਵ ਪਿਆ ਸੀ। ਦਿੱਲੀ ਦੇ ਲੋਕ ਇਹ ਵੀ ਜਾਣਨਾ ਚਾਹੁੰਦੇ ਹਨ ਕਿ ਕੀ ਇਹ ਭਾਜਪਾ ਦਾ ਚਾਰ ਇੰਜਣ ਮਾਡਲ ਹੈ, ਜਿੱਥੇ ਚਾਰੇ ਇੰਜਣ ਇੱਕੋ ਦਿਸ਼ਾ ਵਿੱਚ ਕੰਮ ਨਹੀਂ ਕਰ ਰਹੇ ਹਨ, ਸਗੋਂ ਵੱਖ-ਵੱਖ ਬਹਾਨਿਆਂ ਵਿੱਚ ਉਲਝੇ ਹੋਏ ਹਨ? ਅਤੇ ਜਨਤਾ ਨੂੰ ਗੁੰਮਰਾਹ ਕਰ ਰਹੇ ਹਨ? ਬਾਰਸ਼ ਹੁਣੇ ਸ਼ੁਰੂ ਹੋਈ ਹੈ। ਅਸਲ ਪ੍ਰੀਖਿਆ ਅਜੇ ਆਉਣੀ ਬਾਕੀ ਹੈ।

## ਜੇਕਰ ਭਾਰਤੀ ਫੌਜ ਕੋਲ ਜ਼ਿਆਦਾ ਸਮਾਂ ਹੁੰਦਾ, ਤਾਂ ਉਹ ਪੀਓਕੇ ’ਤੇ ਕਬਜ਼ਾ ਕਰ ਲੈਂਦੀ: ਅਖਿਲੇਸ਼ ਯਾਦਵ

ਨਵੀਂ ਦਿੱਲੀ 29 ਜੁਲਾਈ। ਸਮਾਜਵਾਦੀ ਪਾਰਟੀ (ਸਪਾ) ਦੇ ਮੁਖੀ ਅਖਿਲੇਸ਼ ਯਾਦਵ ਨੇ ਆਪ੍ਰੇਸ਼ਨ ਸਿੰਦੂਰ ਦੌਰਾਨ ਭਾਰਤੀ ਸੈਨਿਕਾਂ ਦੀ ਬਹਾਦਰੀ ਲਈ ਵਧਾਈ ਦਿੱਤੀ ਅਤੇ ਕਿਹਾ ਕਿ ਜੇਕਰ ਉਨ੍ਹਾਂ ਕੋਲ ਹੋਰ ਸਮਾਂ ਹੁੰਦਾ, ਤਾਂ ਉਹ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ (ਪੀਓਕੇ) ’ਤੇ ਵੀ ਕਬਜ਼ਾ ਕਰ ਲੈਂਦੇ। ਸੰਸਦ ਕੰਪਲੈਕਸ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਸਰਕਾਰ ਵੋਟਾਂ ਹਾਸਲ ਕਰਨ ਲਈ ਪਾਕਿਸਤਾਨ ਬਾਰੇ ਗੱਲ ਕਰਦੀ ਹੈ ਪਰ ਅਸਲ ਖ਼ਤਰਾ ਚੀਨ ਹੈ। ਯਾਦਵ ਨੇ ਕਿਹਾ, ਆਪ੍ਰੇਸ਼ਨ ਸਿੰਦੂਰ ਦੌਰਾਨ ਬਹਾਦਰੀ ਦਿਖਾਉਣ ਅਤੇ ਸਥਿਤੀ ਨੂੰ ਸੰਭਾਲਣ ਲਈ ਅਸੀਂ ਫੌਜ ਨੂੰ ਵਧਾਈ ਦਿੰਦੇ ਹਾਂ। ਜੇਕਰ ਉਨ੍ਹਾਂ ਨੂੰ ਹੋਰ ਸਮਾਂ ਮਿਲਦਾ, ਤਾਂ ਉਹ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ’ਤੇ ਵੀ ਕਬਜ਼ਾ ਕਰ ਲੈਂਦੇ। ਸਪਾ ਮੁਖੀ ਨੇ ਸਵਾਲ ਕੀਤਾ ਕਿ ਪਹਿਲਗਾਮ ਹਮਲੇ ਲਈ ਜ਼ਿੰਮੇਵਾਰ ਅੱਤਵਾਦੀ ਅਜੇ ਵੀ ਫ਼ਰਾਰ ਕਿਉਂ ਹਨ। ਉਨ੍ਹਾਂ ਪੁੱਛਿਆ, ਅੱਤਵਾਦੀ ਕਿੱਥੇ ਗਾਇਬ ਹੋ ਗਏ? ਚੀਨ ਨੂੰ ਪਾਕਿਸਤਾਨ ਨਾਲੋਂ ਵੱਡਾ ਖ਼ਤਰਾ ਦੱਸਦੇ ਹੋਏ ਉਨ੍ਹਾਂ ਕੇਂਦਰ ਸਰਕਾਰ ਨੂੰ ਚੀਨ ਤੋਂ ਆਯਾਤ ਕੀਤੇ ਜਾਣ ਵਾਲੇ ਸਮਾਨ ’ਤੇ ਪਾਬੰਦੀ ਲਗਾਉਣ ਲਈ ਨੀਤੀ ਬਣਾਉਣ ਦੀ ਅਪੀਲ ਕੀਤੀ। ਯਾਦਵ ਨੇ ਕਿਹਾ, ਸਰਕਾਰ ਨੂੰ ਚੀਨ ਤੋਂ ਦਰਾਮਦ ’ਤੇ 10 ਸਾਲਾਂ ਲਈ



ਪਾਬੰਦੀ ਲਗਾਉਣ ਦਾ ਫ਼ੈਸਲਾ ਕਰਨਾ ਚਾਹੀਦਾ ਹੈ। ਉਨ੍ਹਾਂ ਨੂੰ ਸਵਦੇਸ਼ੀ ਅਪਣਾਉਣ ਦੀ ਯੋਜਨਾ ਬਣਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ, ਉਹ (ਕੇਂਦਰ ਸਰਕਾਰ) ਪਾਕਿਸਤਾਨ ਬਾਰੇ ਗੱਲ ਕਰਦੇ ਹਨ, ਕਿਉਂਕਿ ਉਨ੍ਹਾਂ ਨੂੰ ਵੋਟਾਂ ਦੀ ਲੋੜ ਹੁੰਦੀ ਹੈ ਪਰ ਅਸਲ ਖ਼ਤਰਾ ਚੀਨ ਤੋਂ ਹੈ।

## ‘ਜੇ ਲੋਕਾਂ ਨੂੰ ਪਰੇਸ਼ਾਨ ਕੀਤਾ ਤਾਂ ਨਹੀਂ ਦਿੱਤੀ ਜਾਵੇਗੀ ਮਨਜ਼ੂਰੀ’: ਮੁੱਖ ਮੰਤਰੀ ਮਮਤਾ

ਨੈਸ਼ਨਲ ਡੈਸਕ 29 ਜੁਲਾਈ। ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤਾ ਕਿ ਵੋਟਰ ਸੂਚੀ ਦੀ ਸੋਧ ਦੌਰਾਨ ਕਿਸੇ ਨੂੰ ਵੀ ਬੇਲੋੜਾ ਪਰੇਸ਼ਾਨ ਨਾ ਕੀਤਾ ਜਾਵੇ। ਬੀਰਭੂਮ ਜ਼ਿਲ੍ਹੇ ਦੇ ਬੋਲਪੁਰ ’ਚ ਆਯੋਜਿਤ ਇੱਕ ਪ੍ਰਸ਼ਾਸਕੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਉਨ੍ਹਾਂ ਨੇ ਭਾਰਤੀ ਜਨਤਾ ਪਾਰਟੀ (ਭਾਜਪਾ) ’ਤੇ ਨਾ ਸਿਰਫ਼ ਧਾਰਮਿਕ ਘੱਟ ਗਿਣਤੀਆਂ, ਸਗੋਂ ਗਰੀਬਾਂ ਅਤੇ ਹੋਰ ਪਛੜੇ ਵਰਗਾਂ (OBCs) ਨੂੰ ਵੀ ਨਿਸ਼ਾਨਾ ਬਣਾਉਣ ਦਾ ਦੋਸ਼ ਲਗਾਇਆ। ਬੈਨਰਜੀ ਨੇ ਇਹ ਵੀ ਐਲਾਨ ਕੀਤਾ ਕਿ ਦੂਜੇ ਰਾਜਾਂ ਤੋਂ ਵਾਪਸ ਆਏ ਪ੍ਰੇਸ਼ਾਨ ਕੀਤੇ ਗਏ ਬੰਗਾਲੀ ਪ੍ਰਵਾਸੀਆਂ ਦੀ ਸਹਾਇਤਾ ਲਈ ਇੱਕ ਸਮਰਪਿਤ ਯੋਜਨਾ ਸ਼ੁਰੂ ਕੀਤੀ ਜਾਵੇਗੀ। ਉਨ੍ਹਾਂ ਕਿਹਾ, ਇਸ ਯੋਜਨਾ ’ਚ ਉਨ੍ਹਾਂ ਨੂੰ ਸੁਰੱਖਿਅਤ ਵਾਪਸ ਆਉਣ, ਰਾਸ਼ਨ ਅਤੇ ਨੌਕਰੀ ਕਾਰਡ ਜਾਰੀ ਕਰਨ ਅਤੇ ਉਨ੍ਹਾਂ ਲੋਕਾਂ ਨੂੰ ਅਸਥਾਈ ਪਨਾਹ ਪ੍ਰਦਾਨ ਕਰਨ ਦੇ ਪ੍ਰਬੰਧ ਸ਼ਾਮਲ ਹੋਣੇ ਚਾਹੀਦੇ ਹਨ, ਜਿਨ੍ਹਾਂ ਕੋਲ ਰਹਿਣ ਲਈ ਕੋਈ ਜਗ?ਹਾ ਨਹੀਂ ਹੈ। ਮੁੱਖ ਮੰਤਰੀ ਨੇ ਕਿਹਾ ਕਿ ਵੱਖ-ਵੱਖ ਰਾਜਾਂ ’ਚ ਬੰਗਾਲੀ ਬੋਲਣ ਵਾਲੇ ਪ੍ਰਵਾਸੀਆਂ ਦਾ ਕਥਿਤ ਪ੍ਰੇਸ਼ਾਨ ਇੱਕ ਯੋਜਨਾਬੱਧ ਅਤੇ ਰਾਜਨੀਤਿਕ ਤੌਰ ’ਤੇ ਪ੍ਰੇਰਿਤ ਕਾਰਵਾਈ ਹੈ। ”ਸਾਨੂੰ ਸਾਰੇ ਪ੍ਰੇਸ਼ਾਨ ਕੀਤੇ ਗਏ ਬੰਗਾਲੀ ਪ੍ਰਵਾਸੀਆਂ ਦੇ ਨਾਲ ਖੜ੍ਹਾ ਹੋਣਾ ਚਾਹੀਦਾ ਹੈ।” ਮੁੱਖ ਮੰਤਰੀ ਨੇ ਪੁਲਸ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਸਥਾਨਕ ਨਾਗਰਿਕਾਂ ਦੀ ਸੁਰੱਖਿਆ ਅਤੇ ਸਮਾਜਿਕ ਮੁੱਦਿਆਂ ਨੂੰ ਹੱਲ ਕਰਨ ਲਈ ’ਅਮਰ ਪਾਰਾ, ਅਮਰ ਸਮਾਧਾਨ’ (ਸਾਡਾ ਗੁਆਂਢ, ਸਾਡਾ ਹੱਲ) ਯੋਜਨਾ ਨੂੰ ਸਰਗਰਮੀ ਨਾਲ ਲਾਗੂ ਕਰਨ ਦੇ ਨਿਰਦੇਸ਼ ਦਿੱਤੇ। ਮੁੱਖ ਮੰਤਰੀ ਦੀਆਂ ਇਹ ਟਿੱਪਣੀਆਂ ਗੁਜਰਾਤ, ਹਰਿਆਣਾ, ਰਾਜਸਥਾਨ, ਓਡੀਸ਼ਾ, ਤਾਮਿਲਨਾਡੂ ਅਤੇ ਮਹਾਰਾਸ਼ਟਰ ਵਰਗੇ ਰਾਜਾਂ ’ਚ ਬੰਗਾਲੀ ਪ੍ਰਵਾਸੀਆਂ ਦੇ ਕਥਿਤ ਪਰੇਸ਼ਾਨੀ ਦੀਆਂ ਰਿਪੋਰਟਾਂ ਤੋਂ ਬਾਅਦ ਰਾਜ ’ਚ ਰਾਜਨੀਤਿਕ ਤੌਰ ’ਤੇ ਤਣਾਅਪੂਰਨ ਮਾਹੌਲ ਦੇ ਵਿਚਕਾਰ ਆਈਆਂ।

## ‘ਆਪਰੇਸ਼ਨ ਸਿੰਦੂਰ’ ’ਤੇ ਘੇਰੀ ਸਰਕਾਰ: ਰਾਹੁਲ ਗਾਂਧੀ

ਕੌਮੀ ਪਤ੍ਰਿਕਾ
ਤੇਜਿੰਦਰ ਕੌਰ ਬੱਬਰ

ਨਵੀਂ ਦਿੱਲੀ 29 ਜੁਲਾਈ। ਅੱਜ ਲੋਕ ਸਭਾ ’ਚ ਬੋਲਦਿਆਂ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਆਪਣੇ ਭਾਸ਼ਨ ਦੀ ਸ਼ੁਰੂਆਤ ਪਹਿਲਗਾਮ ਹਮਲੇ ਦੀ ਦੁਖ਼ਦਾਈ ਘਟਨਾ ਨਾਲ ਕੀਤੀ। ਉਨ੍ਹਾਂ ਇਸ ਨੂੰ ਪਾਕਿਸਤਾਨ ਦਾ ਇਕ ਬਹੁਤ ਹੀ ਨਿੰਦਣਯੋਗ ਤੇ ਬੇਰਹਿਮੀ ਭਰਿਆ ਹਮਲਾ ਦੱਸਿਆ ਤੇ ਕਿਹਾ ਕਿ ਅੱਤਵਾਦੀਆਂ ਨੇ ਬੜੀ ਬੇਰਹਿਮੀ ਨਾਲ ਲੋਕਾਂ ਨੂੰ ਮੌਤ ਦੇ ਘਾਟ ਉਤਾਰਿਆ। ਇਸ ਮਗਰੋਂ ਜਦੋਂ ਆਪਰੇਸ਼ਨ ਸਿੰਦੂਰ ਸ਼ੁਰੂ ਕੀਤਾ ਗਿਆ ਤਾਂ ਸਾਰੀਆਂ ਵਿਰੋਧੀ ਪਾਰਟੀਆਂ ਨੇ ਸਰਕਾਰ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਸਰਕਾਰ ਦੇ ਨਾਲ ਚੱਟਾਨ ਵਾਂਗ ਖੜ੍ਹੇ ਰਹਿਣਗੇ। ਉਨ੍ਹਾਂ ਅੱਗੇ ਕਿਹਾ ਕਿ ਸਾਡੇ ਲਈ ਇਹ ਮਾਣ ਦੀ ਗੱਲ ਹੈ ਕਿ ਅਸੀਂ ਇਹ ਕਹਿਣ ਮਗਰੋਂ ਸਰਕਾਰ ਨਾਲ ਪੂਰੀ ਮਜ਼ਬੂਤੀ ਨਾਲ ਖੜ੍ਹੇ ਰਹੇ। ਉਨ੍ਹਾਂ ਕਿਹਾ ਕਿ ਉਹ ਪਹਿਲਗਾਮ ਹਮਲੇ ’ਚ ਮਾਰੇ ਗਏ ਨੇਵੀ ਅਧਿਕਾਰੀ ਦੇ ਘਰ ਗਏ ਸਨ, ਜਿੱਥੇ ਉਨ੍ਹਾਂ ਨੂੰ ਉਸ ਦੇ ਬਚਪਨ ਦੀਆਂ ਤਸਵੀਰਾਂ ਦਿਖਾਈਆਂ ਗਈਆਂ ਤੇ ਉਸ ਬਾਰੇ ਦੱਸਿਆ ਗਿਆ ਕਿ ਨਰਵਾਲ ਬਚਪਨ ’ਚ ਬੜਾ ਮਜ਼ਾਕੀਆ ਤੇ ਖ਼ੁਸ਼ਮਿਜਾਜ਼ ਨੌਜਵਾਨ ਸੀ। ਇਸ ਦੌਰਾਨ ਉਸ ਦੀ ਭੈਣ ਨੇ ਕਿਹਾ ਕਿ ਉਹ ਦਰਵਾਜ਼ੇ ਵੱਲ ਦੇਖਦੀ ਰਹਿੰਦੀ ਹੈ ਤੇ ਆਪਣੇ ਭਰਾ ਨੂੰ ਉਡੀਕਦੀ ਰਹਿੰਦੀ ਹੈ, ਪਰ ਉਸ ਨੂੰ



ਪਤਾ ਲੱਗ ਗਿਆ ਹੈ ਕਿ ਉਹ ਹੁਣ ਕਦੇ ਵਾਪਸ ਨਹੀਂ ਆਵੇਗਾ। ਇਸ ਮਗਰੋਂ ਉੱਤਰ ਪ੍ਰਦੇਸ਼ ’ਚ ਉਹ ਇਕ ਹੋਰ ਪੀੜਤ ਪਰਿਵਾਰ ਨੂੰ ਮਿਲੇ, ਜਿੱਥੋਂ ਦੇ ਇਕ ਵਿਅਕਤੀ ਨੂੰ ਪਹਿਲਗਾਮ ’ਚ ਹੀ ਉਸ ਦੀ ਪਤਨੀ ਦੇ ਸਾਹਮਣੇ ਗੋਲ?ੀ ਮਾਰ ਕੇ ਕਤਲ ਕਰ ਦਿੱਤਾ ਗਿਆ। ਉਨ੍ਹਾਂ ਅੱਗੇ ਕਿਹਾ ਕਿ ਜਿਵੇਂ ਹੀ ਉਹ ਕਿਸੇ ਵੀ ਜਵਾਨ ਨੂੰ ਮਿਲਦੇ ਹਨ ਤਾਂ ਹੱਥ ਮਿਲਾਉਂਦੇ ਹੀ ਪਤਾ ਲੱਗ ਜਾਂਦਾ ਹੈ ਕਿ ਇਹ ਇਕ ਫ਼ੌਜੀ ਜਵਾਨ ਹੈ। ਇਹ ਦੇਸ਼ ਲਈ ਮਰ-ਮਿਟਣ ਲਈ ਹਮੇਸ਼ਾ ਤਿਆਰ ਰਹਿੰਦਾ ਹੈ। ਉਨ੍ਹਾਂ ਜਵਾਨ ਨੂੰ ’ਟਾਈਗਰ’ ਕਹਿ ਕੇ ਸੰਬੋਧਨ ਕੀਤਾ ਤੇ ਕਿਹਾ ਕਿ ਕਿਸੇ ਟਾਈਗਰ ਨੂੰ ਬੰਨ੍ਹ ਕੇ ਨਹੀਂ ਰੱਖਣਾ ਚਾਹੀਦਾ। ਉਸ ਨੂੰ ਆਪਣੇ ਕੰਮ ਲਈ ਪੂਰੀ ਆਜ਼ਾਦੀ ਦਿੱਤੀ ਜਾਣੀ ਚਾਹੀਦੀ ਹੈ, ਤਾਂ ਹੀ ਉਹ ਆਪਣੇ ਕੰਮ ’ਚ ਸਫ਼ਲ ਹੋ ਸਕਦਾ ਹੈ। ਇਸੇ ਤਰ੍ਹਾਂ ਜੇਕਰ ਤੁਸੀਂ ਸੈਨਾ ਦੀ ਤਾਕਤ ਦੇਖਣਾ ਚਾਹੁੰਦੇ ਹੋ ਤਾਂ ਤੁਹਾਨੂੰ ਫੌਜ ਨੂੰ ਪੂਰੀ ਆਜ਼ਾਦੀ ਦੇਣੀ ਪਵੇਗੀ। ਉਨ੍ਹਾਂ ਅੱਗੇ ਰੱਖਿਆ ਮੰਤਰੀ ਰਾਜਨਾਥ ਸਿੰਘ ਵੱਲੋਂ ਕੀਤੇ ਗਏ 1971 ਦੀ ਲੜਾਈ ਤੇ ਆਪਰੇਸ਼ਨ ਸਿੰਦੂਰ ਦੀ ਤੁਲਨਾ ਦਾ ਜਵਾਬ ਦਿੱਤਾ ਤੇ ਕਿਹਾ ਕਿ ਜਦੋਂ ਅਮਰੀਕੀ ਫੌਜ ਭਾਰਤ ਵੱਲ ਵਧ ਰਹੀ ਸੀ ਤਾਂ ਉਸ ਸਮੇਂ ਦੇ ਭਾਰਤੀ ਪ੍ਰਧਾਨ ਮੰਤਰੀ ਨੇ ਕਿਹਾ ਸੀ ਕਿ ਅਸੀਂ ਆਪਣੀ ਕਾਰਵਾਈ ਜਾਰੀ ਰੱਖਾਂਗੇ, ਚਾਹੇ ਜੋ ਮਰਜ਼ੀ ਹੋ ਜਾਏ। ਜਦੋਂ ਮਾਨਿਕਸ਼ਾ ਨੇ ਇੰਦਰਾ ਗਾਂਧੀ ਨਾਲ ਗੱਲ ਕੀਤੀ ਤੇ ਕਿਹਾ ਕਿ ਇਹ ਆਪਰੇਸ਼ਨ ਗਰਮੀ ’ਚ ਨਹੀਂ ਕੀਤਾ ਜਾ ਸਕਦਾ ਤੇ ਇਸ ਆਪਰੇਸ਼ਨ ਲਈ ਉਨ੍ਹਾਂ ਨੂੰ 6 ਮਹੀਨੇ ਦਾ ਸਮਾਂ ਚਾਹੀਦਾ ਹੈ। ਇਸ ਮਗਰੋਂ ਇੰਦਰਾ ਗਾਂਧੀ ਨੇ ਉਨ੍ਹਾਂ ਨੂੰ ਕਿਹਾ ਕਿ ਆਪਰੇਸ਼ਨ ਤੁਹਾਡਾ ਹੈ ਤੇ ਤੁਹਾਨੂੰ ਪੂਰੀ ਆਜ਼ਾਦੀ ਹੈ, ਜਿਸ ਦੀ ਸਫ਼ਲਤਾ ਕਾਰਨ ਹੀ 1 ਲੱਖ ਪਾਕਿਸਤਾਨੀ ਜਵਾਨਾਂ ਨੇ ਸਰੰਡਰ ਕੀਤਾ ਤੇ ਨਵਾਂ ਦੇਸ਼ ਬੰਗਲਾਦੇਸ਼ ਬਣਿਆ। ਉਨ੍ਹਾਂ ਕਿਹਾ ਕਿ ਉਨ੍ਹਾਂ ਰਾਜਨਾਥ ਸਿੰਘ ਦਾ ਭਾਸ਼ਣ ਸੁਣਿਆ, ਜਿਸ ਦੌਰਾਨ ਰਾਜਨਾਥ ਸਿੰਘ ਨੇ ਕਿਹਾ ਕਿ ਆਪਰੇਸ਼ਨ ਸਿੰਦੂਰ 22 ਮਿੰਟ ਤੱਕ ਚੱਲਿਆ ਤੇ ਇਸ ਤੋਂ ਬਾਅਦ ਉਸੇ ਰਾਤ 1.35 ਵਜੇ ਪਾਕਿਸਤਾਨੀ ਫੌਜ ਨੂੰ ਫੋਨ ਕਰ ਕੇ ਦੱਸਿਆ ਕਿ ਅਸੀਂ ਤੁਹਾਡੇ ਦੇਸ਼ ’ਚ 9 ਗ਼ੈਰ-ਫ਼ੌਜੀ ਠਿਕਾਣਿਆਂ ਨੂੰ ਨਿਸ਼ਾਨਾ ਬਣਾਇਆ ਹੈ। ਅਸੀਂ ਅੱਗੇ ਸਥਿਤੀ ਹੋਰ ਖ਼ਰਾਬ ਨਹੀਂ ਕਰਨਾ ਚਾਹੁੰਦੇ ਤੇ ਸ਼ਾਂਤੀ ਚਾਹੁੰਦੇ ਹਾਂ। ਉਨ੍ਹਾਂ ਅੱਗੇ ਰਾਜਨਾਥ ਸਿੰਘ ’ਤੇ ਨਿਸ਼ਾਨਾ ਵਿੰਨ੍ਹਦੇ ਹੋਏ ਕਿਹਾ ਕਿ ਇਹ ਭਾਰਤੀ ਰੱਖਿਆ ਮੰਤਰੀ ਦੀ ਸੋਚ ਨੂੰ ਦਰਸਾਉਂਦਾ ਹੈ ਕਿ ਅਸੀਂ ਜੰਗ ਨਹੀਂ ਚਾਹੁੰਦੇ ਤੇ ਤੁਸੀਂ ਵੀ ਸਾਡੇ ’ਤੇ ਹਮਲਾ ਨਾ ਕਰਿਓ।

# ਕਾਲਾ ਕੱਛਾ ਗਿਰੋਹ ਤੋਂ ਬਾਅਦ ਨਿੱਕਰ ਗੈਂਗ ਦੀ ਦਹਿਸ਼ਤ

**ਕੌਮੀ ਪਤ੍ਰਿਕਾ**

ਲੁਧਿਆਣਾ 29 ਜੁਲਾਈ। ਕਾਲਾ ਕੱਛਾ ਗਿਰੋਹ ਤੋਂ ਬਾਅਦ ਸ਼ਹਿਰ 'ਚ ਨਿੱਕਰ ਚੋਰ ਗਿਰੋਹ ਦਾ ਆਂਤਕ, ਇਕ ਮਹੀਨੇ 'ਚ ਤੀਜੀ ਵੱਡੀ ਵਾਰਦਾਤ ਨੂੰ ਅੰਜਾਮ ਦਿੰਦੇ ਗਿਰੋਹ ਦੇ ਲੁਟੇਰੇ ਸੀ. ਸੀ. ਟੀ. ਵੀ. ਕੈਮਰੇ 'ਚ ਹੋਏ ਕੈਦ, ਜਿਨ੍ਹਾਂ ਨੇ ਟੀ-ਸ਼ਰਟ ਦੇ ਨਾਲ ਵਾਰਦਾਤ ਨੂੰ ਅੰਜਾਮ ਦਿੰਦੇ ਸਮੇਂ ਨਿੱਕਰ ਪਾਈ ਹੋਈ ਹੈ। ਬੀਤੇ ਦਿਨ ਇਸ ਗਿਰੋਹ ਨੇ ਹਾਈਵੇ 'ਤੇ ਪੈਂਦੀ ਗੋਪਾਲ ਐਨਕਲੇਵ ਕਾਲੋਨੀ 'ਚ ਰਹਿਣ ਵਾਲੇ ਐੱਨ. ਆਰ. ਆਈ. ਪਰਿਵਾਰ ਦੀ ਕੋਠੀ ਨੂੰ ਨਿਸ਼ਾਨਾ ਬਣਾਇਆ, ਜਿਸ 'ਚ ਇਹ 27 ਤੋਲੇ ਸੋਨਾ, 3 ਲੱਖ ਦੀਆਂ ਕੀਮਤੀ ਘੜੀਆਂ ਅਤੇ 3 ਲੱਖ ਤੋਂ ਜ਼ਿਆਦਾ ਦੀ ਨਕਦੀ ਲੁੱਟ ਫਰਾਰ ਹੋ ਗਏ। ਜਾਣਕਾਰੀ ਅਨੁਸਾਰ ਪੁਲਸ ਕੋਲ ਦਰਜ ਕਰਵਾਈ ਆਪਣੀ ਸ਼ਿਕਾਇਤ 'ਚ ਨੀਤੂ ਥਾਪਰ ਪਤਨੀ ਮਾਈਕਲ ਵਾਸੀ ਗੋਪਾਲ ਐਨਕਲੇਵ ਨੇ ਦੱਸਿਆ ਕਿ ਉਸ ਦਾ ਪਤੀ ਵਿਦੇਸ਼ ਅਮਰੀਕਾ ਕੰਮ ਦੇ ਸਬੰਧ 'ਚ ਰਹਿ ਰਿਹਾ ਹੈ। ਉਹ ਆਪਣੀ ਇਕਲੌਤੀ ਬੇਟੀ ਦੇ ਨਾਲ ਘਰ 'ਚ ਇਕੱਲੀ ਰਹਿੰਦੀ ਹੈ। ਉਨ੍ਹਾਂ ਨੇ ਆਪਣੇ ਘਰ ਦੇ ਉੱਪਰ ਦੀ ਮੰਜ਼ਿਲ 'ਚ ਮੁਨੀਸ਼ ਕੁਮਾਰ ਨਾਮਕ ਲੜਕਾ ਪੀ. ਜੀ. ਦੇ ਤੌਰ 'ਤੇ ਰੱਖਿਆ ਹੋਇਆ ਹੈ। ਬੀਤੀ 11 ਜੁਲਾਈ ਨੂੰ ਉਸ ਦੀ ਨਣਦ ਵਿਦੇਸ਼ ਤੋਂ ਆਪਣੇ ਪਰਿਵਾਰ ਨਾਲ ਉਸ ਨੂੰ ਮਿਲਣ ਆਈ ਨਣਦ ਦੇ ਆਉਣ ਤੋਂ ਬਾਅਦ ਉਨ੍ਹਾਂ ਨੇ ਕਸ਼ਮੀਰ ਘੁੰਮਣ ਦਾ ਪਲਾਨ ਬਣਾ ਲਿਆ। ਨੀਤੂ ਨੇ ਦੱਸਿਆ ਕਿ 13 ਜੁਲਾਈ ਨੂੰ ਉਹ ਆਪਣੇ ਪੀ. ਜੀ. 'ਚ ਰਹਿਣ ਵਾਲੇ ਲੜਕੇ ਮੁਨੀਸ਼ ਨੂੰ ਪੂਰੇ ਘਰ ਦੀ ਜ਼ਿੰਮੇਵਾਰੀ ਸੌਂਪ ਆਪਣੀ ਨਣਦ ਨਾਲ ਕਸ਼ਮੀਰ ਘੁੰਮਣ ਚਲੇ ਗਏ। 17 ਜੁਲਾਈ ਦੀ ਸਵੇਰ ਉਨ੍ਹਾਂ ਨੂੰ ਮਨੀਸ਼ ਨੇ ਫੋਨ ਕਰ ਕੇ ਜਾਣਕਾਰੀ ਦਿੱਤੀ ਕਿ ਉਨ੍ਹਾਂ ਦੇ ਘਰ ਲੁਟੇਰੇ ਆ ਗਏ ਹਨ, ਜਿਨ੍ਹਾਂ ਨੇ ਉਸ ਨੂੰ ਕਮਰੇ 'ਚ ਬੰਦ ਕਰ ਘਰੇ ਪਿਆ ਸਾਰਾ ਸਾਮਾਨ ਲੁੱਟ ਕੇ ਫਰਾਰ ਹੋ ਗਏ। ਉਸ ਨੇ ਸਵੇਰੇ ਗੁਆਂਢੀ ਨੂੰ ਫੋਨ ਕੀਤਾ, ਜਿਨ੍ਹਾਂ ਨੇ ਆ ਕੇ ਕਮਰਾ ਖੋਲ੍ਹਿਆ ਅਤੇ ਉਸ ਨੂੰ ਬਾਹਰ ਕੱਢਿਆ। ਨੀਤੂ ਨੇ ਦੱਸਿਆ ਕਿ ਉਹ ਉਸੇ ਵਕਤ ਕਸ਼ਮੀਰ ਤੋਂ ਵਾਪਸ ਤੁਰ ਪਏ ਘਰੇ ਪਹੁੰਚ ਕੇ ਦੇਖਿਆ ਤਾਂ ਲੁਟੇਰੇ ਉਸ ਦਾ ਅਤੇ ਉਸ ਦੀ ਨਣਦ



ਦੇ 27 ਤੋਲੇ ਸੋਨੇ ਦੇ ਗਹਿਣੇ 3 ਲੱਖ ਦੀ ਕੀਮਤ ਘੜੀਆਂ ਅਤੇ 3 ਲੱਖ ਰੁਪਏ ਦੀ ਨਕਦੀ ਲੁੱਟ ਫਰਾਰ ਹੋ ਗਏ। ਨੀਤੂ ਨੇ ਜਦੋਂ ਘਰੇ ਲੱਗੇ ਸੀ. ਸੀ. ਟੀ. ਵੀ. ਚੈੱਕ ਕੀਤੇ ਤਾਂ ਪਤਾ ਲੱਗਿਆ ਕਿ 17 ਜੁਲਾਈ ਦੀ ਅੱਧੀ ਰਾਤ ਨੂੰ 5 ਲੁਟੇਰੇ, ਜਿਨ੍ਹਾਂ ਨੇ ਟੀ-ਸ਼ਰਟ ਦੇ ਨਾਲ ਨਿੱਕਰ ਪਾਈ ਹੋਈ ਹੈ, ਉਸ ਦੇ ਘਰ ਦੀ ਖਿੜਕੀ ਤੋੜ ਕੇ ਅੰਦਰ ਦਾਖਲ ਹੋ ਗਏ। ਅੰਦਰ ਦਾਖਲ ਹੋ ਕੇ, ਜਿਸ ਕਮਰੇ 'ਚ ਮਨੀਸ਼ ਸੌਂ ਰਿਹਾ ਸੀ, ਉਸ ਨੂੰ ਬਾਹਰੋਂ ਬੰਦ ਕਰ ਦਿੱਤਾ ਅਤੇ ਦੂਜੇ ਕਮਰੇ 'ਚ ਦਾਖਲ ਹੋ ਕੇ ਅਲਮਾਰੀ ਨੂੰ ਰਾਡ ਨਾਲ ਤੋੜ ਕੇ ਉਸ 'ਚ ਪਏ ਸਾਰੇ ਗਹਿਣੇ, ਨਕਦੀ ਅਤੇ ਕੀਮਤੀ ਸਾਮਾਨ ਲੈ ਫਰਾਰ ਹੋ ਗਏ। ਨੀਤੂ ਨੇ ਸ਼ੰਕਾ ਜ਼ਾਹਿਰ ਕੀਤੀ ਕਿ ਲੁਟੇਰਿਆਂ ਨੂੰ ਉਸ ਦੇ ਘਰ 'ਚ ਪਏ ਪੂਰੇ ਸਾਮਾਨ ਦੀ ਜਾਣਕਾਰੀ ਸੀ। ਲੁਟੇਰਿਆਂ ਨੇ ਉਸ ਦੀ ਘਰ ਪਈ ਅਲਮਾਰੀ ਨੂੰ ਨਿਸ਼ਾਨਾ ਬਣਾਇਆ, ਜਿਸ 'ਚ ਸਾਰਾ ਸਾਮਾਨ ਪਿਆ ਸੀ। ਇਸ ਤੋਂ ਇਲਾਵਾ ਘਰ 'ਚ 5 ਸੂਟਕੇਸ ਵੀ ਪਏ ਸਨ ਪਰ ਉਨ੍ਹਾਂ ਨੇ ਕਿਸੇ ਨੂੰ ਹੱਥ ਤੱਕ ਨਹੀਂ ਲਗਾਇਆ ਦੂਜੀ ਹੈਰਾਨੀ ਵਾਲੀ ਗੱਲ ਇਹ ਹੈ ਕਿ ਲੁਟੇਰੇ ਖਿੜਕੀ ਤੋੜ ਕੇ ਅੰਦਰ ਆਏ ਉਨ੍ਹਾਂ ਨੇ ਲੋਹੇ ਦੀ ਰਾਡ ਨਾਲ ਅਲਮਾਰੀ ਨੂੰ ਤੋੜਿਆ। ਇਨ੍ਹਾਂ ਕੁਝ ਹੋਣ ਦੇ ਬਾਵਜੂਦ ਕਮਰੇ 'ਚ ਸੌਂ ਰਹੇ ਮੁਨੀਸ਼ ਨੂੰ ਕੋਈ ਆਵਾਜ਼ ਤੱਕ ਨਹੀਂ ਆਈ। ਨਿੱਕਰ ਚੋਰ ਗਿਰੋਹ ਦੇ ਲੋਕਾਂ ਨੇ ਪਿਛਲੇ 1 ਮਹੀਨੇ ਤੀਜੀ ਵੱਡੀ ਲੁੱਟ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਹੈ। ਇਸ ਤੋਂ ਪਹਿਲਾ ਲੁਟੇਰਿਆਂ ਨੇ ਲਘੂ ਉਦਯੋਗ ਭਾਰਤੀ ਦੇ ਪ੍ਰਧਾਨ ਦਰਸ਼ਨ ਸਿੰਘ ਦੇ ਘਰ ਦੀ ਖਿੜਕੀ ਦੇ ਰਾਹ ਅੰਦਰ ਦਾਖਲ ਹੋ ਕੇ ਘਰ 'ਚ ਪਈ ਨਕਦੀ ਲੁੱਟ ਕੇ ਲੈ ਗਏ ਹਨ। ਉਸ ਤੋਂ ਇਕ ਹਫਤੇ ਬਾਅਦ ਇਨ੍ਹਾਂ ਲੁਟੇਰਿਆਂ ਨੇ ਕੈਨਰਾ ਬੈਂਕ ਤੇ ਨੇੜੇ ਇਕ ਮਹਿਲਾ ਦੇ ਘਰ 'ਚ ਦਾਖਲ ਹੋ ਕੇ ਸਾਢੇ 4 ਲੱਖ ਰੁਪਏ ਦੀ ਲੁੱਟ ਕਰ ਕੇ ਫਰਾਰ ਹੋ ਗਏ ਸਨ। ਉਸ ਵਕਤ ਵੀ ਜੋ ਲੁਟੇਰੇ ਸੀ. ਸੀ. ਟੀ. ਵੀ. ਕੈਮਰੇ 'ਚ ਕੈਦ ਹੋਏ ਪੰਜਾਂ ਨੇ ਸਾਰੇ ਨਿੱਕਰ ਪਾਈ ਹੋਈ ਸੀ। ਥਾਣਾ ਮੁਖੀ ਭੂਸ਼ਣ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਨੇ ਮੁਕੱਦਮਾ ਦਰਜ ਕਰ ਜਾਂਚ ਸ਼ੁਰੂ ਕਰ ਦਿੱਤੀ ਹੈ, ਜਲਦ ਹੀ ਇਨ੍ਹਾਂ ਲੁਟੇਰਿਆਂ ਨੂੰ ਗ੍ਰਿਫਤਾਰ ਕਰ ਲਿਆ ਜਾਵੇਗਾ।

# ਮਜੀਠਾ ਨਾਲ ਸਬੰਧਿਤ ਗੁਰਜੰਟ ਦੇ ਬਜ਼ੁਰਗ ਮਾਪਿਆਂ ਦੇ ਸੁਪਨੇ ਹੋਏ ਚੂਰ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ, 29 ਜੁਲਾਈ: ਅੰਮ੍ਰਿਤਸਰ ਜ਼ਿਲ੍ਹੇ ਦੇ ਕਸਬਾ ਮਜੀਠਾ ਨੇੜਲੇ ਪਿੰਡ ਭੰਗਵਾਂ ਨਾਲ ਸਬੰਧਿਤ 30 ਸਾਲਾ ਨੌਜਵਾਨ ਗੁਰਜੰਟ ਸਿੰਘ ਪੁੱਤਰ ਪਿਆਰਾ ਸਿੰਘ ਦਾ ਮ੍ਰਿਤਕ ਸਰੀਰ ਬੀਤੀ ਦੇਰ ਰਾਤ ਦੁਬਈ ਤੋਂ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡਾ ਅੰਮ੍ਰਿਤਸਰ ਵਿਖੇ ਪੁੱਜਣ ਉਪਰੰਤ ਸਰਬੱਤ ਦਾ ਭਲਾ ਟਰੱਸਟ ਦੀ ਮੁਫ਼ਤ ਐਂਬੂਲੈਂਸ ਸੇਵਾ ਰਾਹੀਂ ਉਸ ਦੇ ਘਰ ਭੇਜਿਆ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਦੁਬਈ ਦੇ ਉੱਘੇ ਕਾਰੋਬਾਰੀ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਬਾਨੀ ਡਾ.ਐੱਸ.ਪੀ. ਸਿੰਘ ਓਬਰਾਏ ਨੇ ਦੱਸਿਆ ਗੁਰਜੰਟ ਵੀ ਹੋਰਨਾਂ ਨੌਜਵਾਨਾਂ ਵਾਂਗ ਆਪਣੇ ਪਰਿਵਾਰ ਦੇ ਬਿਹਤਰ ਭਵਿੱਖ ਲਈ ਕਰੀਬ ਪਿਛਲੇ 6 ਸਾਲਾਂ ਤੋਂ ਦੁਬਈ ਵਿਖੇ ਮਿਹਨਤ ਮਜ਼ਦੂਰੀ ਕਰ ਰਿਹਾ ਸੀ। ਉਨ੍ਹਾਂ ਦੱਸਿਆ ਕਿ ਪਰਿਵਾਰ ਵੱਲੋਂ ਦੱਸਣ ਮੁਤਾਬਿਕ ਸਿਹਤ ਖਰਾਬ ਹੋਣ ਤੇ ਉਸ ਨੂੰ ਹਸਪਤਾਲ ਦਾਖ਼ਲ ਕਰਵਾਇਆ ਗਿਆ ਜਿੱਥੇ ਦਿਮਾਗ ਦੀ ਨਾੜੀ ਫ਼ਟਣ ਕਾਰਨ ਬੀਤੀ 24 ਜੁਲਾਈ ਨੂੰ ਉਸਦੀ ਮੌਤ ਹੋ ਗਈ ਸੀ। ਉਨ੍ਹਾਂ ਦੱਸਿਆ ਕਿ ਬੀਤੀ ਦੇਰ ਰਾਤ ਅੰਮ੍ਰਿਤਸਰ ਹਵਾਈ ਅੱਡੇ ਤੋਂ ਮ੍ਰਿਤਕ ਸਰੀਰ ਪੀੜ੍ਹਤ ਪਰਿਵਾਰ ਦੀ ਹਾਜ਼ਰੀ 'ਚ ਟਰੱਸਟ ਦੇ ਪੰਜਾਬ ਪ੍ਰਧਾਨ ਸੁਖਜਿੰਦਰ ਸਿੰਘ ਹੇਰ, ਜਨਰਲ ਸਕੱਤਰ ਮਨਪ੍ਰੀਤ ਸੰਧੂ ਚਮਿਆਰੀ ਅਤੇ ਜ਼ਿਲ੍ਹਾ ਮੀਤ ਪ੍ਰਧਾਨ ਹਰਜਿੰਦਰ ਸਿੰਘ ਹੇਰ ਵੱਲੋਂ ਪ੍ਰਾਪਤ ਕਰਕੇ ਟਰੱਸਟ ਦੀ 'ਮੁਫ਼ਤ ਐਂਬੂਲੈਂਸ ਸੇਵਾ' ਰਾਹੀਂ ਉਸ ਦੇ ਘਰ ਤੱਕ ਭੇਜਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਗੁਰਜੰਟ ਦਾ ਮ੍ਰਿਤਕ ਸਰੀਰ ਭਾਰਤ ਭੇਜਣ 'ਤੇ ਆਇਆ ਖਰਚ ਆਦਿ ਉਸ ਦੀ ਬੀਮਾ ਕੰਪਨੀ ਵੱਲੋਂ ਕੀਤਾ ਗਿਆ ਹੈ। ਡਾ.ਓਬਰਾਏ ਨੇ ਇਹ ਵੀ ਦੱਸਿਆ ਕਿ ਗੁਰਜੰਟ ਆਪਣੇ ਪਿੱਛੇ ਬਜ਼ੁਰਗ ਮਾਪਿਆਂ ਤੋਂ ਇਲਾਵਾ ਆਪਣੀ ਪਤਨੀ, ਦੋ ਸਾਲਾ ਪੁੱਤਰ ਅਤੇ ਆਪਣੀਆਂ ਤਿੰਨ ਭੈਣਾਂ ਨੂੰ ਰੋਂਦਿਆਂ ਕੁਰਲਾਂਦਿਆਂ ਛੱਡ ਗਿਆ ਹੈ। ਉਨ੍ਹਾਂ ਕਿਹਾ ਕਿ ਟਰੱਸਟ ਦੀ ਅੰਮ੍ਰਿਤਸਰ ਜ਼ਿਲ੍ਹਾ ਟੀਮ ਵੱਲੋਂ ਜਲਦ ਹੀ ਪਰਿਵਾਰ ਦੀ ਆਰਥਿਕ ਹਾਲਤ ਤੋਂ ਜਾਣੂ ਕਰਵਾਉਣ ਉਪਰੰਤ ਗੁਰਜੰਟ ਦੇ ਪਰਿਵਾਰ ਨੂੰ ਲੋੜ ਅਨੁਸਾਰ ਮਹੀਨਾਵਾਰ ਪੈਨਸ਼ਨ ਵੀ ਦਿੱਤੀ ਜਾਵੇਗੀ। ਜ਼ਿਕਰਯੋਗ ਹੈ ਕਿ ਡਾ.ਓਬਰਾਏ ਦੀ ਸਰਪ੍ਰਸਤੀ ਹੇਠ ਹੁਣ ਤੱਕ 420 ਦੇ ਕਰੀਬ ਬਦਨਸੀਬ ਨੌਜਵਾਨਾਂ ਦੇ ਮ੍ਰਿਤਕ ਸਰੀਰ ਉਨ੍ਹਾਂ ਦੇ ਵਾਰਸਾਂ ਤੱਕ ਪਹੁੰਚਾਏ ਜਾ ਚੁੱਕੇ ਹਨ ਅਤੇ ਪਿਛਲੇ ਕੁਝ ਅਰਸੇ ਤੋਂ ਹਵਾਈ ਅੱਡਾ ਅੰਮ੍ਰਿਤਸਰ ਤੋਂ ਮ੍ਰਿਤਕ ਸਰੀਰ ਘਰਾਂ ਤੱਕ ਪਹੁੰਚਣ ਲਈ ਮੁਫ਼ਤ ਐਂਬੂਲੈਂਸ ਸੇਵਾ ਵੀ ਸ਼ੁਰੂ ਕੀਤੀ ਗਈ ਹੈ। ਇਸ ਦੌਰਾਨ ਹਵਾਈ ਅੱਡੇ ਤੇ ਮੌਜੂਦ ਮ੍ਰਿਤਕ ਦੇ ਜੀਜਾ ਜਗਦੀਪ ਸਿੰਘ, ਸੁਖਵਿੰਦਰ ਸਿੰਘ ਤੇ ਜੁਗਰਾਜ ਸਿੰਘ, ਚਾਚਾ ਮਨਜੀਤ ਸਿੰਘ, ਮਾਮਾ ਗੁਰਜੀਤ ਸਿੰਘ, ਚਚੇਰੇ ਭਰਾ ਅਜ਼ਮੇਰ ਸਿੰਘ, ਬਲਜਿੰਦਰ ਸਿੰਘ, ਨਿਸ਼ਾਨ ਸਿੰਘ ਤੇ ਬਲਵਿੰਦਰ ਸਿੰਘ ਆਦਿ ਨੇ ਡਾ.ਐੱਸ.ਪੀ. ਸਿੰਘ ਓਬਰਾਏ ਦਾ ਇਸ ਔਖੀ ਘੜੀ ਵੇਲੇ ਵੱਡੀ ਮਦਦ ਕਰਨ ਲਈ ਤਹਿ ਦਿਲੋਂ ਧੰਨਵਾਦ ਕੀਤਾ।

## ਬਾਬਾ ਬਲਬੀਰ ਸਿੰਘ 96 ਕਰੋੜੀ ਦੀ ਅਗਵਾਈ ਵਿੱਚ ਬਾਬਾ ਸਾਹਿਬ ਸਿੰਘ ਕਲਾਧਾਰੀ ਦੀ 83ਵੀਂ ਬਰਸੀ 30 ਜੁਲਾਈ ਨੂੰ ਤਲਵੰਡੀ ਸਾਬੋ ਵਿਖੇ ਮਨਾਈ ਜਾਵੇਗੀ

ਤਲਵੰਡੀ ਸਾਬੋ 29 ਜੁਲਾਈ। ਸ਼ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ 11ਵੇਂ ਜਥੇਦਾਰ ਸਿੰਘ ਸਾਹਿਬ ਬਾਬਾ ਸਾਹਿਬ ਸਿੰਘ ਕਲਾਧਾਰੀ ਦੀ 83ਵੀਂ ਸਲਾਨਾ ਬਰਸੀ ਸ਼?ਰੋਮਣੀ ਸੇਵਾ ਰਤਨ, ਸ਼?ਰੋਮਣੀ ਪੰਥ ਰਤਨ, ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96ਵੇਂ ਕਰੋੜੀ 14ਵੇਂ ਮੁਖੀ ਸ਼?ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖਤ ਚਲਦਾ ਵਹੀਰ ਦੀ ਅਗਵਾਈ ਹੇਠ 29 ਜੁਲਾਈ ਤੋਂ 30 ਜੁਲਾਈ ਤੀਕ ਗੁਰਦੁਆਰਾ ਬੇਰ ਸਾਹਿਬ ਦੇਗਸਰ ਪਾ: ਦਸਵੀਂ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਮਨਾਈ ਜਾਵੇਗੀ। ਇਸ ਸਬੰਧੀ ਦਲ ਦੇ ਸਕੱਤਰ ਸ੍ਰ. ਦਿਲਜੀਤ ਸਿੰਘ ਬੇਦੀ, ਬਾਬਾ ਦਲੇਰ ਸਿੰਘ ਖਾਲਸਾ ਨੇ ਸਾਂਝੇ ਤੌਰ ਤੇ ਦੱਸਿਆ ਬਾਬਾ ਜੀ ਦੇ ਆਦੇਸ਼ਾਂ ਅਨੁਸਾਰ ਬਰਸੀ ਸਮਾਗਮਾਂ ਨੂੰ ਚੜ੍ਹਦੀਕਲਾ 'ਚ ਮਨਾਉਣ ਲਈ ਛਾਉਣੀਆਂ ਦੇ ਵੱਖ-ਵੱਖ ਮਹੰਤਾਂ, ਵੱਖ-ਵੱਖ ਸੰਪਰਦਾਵਾਂ, ਨਿਹੰਗ ਸਿੰਘ ਜਥੇਬੰਦੀਆਂ ਦੇ ਮੁਖੀਆਂ, ਧਾਰਮਿਕ ਸ਼ਖਸ਼ੀਅਤਾਂ ਅਤੇ ਇਲਾਕੇ ਦੇ ਪਤਵੰਤਿਆਂ ਨੂੰ ਸੱਦਾ ਪੱਤਰ ਪਹੁੰਚਾਉਣ, ਤਾਲਮੇਲ ਬਨਾਉਣ ਹਿਤ ਡਿਊਟੀਆਂ ਪਹਿਲਾਂ ਹੀ ਲਗਾਈਆਂ ਜਾ ਚੁਕੀਆਂ ਹਨ। 29 ਜੁਲਾਈ ਸੋਮਵਾਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਹੋਵੇਗੀ ਜਿਸ ਦੇ ਭੋਗ 15 ਸਾਵਣ 30 ਜੁਲਾਈ ਬੁੱਧਵਾਰ ਨੂੰ ਪਾਏ ਜਾਣਗੇ। ਭੋਗ ਉਪਰੰਤ ਸਜੇ ਦੀਵਾਨਾਂ ਵਿਚ ਪੰਥ ਪ੍ਰਸਿੱਧ ਰਾਗੀ ਭਾਈ ਗੁਰਪ੍ਰੀਤ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸੰਤ ਮਨਮੋਹਣ ਸਿੰਘ ਬਾਰਨਵਾਲੇ, ਭਾਈ ਸੁਖਜੀਤ ਸਿੰਘ ਕਨੱਈਆ ਕਥਾਵਾਚਕ, ਪੰਥ ਦੇ ਪ੍ਰਸਿੱਧ ਢਾਡੀ, ਪ੍ਰਚਾਰਕ ਆਪਣੇ ਵਖਿਆਨਾਂ ਰਾਹੀਂ ਸੰਗਤਾਂ ਨੂੰ ਗੁਰਬਾਣੀ ਗੁਰ-ਇਤਿਹਾਸ ਨਾਲ ਜੋੜਨਗੇ। ਉਨਾਂ ਹੋਰ ਦੱਸਿਆ ਕਿ ਉਨ੍ਹਾਂ ਦੀ ਯਾਦ ਵਿੱਚ ਕਰਵਾਏ ਜਾ ਰਹੇ ਗੁਰਮਤਿ ਸਮਾਗਮਾਂ ਵਿੱਚ ਧਾਰਮਿਕ ਸਖ਼ਸ਼ੀਅਤਾਂ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰਨਗੀਆਂ ਉਨ੍ਹਾਂ ਦਸਿਆ ਕਿ ਇਸ ਮੌਕੇ ਸ਼?ਰੋਮਣੀ ਪੰਥ ਅਕਾਲੀ ਬੁੱਢਾ ਦਲ ਵੱਲੋਂ ਵਿਸ਼ੇਸ਼ ਤੌਰ ਤੇ ਅੰਮ੍ਰਿਤ ਸੰਚਾਰ ਸਮਾਗਮ ਵੀ ਹੋਵੇਗਾ। ਗੁਰੂ ਦੇ ਜਹਾਜੇ ਚੜ੍ਹਨ ਵਾਲੇ ਪ੍ਰਾਣੀ ਸਮੇਂ ਸਿਰ ਪਹੁੰਚ ਕੇ ਗੁਰੂ ਦੀ ਬਖਸ਼ਿਸ਼ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕਰਨ। ਉਨ੍ਹਾਂ ਨੇ ਸੰਗਤਾਂ ਨੂੰ ਇਨ੍ਹਾਂ ਸਮਾਗਮਾਂ ਵਿੱਚ ਪਰਿਵਾਰਾਂ ਸਮੇਤ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਹੈ। ਤਿੰਨੇ ਦਿਨ ਧਾਰਮਿਕ ਦੀਵਾਨ ਸੱਜਣਗੇ ਅਤੇ ਗੁਰੂ ਕੇ ਲੰਗਰ ਅਤੁੱਟ ਵਰਤਣਗੇ। ਨਿਹੰਗ ਸਿੰਘ ਫੌਜਾਂ ਦੇ ਲਾਇਸੈਂਸ ਵੀ ਨਵੇਂ ਬਣਾਏ ਜਾਣਗੇ।

## ਸਿਹਤ ਵਿਭਾਗ ਵੱਲੋਂ ਵਿਸ਼ਵ ਹੈਪਾਟਾਈਟਸ ਦਿਵਸ ਮੌਕੇ ਜਾਗਰੂਕਤਾ ਪੋਸਟਰ ਰਿਲੀਜ਼ ਕੀਤੇ ਗਏ।

ਅੰਮ੍ਰਿਤਸਰ 29 ਜੁਲਾਈ: ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਵਲ ਸਰਜਨ ਡਾ.ਕਿਰਨਦੀਪ ਕੌਰ ਵੱਲੋਂ ਦਫਤਰ ਸਿਵਲ ਸਰਜਨ ਅੰਮ੍ਰਿਤਸਰ ਵਿਖੇ ਤੋਂ ਜਾਗਰੂਕਤਾ ਪੋਸਟਰ ਰਿਲੀਜ਼ ਕਰਕੇ ਵਿਸ਼ਵ ਹੈਪਾਟਾਈਟਸ ਦਿਵਸ ਮੌਕੇ ਆਮ ਜਨਤਾ ਨੂੰ ਜਾਗਰੂਕਤਾ ਦਾ ਸੁਨੇਹਾ ਦਿੱਤਾ ਗਿਆ। ਜਿਸ ਦੌਰਾਨ ਉਨਾਂ ਨੇ ਆਖਿਆ ਕਿ ਹੈਪਾਟਾਈਟਸ ਇਲਾਜ ਯੋਗ ਹੈ ਅਤੇ ਜੇਕਰ ਇਸਦਾ ਜਲਦੀ ਪਤਾ ਲੱਗ ਜਾਵੇ ਤਾਂ ਇਸਦਾ ਇਲਾਜ ਆਸਾਨੀ ਨਾਲ ਸੰਭਵ ਹੋ ਸਕਦਾ ਹੈ। ਉਹਨਾਂ ਆਖਿਆ ਕਿ ਹੈਪਾਟਾਈਟਸ ਦੀਆਂ ਪੰਜ ਕਿਸਮਾਂ ਹਨ, ਜਿਨਾਂ ਦਾ ਦਵਾਈਆਂ ਰਾਹੀਂ ਇਲਾਜ ਕੀਤਾ ਜਾ ਸਕਦਾ ਹੈ ਅਤੇ ਇਸਦੀ ਜਲਦ ਪਹਿਚਾਣ ਹੀ ਇਸਦੇ ਇਲਾਜ ਵਿੱਚ ਮਦਦਗਾਰ ਸਾਬਤ ਹੁੰਦੀ ਹੈ। ਉਹਨਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਹੈਪਾਟਾਈਟਸ ਤੋਂ ਬਚਣ ਲਈ ਟੀਕੇ ਦੀਆਂ ਸੂਈਆਂ ਦੀ ਸਾਂਝੀ ਵਰਤੋਂ ਨਾ ਕੀਤੀ ਜਾਵੇ, ਬਲੇਡ ਤੇ ਰੇਜ਼ਰ ਦਾ ਸਾਂਝਾ ਇਸਤੇਮਾਲ ਨਾ ਕੀਤਾ ਜਾਵੇ, ਸਰੀਰ ਤੇ ਟੈਟੂ ਬਣਾਉਣ ਤੋਂ ਗੁਰੇਜ ਕੀਤਾ ਜਾਵੇ, ਟੂਥ ਬੁਰਸ਼ ਸਾਂਝੇ ਨਾ ਕੀਤੇ ਜਾਣ, ਸੁਰੱਖਿਅਤ ਸੰਭੋਗ ਲਈ ਕੋਂਡਮ ਦੀ ਵਰਤੋਂ ਕੀਤੀ ਜਾਵੇ, ਤਾਂ ਜੋ ਇਨਸਾਨੀ ਜ਼ਿੰਦਗੀਆਂ ਨੂੰ ਇਹਨਾਂ ਖਤਰਨਾਕ ਬਿਮਾਰੀਆਂ ਤੋਂ ਰੱਖਿਆ ਜਾ ਸਕੇ। ਇਸ ਮੌਕੇ ਤੇ ਜਿਲਾ ਐਪੀਡਮੋਲਜਿਸਟ (ਆਈਡੀਐਸਪੀ) ਡਾ ਨਵਦੀਪ ਕੌਰ ਨੇ ਦੱਸਿਆ ਵਿਸ਼ਵ ਹੈਪਾਟਾਈਟਸ ਦਿਵਸ ਪੂਰੇ ਜਿਲ੍ਹੇ ਭਰ ਵਿੱਚ ਮਨਾਇਆ ਜਾ ਰਿਹਾ ਹੈ ਅਤੇ ਜਿਲੇ ਭਰ ਵਿੱਚ ਪੋਸਟਰਾਂ, ਬੈਨਰਾਂ ਅਤੇ ਪੈਂਫਲੇਟ ਰਾਹੀਂ ਆਮ ਜਨਤਾ ਨੂੰ ਇਸ ਬਿਮਾਰੀ ਪ੍ਰਤੀ ਸੁਚੇਤ ਕੀਤਾ ਜਾ ਰਿਹਾ ਹੈ। ਇਸ ਅਵਸਰ ਤੇ ਸਹਾਇਕ ਸਿਵਲ ਸਰਜਨ ਡਾ ਰਜਿੰਦਰ ਪਾਲ ਕੌਰ, ਜਿਲਾ ਪਰਿਵਾਰ ਭਲਾਈ ਅਫਸਰ ਡਾ ਨੀਲਮ ਭਗਤ, ਜਿਲਾ ਐਮ.ਈ.ਆਈ.ਓ. ਅਮਰਦੀਪ ਸਿੰਘ, ਏ.ਐਮ.ਓ. ਬਲਜੀਤ ਸਿੰਘ, ਰੋਸ਼ਨ ਸਿੰਘ, ਪਰਮਜੀਤ ਸਿੰਘ, ਰਜਿੰਦਰ ਸਿੰਘ ਸਮੇਤ ਸਮੂਹ ਸਟਾਫ ਹਾਜ਼ਰ ਸੀ।

# ਸਿੱਖਿਆ ਵਿਭਾਗ ਨੇ ਮੁਅੱਤਲ ਕਰ'ਤੇ ਪ੍ਰਿੰਸੀਪਲ ਸਣੇ 4 ਅਧਿਆਪਕ, ਜਾਣੋਂ ਕਿਉਂ ਹੋਈ ਕਾਰਵਾਈ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 29 ਜੁਲਾਈ। ਰਾਜਸਥਾਨ ਦੇ ਝਾਲਾਵਾੜ ਜ਼ਿਲ੍ਹੇ ਵਿੱਚ ਸ਼ੁੱਕਰਵਾਰ ਨੂੰ ਵਾਪਰੇ ਸਕੂਲ ਹਾਦਸੇ ਨੇ ਪੂਰੇ ਰਾਜ ਨੂੰ ਹਿਲਾ ਕੇ ਰੱਖ ਦਿੱਤਾ ਹੈ। ਸਕੂਲ ਦੀ ਕੰਧ ਅਤੇ ਛੱਤ ਡਿੱਗਣ ਕਾਰਨ 7 ਮਾਸੂਮ ਬੱਚਿਆਂ ਦੀ ਜਾਨ ਚਲੀ ਗਈ ਜਦੋਂ ਕਿ 27 ਵਿਦਿਆਰਥੀ ਜ਼ਖਮੀ ਹੋ ਗਏ। ਇਹ ਹਾਦਸਾ ਝਾਲਾਵਾੜ ਦੇ ਪਿਪਲੋਡੀ ਪਿੰਡ ਦੇ ਇੱਕ ਸਰਕਾਰੀ ਸਕੂਲ ਵਿੱਚ ਵਾਪਰਿਆ। ਸਭ ਤੋਂ ਚਿੰਤਾਜਨਕ ਗੱਲ ਇਹ ਹੈ ਕਿ ਸਕੂਲ ਦੀ ਖਸਤਾ ਹਾਲਤ ਬਾਰੇ ਕਈ ਵਾਰ ਸ਼ਿਕਾਇਤਾਂ ਕੀਤੀਆਂ ਗਈਆਂ ਸਨ, ਪਰ ਸਕੂਲ ਪ੍ਰਸ਼ਾਸਨ ਅਤੇ ਸਿੱਖਿਆ ਵਿਭਾਗ ਦੋਵਾਂ ਨੇ ਅੱਖਾਂ ਮੀਟ ਲਈਆਂ। ਹਾਦਸੇ ਤੋਂ ਬਾਅਦ, ਸਿੱਖਿਆ ਵਿਭਾਗ ਨੇ ਤੁਰੰਤ ਕਾਰਵਾਈ ਕਰਦਿਆਂ ਸਕੂਲ ਦੀ ਮਹਿਲਾ ਪ੍ਰਿੰਸੀਪਲ, ਤਿੰਨ ਅਧਿਆਪਕਾਂ ਅਤੇ ਇੱਕ ਪ੍ਰਬੰਧਕ ਨੂੰ ਮੁਅੱਤਲ ਕਰ ਦਿੱਤਾ। ਹਾਲਾਂਕਿ, ਸਵਾਲ ਇਹ ਉੱਠਦਾ ਹੈ ਕਿ ਜੇਕਰ ਪਹਿਲਾਂ ਨੋਟਿਸ ਲਿਆ ਜਾਂਦਾ, ਤਾਂ ਕੀ ਇਨ੍ਹਾਂ ਮਾਸੂਮ ਜਾਨਾਂ ਬਚਾਈਆਂ ਜਾ ਸਕਦੀਆਂ ਸਨ? ਸਥਾਨਕ ਲੋਕਾਂ ਦਾ ਦੋਸ਼ ਹੈ ਕਿ ਸਕੂਲ ਦੀ ਕੰਧ



ਤੋਂ ਪੱਥਰ ਡਿੱਗਣ ਦੀਆਂ ਘਟਨਾਵਾਂ ਪਹਿਲਾਂ ਵੀ ਵਾਪਰੀਆਂ ਹਨ, ਜਿਨ੍ਹਾਂ ਦੀਆਂ ਸ਼ਿਕਾਇਤਾਂ ਸਰਪੰਚ ਅਤੇ ਅਧਿਕਾਰੀਆਂ ਨੂੰ ਦਿੱਤੀਆਂ ਗਈਆਂ ਸਨ। ਇਸ ਦੇ ਬਾਵਜੂਦ, ਕੋਈ ਠੋਸ ਕਦਮ ਨਹੀਂ ਚੁੱਕੇ ਗਏ। ਸਾਲ 2023 ਵਿੱਚ, ਇਸ ਸਕੂਲ ਨੂੰ ਡਾਂਗ ਏਰੀਆ ਵਿਕਾਸ ਯੋਜਨਾ ਤਹਿਤ ਮੁਰੰਮਤ ਲਈ 1.80 ਲੱਖ ਰੁਪਏ ਮਿਲੇ ਸਨ, ਪਰ ਅਜਿਹਾ ਲਗਦਾ ਹੈ ਕਿ ਪੈਸੇ ਕਿਤੇ ਵੀ ਵਰਤੇ ਨਹੀਂ ਗਏ ਸਨ। ਇੱਕ ਵਿਦਿਆਰਥੀ ਨੇ ਦੱਸਿਆ ਕਿ ਹਾਦਸੇ ਤੋਂ ਠੀਕ ਪਹਿਲਾਂ, ਬੱਚਿਆਂ ਨੇ ਅਧਿਆਪਕ ਨੂੰ ਦੱਸਿਆ ਸੀ ਕਿ ਛੱਤ ਤੋਂ ਕੰਕਰ ਡਿੱਗ ਰਹੇ ਹਨ, ਪਰ ਇਸ ਵੱਲ ਦੇਖਣ ਦੀ ਬਜਾਏ, ਅਧਿਆਪਕ ਨੇ ਉਨ੍ਹਾਂ ਨੂੰ ਝਿੜਕਿਆ ਅਤੇ ਅੰਦਰ ਭੇਜ ਦਿੱਤਾ। ਕੁਝ ਮਿੰਟਾਂ ਵਿੱਚ ਹੀ ਛੱਤ ਡਿੱਗ ਗਈ ਅਤੇ ਪੂਰਾ ਸਕੂਲ ਕੈਂਪਸ ਸੋਗ ਵਿੱਚ ਬਦਲ ਗਿਆ। ਹੁਣ ਸਿੱਖਿਆ ਵਿਭਾਗ ਨੇ ਜਾਂਚ ਦਾ ਐਲਾਨ ਕੀਤਾ ਹੈ, ਪਰ ਲੋਕ ਪੁੱਛ ਰਹੇ ਹਨ - ਕੀ ਇਹ ਜਾਂਚ ਉਨ੍ਹਾਂ 7 ਮਾਸੂਮ ਬੱਚਿਆਂ ਦੀਆਂ ਜਾਨਾਂ ਵਾਪਸ ਲਿਆ ਸਕੇਗੀ?

## ਡੇਂਗੂ ਦੇ ਲਾਰਵੇ ਦੀ ਜਾਂਚ ਅਤੇ ਲੋਕਾਂ ਨੂੰ ਕੀਤਾ ਜਾ ਰਿਹਾ ਹੈ ਜਾਗਰੂਕ -ਡਾ.ਸੰਜੇ ਕਾਮਰਾ

ਸੰਗਰੂਰ, 29 ਜੁਲਾਈ। ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਅਤੇ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਡਾ. ਹਤਿੰਦਰ ਕੌਰ ਅਤੇ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਵਲ ਸਰਜਨ ਡਾ. ਸੰਜੇ ਕਾਮਰਾ ਦੀ ਅਗਵਾਈ ਵਿੱਚ ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਮੁਹਿੰਮ ਤਹਿਤ ਧਾਰਮਿਕ ਸਥਾਨ, ਇਤਿਹਾਸਿਕ ਸਥਾਨ, ਜਨਤਕ ਸਥਾਨ ਅਤੇ ਸਮਾਜਿਕ ਕੇਂਦਰਾਂ ਵਿੱਚ ਡੇਂਗੂ ਦੀ ਰੋਕਥਾਮ ਸਬੰਧੀ ਗਤੀਵਿਧੀਆਂ ਕੀਤੀਆਂ ਗਈਆਂ। ਜਾਣਕਾਰੀ ਦਿੰਦਿਆਂ ਡਾ. ਸੰਜੇ ਕਾਮਰਾ ਨੇ ਕਿਹਾ ਕਿ ਬਰਸਾਤੀ ਮੌਸਮ ਨੂੰ ਧਿਆਨ ਚ ਰੱਖਦਿਆਂ ਆਪਣੇ ਆਲੇ-ਦੁਆਲੇ ਪਾਣੀ ਖੜ੍ਹਨ ਦੇਣਾ ਚਾਹੀਦਾ ਕਿਉਂਕਿ ਡੇਂਗੂ ਬੁਖ਼ਾਰ ਲਈ ਜ਼ਿੰਮੇਵਾਰ ਮੱਛਰ ਖੜ੍ਹੇ ਅਤੇ ਸਾਫ਼ ਪਾਣੀ ਵਿਚ ਪੈਦਾ ਹੁੰਦਾ ਹੈ। ਇਸ ਲਈ ਹਫ਼ਤੇ ਵਿਚ ਘੱਟੋ-ਘੱਟ ਇਕ ਵਾਰ ਕੂਲਰਾਂ ਅਤੇ ਫ਼ਰਿੱਜਾਂ ਦੀਆਂ ਟਰੇਆਂ ਨੂੰ ਖ਼ਾਲੀ ਕਰ ਕੇ ਸੁਕਾਓ। ਉਨ੍ਹਾਂ ਇਹ ਵੀ ਦੱਸਿਆ ਕਿ ਹਰ ਸ਼ੁਕਰਵਾਰ ਨੂੰ ਪੇਂਡੂ ਸਿਹਤ ਸਫ਼ਾਈ ਅਤੇ ਖੁਰਾਕ ਕਮੇਟੀਆਂ, ਨਰਸਿੰਗ ਸਿੱਖਿਆਰਥਣਾ ਅਤੇ ਸਮਾਜ ਸੇਵੀ ਕਲੱਬਾਂ ਦੇ ਸਹਿਯੋਗ ਨਾਲ ਪਾਣੀ ਖੜ੍ਹਨ ਦੇ ਸੋਮਿਆਂ ਵਿੱਚ ਲਾਰਵੇ ਦੀ ਜਾਂਚ ਦੇ ਨਾਲ-ਨਾਲ ਲੋਕਾਂ ਨੂੰ ਡੇਂਗੂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਡੇਂਗੂ ਬੁਖ਼ਾਰ ਫੈਲਾਉਣ ਵਾਲਾ ਮੱਛਰ ਦਿਨ ਵੇਲੇ ਕੱਟਦਾ ਹੈ, ਇਸ ਲਈ ਅਜਿਹੇ ਕੱਪੜੇ ਪਾਓ, ਜਿਨ੍ਹਾਂ ਨਾਲ ਪੂਰਾ ਸਰੀਰ ਢਕਿਆ ਰਹੇ। ਤੇਜ਼ ਬੁਖ਼ਾਰ ਹੋਣ ਦੀ ਹਾਲਤ ਵਿਚ ਤੁਰਤ ਨੇੜਲੇ ਹਸਪਤਾਲ ਜਾਂ ਡਿਸਪੈਂਸਰੀ ਆਦਿ ਵਿਚ ਜਾ ਕੇ ਮੁਆਇਨਾ ਕਰਵਾਓ। ਜ਼ਿਲਾ ਐਪੀਡਿਮੋਲੋਜਿਸਟ ਡਾ. ਰਮਨਦੀਪ ਕੌਰ ਨੇ ਦੱਸਿਆ ਕਿ ਤੇਜ਼ ਸਿਰਦਰਦ, ਤੇਜ਼ ਬੁਖ਼ਾਰ, ਮਾਸਪੇਸ਼ੀਆਂ, ਜੋੜਾਂ, ਅੱਖ ਦੇ ਪਿਛਲੇ ਹਿੱਸੇ ਵਿਚ ਦਰਦ, ਹਾਲਤ ਖ਼ਰਾਬ ਹੋਣ ਤੇ ਨੱਕ, ਮੂੰਹ ਅਤੇ ਮਸੂੜਿਆਂ ਵਿਚੋਂ ਖ਼ੂਨ ਵਗਣਾ, ਜੀ ਕੱਚਾ ਹੋਣਾ ਅਤੇ ਉਲਟੀਆਂ ਆਉਣਾ ਆਦਿ ਡੇਂਗੂ ਬੁਖ਼ਾਰ ਦੇ ਆਮ ਲੱਛਣ ਹੋ ਸਕਦੇ ਹਨ। ਅਜਿਹੇ ਲੱਛਣ ਹੋਣ ਤੇ ਤੁਰੰਤ ਸਰਕਾਰੀ ਹਸਪਤਾਲ ਵਿਚ ਜਾ ਕੇ ਡਾਕਟਰ ਕੋਲੋਂ ਜਾਂਚ ਕਰਵਾਈ ਜਾਵੇ। ਉਨ੍ਹਾਂ ਦੱਸਿਆ ਕਿ ਡੇਂਗੂ ਬੁਖ਼ਾਰ ਦੇ ਟੈਸਟ ਅਤੇ ਇਲਾਜ ਸਰਕਾਰੀ ਹਸਪਤਾਲਾਂ ਵਿਚ ਬਿਲਕੁਲ ਮੁਫ਼ਤ ਹੁੰਦਾ ਹੈ। ਇਸ ਮੌਕੇ ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਕਰਨੈਲ ਸਿੰਘ, ਹਰਦੀਪ ਜਿੰਦਲ ਬਲਾਕ ਐਜੂਕੇਟਰ, ਐਸ ਆਈ ਰਾਮ ਲਾਲ ਸਿੰਘ, ਮ.ਪ.ਹ.ਵ. (ਮ) ਯਾਦਵਿੰਦਰ ਸਿੰਘ, ਮ.ਪ.ਹ.ਵ.(ਫ਼ੀ), ਅਮਨਦੀਪ ਸਿੰਘ, ਅਕਰਮ, ਬਲਜਿੰਦਰ ਸਿੰਘ, ਐਂਟੀ ਲਾਰਵਾ ਸਟਾਫ, ਆਸ਼ਾ,ਨਰਸਿੰਗ ਸਿੱਖਿਆਰਥਣਾ ਅਤੇ ਬਰੀਡ ਚੈੱਕਰ ਹਾਜ਼ਰ ਸਨ।

## ਪੰਚਾਇਤ ਵਿਭਾਗ ਨੇ ਕੜਿਆਲ ਪਿੰਡ ਦੀ 25 ਏਕੜ ਜ਼ਮੀਨ ਤੋਂ ਛੁਡਵਾਏ ਨਾਜਾਇਜ਼ ਕਬਜ਼ੇ

ਅੰਮ੍ਰਿਤਸਰ, 29 ਜੁਲਾਈ: ਸਰਕਾਰੀ ਜ਼ਮੀਨਾਂ ਤੋਂ ਨਾਜਾਇਜ਼ ਕਬਜ਼ੇ ਹਟਾਉਣ ਲਈ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ ਮੁਹਿੰਮ ਨੂੰ ਅੱਗੇ ਤੋਰਦੇ ਹੋਏ ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਅੱਜ ਜਿਲ੍ਹੇ ਦੇ ਪਿੰਡ ਕੜਿਆਲ ਵਿੱਚ 25 ਏਕੜ ਜਮੀਨ ਨਾਜਾਇਜ਼ ਕਾਬਜ਼ਕਾਰਾਂ ਦੇ ਕਬਜ਼ੇ ਵਿੱਚੋਂ ਛੁਡਾ ਕੇ ਪੰਚਾਇਤ ਨੂੰ ਸੌਂਪ ਦਿੱਤੀ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਬੀਡੀਪੀਓ ਹਰਸ਼ਾ ਛੀਨਾ ਪ੍ਰਗਟ ਸਿੰਘ ਨੇ ਦੱਸਿਆ ਕਿ ਉਕਤ ਜਮੀਨ ਉੱਤੇ ਵੱਖ ਵੱਖ ਲੋਕਾਂ ਨੇ ਨਾਜਾਇਜ਼ ਕਬਜ਼ੇ ਬੀਤੇ ਲੰਮੇ ਸਮੇਂ ਤੋਂ ਕੀਤੇ ਸਨ ਅਤੇ ਇਸ ਸਬੰਧੀ ਡੀਡੀਪੀਓ ਦੀ ਅਦਾਲਤ ਨੇ ਧਾਰਾ ਸੱਤ ਅਧੀਨ ਫੈਸਲਾ ਪੰਚਾਇਤ ਦੇ ਹੱਕ ਵਿੱਚ ਕਰ ਦਿੱਤਾ ਸੀ। ਉਹਨਾਂ ਦੱਸਿਆ ਕਿ ਅੱਜ ਕਾਨੂੰਨੀ ਤੌਰ ਉੱਤੇ ਦਖਲ ਵਰੰਟ ਲੈ ਕੇ ਮਹਿਕਮਾ ਮਾਲ ਅਤੇ ਪੁਲਿਸ ਦੀ ਸਹਾਇਤਾ ਨਾਲ ਸ਼ਾਂਤਮਈ ਤਰੀਕੇ ਨਾਲ ਇਹ ਜਮੀਨ ਨਾਜਾਇਜ਼ ਕਬਜ਼ੇ ਵਿੱਚੋਂ ਛਡਾ ਕੇ ਪੰਚਾਇਤ ਦੇ ਹਵਾਲੇ ਕਰ ਦਿੱਤੀ ਗਈ। ਉਹਨਾਂ ਦੱਸਿਆ ਕਿ ਅੱਜ ਇਸ ਮੌਕੇ ਡਿਊਟੀ ਮਜਿਸਟਰੇਟ ਤਹਿਸੀਲਦਾਰ ਅਜਨਾਲਾ ਗੁਰਮੁਖ ਸਿੰਘ ਦੀ ਅਗਵਾਈ ਹੇਠ ਟੀਮ ਨੇ ਥਾਣਾ ਮੁਖੀ ਭਿੰਡੀ ਸੈਦਾਂ ਸਤਨਾਮ ਸਿੰਘ, ਕਾਨੂੰਗੋ ਹਰਵਿੰਦਰ ਕੁਮਾਰ, ਪੰਚਾਇਤ ਅਫਸਰ ਕੁਲਵਿੰਦਰ ਸਿੰਘ, ਸੰਮਤੀ ਪਟਵਾਰੀ ਗੁਰਵਿੰਦਰ ਸਿੰਘ ਦੀ ਅਗਵਾਈ ਹੇਠ ਸਾਰੇ ਕਬਜ਼ਕਾਰਾਂ ਕੋਲੋਂ ਜ਼ਮੀਨ ਖਾਲੀ ਕਰਵਾਈ ਅਤੇ ਪੰਚਾਇਤ ਦੇ ਸਪੁਰਦ ਕਰ ਦਿੱਤੀ ਹੈ।

## ਗਰਮ ਰੁੱਤ ਮੂੰਗੀ, ਮਾਂਹ, ਮੋਠਾ ਦੀ ਬੀਜਾਈ ਦਾ ਢੁਕਵਾਂ ਸਮਾਂ-ਬਰਾੜ

ਲੁਧਿਆਣਾ 29 ਜੁਲਾਈ: ਪੰਜਾਬ ਵਿੱਚ 2023-24 ਵਰ੍ਹੇ ਦੌਰਾਨ ਮੂੰਗੀ ਦੀ ਕਾਸ਼ਤ 3.8 ਹਜ਼ਾਰ ਹੈਕਟੇਅਰ ਰਕਬੇ ਵਿੱਚ ਕੀਤੀ ਗਈ ਇਸ ਦੀ ਕੁੱਲ ਉਪਜ 30 ਹਜ਼ਾਰ ਟਨ ਹੋਈ ਇਸਦਾ ਔਸਤਨ ਝਾੜ 7.80 ਕੁਇੰਟਲ ਪ੍ਰਤੀ ਏਕੜ ਰਿਹਾ । ਇਸ ਫਸਲ ਲਈ ਗਰਮ ਜਲਵਾਯੂ ਦੀ ਲੋੜ ਹੁੰਦੀ ਹੈ। ਮੂੰਗੀ ਦੀ ਬੀਜਾਈ ਲਈ ਚੰਗੇ ਜਲ ਨਿਕਾਸ ਵਾਲੀ ਭਲ ਤੋਂ ਰੇਤਲੀ ਭਾਲ ਵਾਲੀ ਜ਼ਮੀਨ ਚੰਗੀ ਹੁੰਦੀ ਹੈ ਕਲਰਾਠੀ ਜਾਂ ਸੇਮ ਵਾਲੀ ਜ਼ਮੀਨ ਮੂੰਗੀ ਲਈ ਢੁੱਕਵੀਂ ਨਹੀਂ ਹੁੰਦੀ ਹੈ। ਇਹ ਪ੍ਰਗਟਾਵਾ ਫਿਰੋਜ਼ਪੁਰ ਰੋਡ ਸਥਿਤ ਬਰਾੜ ਐਗਰੀਕਲਚਰ ਫਾਰਮ ਦੇ ਐਮ.ਡੀ. ਹਰਵਿੰਦਰ ਸਿੰਘ ਬਰਾੜ ਨੇ ਕੀਤਾ। ਉਨ੍ਹਾਂ ਦੱਸਿਆ ਕਿ ਐਮ.ਐਲ. 2056 ਮੂੰਗੀ ਦੀ ਫਸਲ ਵਧੇਰੇ ਲਾਹੇਵੰਦ ਹੈ, ਇਸ ਕਿਸਮ ਦੇ ਬੂਟੇ ਸਿੱਧੇ ਤੇ ਦਰਮਿਆਨੀ ਉੱਚਾਈ 78 ਸੈਂ. ਮੀ ਦੇ ਹੁੰਦੇ ਹਨ। ਇਸ ਕਿਸਮ ਦਾ ਝਾੜ 5 ਕੁਇੰਟਲ ਤੋਂ ਲੈਂ ਕੇ 8 ਕੁਇੰਟਲ ਪ੍ਰਤੀ ਏਕੜ ਤੱਕ ਨਿਕਲ ਸਕਦਾ ਹੈ। ਇਸਦਾ ਬੀਜ 8 ਕਿਲੋ ਪ੍ਰਤੀ ਏਕੜ ਵਿੱਚ ਪਾਉਣਾ ਚਾਹੀਦਾ ਹੈ। ਮੂੰਗੀ ਦੀ ਕਾਸ਼ਤ ਕਰਨ ਤੋਂ ਪਹਿਲਾਂ ਖੇਤ ਨੂੰ ਪੱਧਰਾ ਤੇ ਘਾਹ ਫੂਸ ਤੋਂ ਰਹਿਤ ਹੋਣਾ ਜ਼ਰੂਰੀ ਹੈ। ਉਹਨਾਂ ਦੱਸਿਆ ਕਿ ਇਸ ਮੌਸਮ ਵਿੱਚ ਮਾਂਹ ਦੀ ਫਸਲ ਵੀ ਲਗਭਗ ਹਰ ਤਰ੍ਹਾਂ ਦੀ ਜ਼ਮੀਨ ਵਿੱਚ ਹੋ ਸਕਦੀ ਹੈ। ਉਨ੍ਹਾਂ ਦੱਸਿਆ ਮਾਂਹ ਟੀ- 9 ਕਿਸਮ ਦਾ ਬੀਜ ਵਧੇਰੇ ਲਾਹੇਵੰਦ ਹੈ। ਉਹਨਾਂ ਦੱਸਿਆ ਕਿ ਮੋਠਾਂ ਦੀ ਫਸਲ ਦੀ ਬੀਜਾਈ ਵੀ ਮੂੰਗੀ ਦੀ ਤਰ੍ਹਾਂ ਹੀ ਕੀਤੀ ਜਾ ਸਕਦੀ ਹੈ ਅਤੇ ਇਸ ਦਾ ਬੀਜ ਇੱਕ ਏਕੜ ਵਿੱਚ ਅੱਠ ਕਿੱਲੋ ਪਾਉਣਾ ਚਾਹੀਦਾ ਹੈ ਇਹਨਾਂ ਕਿਸਮਾਂ ਦੀ ਬੀਜਾਈ ਦਾ ਢੁਕਵਾਂ ਸਮਾਂ ਚੱਲ ਰਿਹਾ ਹੈ। ਇਹਨਾਂ ਫਸਲਾਂ ਦੀ ਕਾਸ਼ਤ ਕਰਨ ਨਾਲ ਜਮੀਨ ਦੀ ਉਪਜਾਊ ਸ਼ਕਤੀ ਵੱਧਦੀ ਹੈ । ਇਹਨਾਂ ਕਿਸਮਾਂ ਦੀ ਬੀਜਾਈ 15 ਅਗਸਤ ਤੱਕ ਕੀਤੀ ਜਾ ਸਕਦੀ ਹੈ।

# ਹਰਿਆਣਾ ਦੇ ਅਧਿਆਤਮ ਸੈਰ-ਸਪਾਟੇ ਨੂੰ ਰ.ਫਤਾਰ ਦੇਣਗੇ ਸਿੱਖ ਅਜਾਇਬਘਰ ਅਤੇ ਗੁਰੂ ਰਵਿਦਾਸ ਅਜਾਇਬਘਰ

**ਕੌਮੀ ਪਤ੍ਰਿਕਾ**

ਚੰਡੀਗੜ੍ਹ, 29 ਜੁਲਾਈ: ਦੁਨਿਆ ਦੇ ਇਤਿਹਾਸ ਵਿੱਚ ਮਹੱਤਵਪੂਰਨ ਸਥਾਨ ਰੱਖਣ ਵਾਲੇ ਕੁਰੂਕਸ਼ੇਤਰ ਵਿੱਚ ਸੈਰ-ਸਪਾਟੇ ਦੇ ਨਜਰਇਏ ਨਾਲ ਹਰਿਆਣਾ ਦੇ ਅਧਿਆਤਮ ਸੈਰ-ਸਪਾਟੇ ਨੂੰ ਰਫ਼ਤਾਰ ਮਿਲੇਗੀ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕੁਰੂਕਸ਼ੇਤਰ ਦੇ ਉਮਰੀ ਵਿੱਚ 5 ਏਕੜ ਵਿੱਚ ਸਥਾਪਿਤ ਹੋਣ ਵਾਲੇ ਗੁਰੂ ਰਵਿਦਾਸ ਭਵਨ ਅਤੇ ਅਜਾਇਬਘਰ ਅਤੇ 3 ਏਕੜ ਵਿੱਚ ਸਥਾਪਿਤ ਹੋਣ ਵਾਲੇ ਸਿੱਖ ਅਜਾਇਬਘਰ ਲਈ ਉੱਚ ਪੱਧਰ 'ਤੇ ਨਿਗਰਾਨੀ ਕਮੇਟੀ ਦੇ ਗਠਨ ਨੂੰ ਮੰਜ਼ੂਰੀ ਪ੍ਰਦਾਨ ਕੀਤੀ ਹੈ। ਵਿਰਾਸਤ ਅਤੇ ਸੈਰ-ਸਪਾਟਾ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਦੱਸਿਆ ਕਿ ਕੁਰੂਕਸ਼ੇਤਰ ਦੇ ਉਮੀਰ ਵਿੱਚ ਪੁਰਾਤੱਤ ਅਤੇ ਅਜਾਇਬਘਰ ਵਿਭਾਗ ਅਤੇ ਹਰਿਆਣਾ ਸ਼ਹਿਰੀ ਵਿਕਾਸ ਅਥਾਰਿਟੀ ਦੇ ਸਾਂਝੇ ਸਹਿਯੋਗ ਹੇਠ ਕੁਰੂਕਸ਼ੇਤਰ ਵਿੱਚ ਗੁਰੂ ਰਵਿਦਾਸ ਭਵਨ ਅਤੇ ਅਜਾਇਬਘਰ ਅਤੇ ਸਿੱਖ ਅਜਾਇਬਘਰ ਲਈ ਕਮੇਟੀ ਦਾ ਗਠਨ ਕਰ ਦਿੱਤਾ ਗਿਆ ਹੈ। ਦੋਹਾਂ ਅਜਾਇਬਘਰਾਂ ਨੂੰ ਸ਼ਾਨਦਾਰ ਢੰਗ ਨਾਲ ਸਥਾਪਿਤ ਕਰਨ ਅਤੇ ਗਲੋਬਲ ਪਛਾਣ ਦਾ ਕੇਂਦਰ ਬਨਾਉਣ ਦੇ ਟੀਚੇ ਨਾਲ ਗਠਿਤ ਕਮੇਟੀ ਦੀ ਪ੍ਰਧਾਨਗੀ ਵਿਰਾਸਤ ਅਤੇ ਸੈਰ-ਸਪਾਟਾ ਵਿਭਾਗ ਦੇ ਪ੍ਰਧਾਨ ਸਕੱਤਰ ਵੱਲੋਂ ਕੀਤੀ ਜਾਵੇਗੀ ਜਦੋਂਕਿ ਕਮੇਟੀ ਵਿੱਚ ਪੁਰਾਤੱਤ ਅਤੇ ਅਜਾਇਬਘਰ ਵਿਭਾਗ ਦੇ ਨਿਦੇਸ਼ਕ, ਡਿਪਟੀ ਕਮੀਸ਼ਨਰ ਕੁਰੂਸ਼ੇਤਰ, ਮੁੱਖ ਮੰਤਰੀ ਹਰਿਆਣਾ ਦੇ ਵਿਸ਼ੇਸ਼ ਕਾਰਜ ਅਧਿਕਾਰੀ ਪ੍ਰਭਲੀਨ, ਪੁਰਾਤੱਤ ਅਤੇ ਅਜਾਇਬਘਰ ਵਿਭਾਗ ਦੀ ਉਪਨਿਦੇਸ਼ਕ ਬਨਾਨੀ ਭੱਟਾਚਾਰੀਆ, ਹਰਿਆਣਾ ਸ਼ਹਿਰੀ ਵਿਕਾਸ ਅਥਾਰਿਟੀ ਅੰਬਾਲਾ ਦੇ ਕਾਰਜਕਾਰੀ ਇੰਜੀਨਿਅਰ, ਵਿਸ਼ਾ ਮਾਹਿਰ, ਡਾਇਰੈਕਟਰ ਜਨਰਲ, ਸੂਚਨਾ, ਜਨਸੰਪਰਕ ਅਤੇ ਭਾਸ਼ਾ ਵਿਭਾਗ ਦੇ ਪ੍ਰਤੀਨਿਧੀ ਨੂੰ ਸ਼ਾਮਲ ਕੀਤਾ ਗਿਆ ਹੈ। ਵਿਰਾਸਤ ਅਤੇ ਸੈਰ-ਸਪਾਟਾ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਕੁਰੂਕਸ਼ੇਤਰ ਵਿੱਚ ਗੁਰੂ ਰਵਿਦਾਸ ਦੀ ਸਮਾਵੇਸ਼ੀ ਅਤੇ ਸਮਤਾਵਾਦੀ ਸ਼ਿਖਿਆਵਾਂ 'ਤੇ ਅਧਾਰਿਤ ਦੇਸ਼ ਦਾ ਪਹਿਲਾ ਇਮਰਸਿਵ ਸੈਰ-ਸਪਾਟਾ ਅਤੇ ਅਧਿਆਤਮਿਕ ਸਥਲ ਬਣਾਇਆ ਜਾਵੇਗਾ। ਇਹ ਸਥਲ ਸਮਾਜਿਕ ਸਦਭਾਵ, ਚਿੰਤਨ,ਸਿੱਖਿਆ ਅਤੇ ਬਦਲਾਓ ਦਾ ਪ੍ਰਤੀਕ ਹੋਵੇਗਾ, ਜਿੱਥੇ ਦੁਨਿਆ ਭਰ ਤੋਂ ਤੀਰਥ ਯਾਤਰੀਆਂ, ਸੈਰ-ਸਪਾਟੇ ਦਾ ਆਗਮਨ ਹੋਵੇਗਾ। ਉਨ੍ਹਾਂ ਨੇ ਦੱਸਿਆ ਕਿ ਇਸ ਅਜਾਇਬਘਰ ਵਿੱਚ ਗੁਰੂ ਰਵਿਦਾਸ ਦੀ ਸ਼ਾਨਦਾਰ ਮੂਰਤੀ ਸਥਾਪਿਤ ਹੋਵੇਗੀ ਜਿਸ ਦੇ ਚਾਰੇ ਪਾਸੇ ਪ੍ਰਵਚਨ, ਪ੍ਰਦਰਸ਼ਨੀ ਅਤੇ ਸਾਮੁਦਾਇਕ ਪ੍ਰੋਗਰਾਮਾਂ ਲਈ ਓਪਨ-ਏਅਰ ਥਇਏਟਰ ਬਣਾਇਆ ਜਾਵੇਗਾ। ਉਨ੍ਹਾਂ ਨੇ ਦੱਸਿਆ ਕਿ ਬੇਗਮਪੁਰਾ ਦੇ ਆਦਰਸ਼ਵਾਦੀ ਦ੍ਰਿਸ਼ਟਕੋਣ ਨੂੰ ਦੁਬਾਰਾ ਜਿੰਦਾ ਕਰਦੇ ਹੋਏ ਇੱਕ ਦੁੱਖ ਮੁਕਤ ਸ਼ਹਿਰ ਦੀ ਪ੍ਰਸਤਾਵਨਾ ਤਿਆਰ ਕੀਤੀ ਗਈ ਹੈ। ਆਗੰਤੁਕਾਂ ਲਈ ਪ੍ਰੇਮ ਅਤੇ ਸ਼ਾਂਤੀ ਦੀ ਸਿੱਖਿਆ 'ਤੇ ਧਿਆਨ ਅਤੇ ਚਿੰਤਨ ਕਰਨ ਲਈ ਇੱਕ ਸ਼ਾਂਤ ਧਿਆਨ ਕੇਂਦਰ, ਗੁਰੂ ਰਵਿਦਾਸ ਲਾਇਬ੍ਰੇਰੀ ਅਤੇ ਸੋਧ ਕੇਂਦਰ, ਗੁਰਬਾਣੀ ਖੋਲ ਹਾਲ, ਅਜਾਇਬਘਰ ਅਤੇ ਡਿਜਿਟਲ ਗੈਲਰੀ ਦਾ ਨਿਰਮਾਣ ਕੀਤਾ ਜਾਵੇਗਾ। ਕੈਬੀਨੇਟ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਕਿਹਾ ਕਿ ਇਸੇ ਤਰ੍ਹਾਂ ਸਿੱਖ ਅਜਾਇਬਘਰ ਦਾ ਵਿਕਾਸ, ਜੋ ਸਿੱਖ ਗੁਰੂਆਂ ਦੇ ਦ੍ਰਿਸ਼ਟੀਕੋਣ, ਸਿੱਖਿਆਵਾਂ ਅਤੇ ਯੋਗਦਾਨ ਨੂੰ ਪ੍ਰਤੀਬਿੰਬਿਤ ਕਰੇਗਾ। ਇਹ ਅਜਾਇਬਘਰ ਸਿੱਖ ਵਿਰਾਸਤ ਦਾ ਜਸ਼ਨ ਮਨਾਉਣ, ਸਿੱਖਿਆ, ਸੋਧ ਅਤੇ ਸੈਰ-ਸਪਾਟੇ ਨੂੰ ਵਧਾਵਾ ਦੇਣ ਵਾਲਾ ਇੱਕ ਕੌਮੀ ਅਤੇ ਕੌਮਾਂਤਰੀ ਸਭਿਆਚਾਰ ਸਥਲ ਹੋਵੇਗਾ। ਇਸ ਵਿੱਚ ਗੁਰੂ ਨਾਨਕ ਦੇਵ ਤੋਂ ਲੈਅ ਕੇ ਗੁਰੂ ਗੋਬਿੰਦ ਸਿੰਘ ਅਤੇ ਉਸ ਤੋਂ ਬਾਅਦ ਦੇ ਸਮੇ ਦੀ ਪ੍ਰਾਮਾਣਿਕ ਅਤੇ ਇਤਿਹਾਸਕ ਜਾਣਕਾਰੀ ਦਾ ਸਾਵਧਾਨੀ ਦਸਤਾਵੇਜ ਅਤੇ ਪ੍ਰਸਤੂਤੀਕਰਨ ਕੀਤਾ ਜਾਵੇਗਾ। ਉਨ੍ਹਾਂ ਨੇ ਦੱਸਿਆ ਕਿ ਇਤਿਹਾਸਕ ਕਥਾਵਾਂ ਨੂੰ ਪ੍ਰਭਾਵੀ ਢੰਗ ਨਾਲ ਸੈਰ-ਸਪਾਟੇ ਅਤੇ ਸ਼ਰਧਾਲੂਆਂ ਨੂੰ ਮਹਿਸੂਸ ਕਰਾਉਣ ਲਈ ਪਾਰੰਪਰਿਕ ਅਤੇ ਸਮਕਾਲੀਨ ਮੀਡੀਅਮ ਜਿਵੇ ਭਿਤਿ ਚਿੱਤਰ, ਡਾਯੋਰਮਾ, ਡਿਜਿਟਲ ਕਲਾ, ਹੋਲੋਗ੍ਰਾਫੀ, ਲੇਜ਼ਰ ਸ਼ੋ ਅਤੇ ਇੰਟਰੈਕਟਿਵ ਇੰਸਟਾਲੇਸ਼ਨ ਨੂੰ ਵਾਧਾ ਦਿੱਤਾ ਜਾਵੇਗਾ।

## ਜ਼ਿਲ੍ਹਾ ਪਰਿਵਾਦ ਅਤੇ ਦੁੱਖ ਨਿਵਾਰਣ ਕਮੇਟੀ ਦੀ ਮਹੀਨੇਵਾਰ ਮੀਟਿੰਗ ਵਿੱਚ 24 ਵਿੱਚੋਂ 14 ਸ਼ਿਕਾਇਤਾਂ ਦਾ ਮੌਕੇ 'ਤੇ ਕੀਤਾ ਸਮਾਧਾਨ

ਚੰਡੀਗੜ੍ਹ, 29 ਜੁਲਾਈ: ਹਰਿਆਣਾ ਦੇ ਖੇਡ, ਯੁਵਾ ਸਸ਼ਕਤੀਕਾਰਣ ਅਤੇ ਉਦਮੀਤਾ ਅਤੇ ਕਾਨੂੰਨ ਰਾਜਮੰਤਰੀ ਸ੍ਰੀ ਗੌਰਵ ਗੌਤਮ ਨੇ ਕਿਹਾ ਕਿ ਅਧਿਕਾਰੀਗਣ ਜਨਸਮੱਸਿਆਵਾਂ ਦੇ ਸਮਾਧਾਨ ਵਿੱਚ ਨਿਯਮਾਂ ਦੀ ਪਾਲਨਾ ਨਾਲ ਆਪਣੇ ਵਿਵੇਕ ਦਾ ਵੀ ਪ੍ਰਯੋਗ ਕਰਨ, ਤਾਂ ਜੋ ਸਮੇ ਸਿਰ ਅਤੇ ਪ੍ਰਭਾਵੀ ਸਮਾਧਾਨ ਯਕੀਨੀ ਕੀਤਾ ਜਾ ਸਕੇ। ਉਨ੍ਹਾਂ ਨੇ ਸਪਸ਼ਟ ਤੌਰ 'ਤੇ ਨਿਰਦੇਸ਼ ਦਿੱਤੇ ਗਏ ਕਿ ਸ਼ਿਕਾਇਤਾਂ ਦੇ ਸਮਾਧਾਨ ਵਿੱਚ ਕਿਸੇ ਵੀ ਤਰਾਂ ਦੀ ਲਾਪਰਵਾਈ ਸਵੀਕਾਰ ਨਹੀਂ ਕੀਤੀ ਜਾਵੇਗੀ। ਇਹ ਗੱਲ ਉਨ੍ਹਾਂ ਨੇ ਅੱਜ ਸੋਨੀਪਤ ਦੇ ਲਘੂ ਸਕੱਤਰੇਤ ਵਿੱਚ ਆਯੋਜਿਤ ਜ਼ਿਲ੍ਹਾ ਪਰਿਵਾਦ ਅਤੇ ਦੁੱਖ ਨਿਵਾਰਣ ਕਮੇਟੀ ਦੀ ਮਹੀਨੇਵਾਰ ਮੀਟਿੰਗ ਦੀ ਅਗਵਾਈ ਕਰਦੇ ਹੋਏ ਕਹੀ। ਮੀਟਿੰਗ ਵਿੱਚ ਕੁੱਲ੍ਹ 24 ਸ਼ਿਕਾਇਤਾਂ ਦੀ ਸੁਣਵਾਈ ਕੀਤੀ ਗਈ ਜਿਨ੍ਹਾਂ ਵਿੱਚੋਂ 14 ਦਾ ਮੌਕੇ 'ਤੇ ਹੀ ਸਮਾਧਾਨ ਕੀਤਾ ਗਿਆ। ਇੱਕ ਸ਼ਿਕਾਇਤ ਨੂੰ ਦੋ ਮਹੀਨੇ ਬਾਅਦ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਗਏ। ਮੀਟਿੰਗ ਵਿੱਚ ਪਿੰਡ ਨੂਰਨਖੇੜਾ ਦੇ ਵਸਨੀਕਾਂ ਵੱਲੋਂ ਸ਼ਰਾਬ ਦੇ ਠੇਕੇ ਨੂੰ ਹਟਾਉਣ ਦੀ ਮੰਗ 'ਤੇ ਤੁਰੰਤ ਐਕਸ਼ਨ ਲੈਂਦੇ ਹੋਏ ਖੇਡ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਕਿ ਤਿੰਨ ਦਿਨਾਂ ਅੰਦਰ ਸ਼ਰਾਬ ਦਾ ਠੇਕਾ ਪਿੰਡ ਤੋਂ ਹਟਾਇਆ ਜਾਵੇ। ਇਸ ਮੌਕੇ 'ਤੇ ਵਿਧਾਹਿਕ ਨਿਖਿਲ ਮਦਾਨ, ਜ਼ਿਲ੍ਹਾ ਪਰਿਸ਼ਦ ਚੇਅਰਪਰਸਨ ਮੋਨਿਕਾ ਦਹਿਯਾ, ਪੁਲਿਸ ਕਮੀਸ਼ਨਰ ਮਮਤਾ ਸਿੰਘ, ਡਿਪਟੀ ਕਮੀਸ਼ਨਰ ਸੁਸ਼ੀਲ ਸਾਰਵਾਨ, ਵਧੀਕ ਡਿਪਟੀ ਕਮੀਸ਼ਨਰ ਲੱਸ਼ਿਤ ਸਰੀਨ ਅਤੇ ਹੋਰ ਸਬੰਧਿਤ ਵਿਭਾਗਾਂ ਦੇ ਅਧਿਕਾਰੀ ਮੌਜੂਦ ਰਹੇ।

# ਪਤਨੀ ਨਾਲ ਸਬੰਧਾਂ ਦੇ ਸ਼ੱਕ 'ਚ ਵੱਡੀ ਵਾਰਦਾਤ ! ਝਗੜਾ ਛੁਡਵਾਉਣ ਵਾਲੇ ਦਾ ਹੀ ਕਰ'ਤਾ ਕਤਲ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 29 ਜੁਲਾਈ। ਅੰਮ੍ਰਿਤਸਰ ਦੇ ਇਸਲਾਮਾਬਾਦ ਇਲਾਕੇ 'ਚ ਇੱਕ ਕਤਲ ਦੀ ਵੱਡੀ ਘਟਨਾ ਸਾਹਮਣੇ ਆਈ ਹੈ। ਪੁਲਸ ਨੂੰ ਮਿਲੀ ਜਾਣਕਾਰੀ ਮੁਤਾਬਕ, ਰਾਤ ਦੇ ਸਮੇਂ ਕ੍ਰਿਸ਼ਨ ਨਾਂ ਦੇ ਇਕ ਨੌਜਵਾਨ ਦੀ ਦਾਤਰ ਨਾਲ ਹੱਤਿਆ ਕਰ ਦਿੱਤੀ ਗਈ। ਜਿਵੇਂ ਹੀ ਪੁਲਸ ਨੂੰ ਜਾਣਕਾਰੀ ਮਿਲੀ, ਏਡੀਸੀਪੀ ਵਿਸ਼ਲਜੀਤ ਸਿੰਘ, ਏਸੀਪੀ ਜਸਪਾਲ ਸਿੰਘ ਅਤੇ ਐੱਸਐੱਚਓ ਸਮੇਤ ਸਾਰੀ ਟੀਮ ਮੌਕੇ 'ਤੇ ਪਹੁੰਚ ਗਈ ਅਤੇ ਘਟਨਾ ਦੀ ਗੰਭੀਰਤਾ ਨੂੰ ਦੇਖਦੇ ਹੋਏ ਤੁਰੰਤ ਜਾਂਚ ਸ਼ੁਰੂ ਕਰ ਦਿੱਤੀ। ਇਸ ਦੇ ਅੱਗੇ ਜਾਣਕਾਰੀ ਦਿੰਦੇ ਹੋਏ ਡੀਸੀਪੀ ਜੇਐੱਸ ਵਾਲੀਆ ਨੇ ਦੱਸਿਆ ਮ੍ਰਿਤਕ ਦੀ ਪਹਿਚਾਣ ਕ੍ਰਿਸ਼ਨ ਵਜੋਂ ਹੋਈ ਹੈ, ਜੋ ਕਿ ਕਰਿਆਨੇ ਦੀ ਦੁਕਾਨ ਚਲਾਉਂਦਾ ਸੀ। ਘਟਨਾ ਵਾਲੇ ਦਿਨ ਸ਼ਾਮ ਨੂੰ ਇਲਾਕੇ 'ਚ ਇੱਕ ਝਗੜਾ ਹੋਇਆ ਸੀ, ਜਿਸ ਨੂੰ ਕ੍ਰਿਸ਼ਨ ਨੇ ਹੀ ਛੁਡਵਾਇਆ ਸੀ ਅਤੇ ਦੋਵਾਂ ਧਿਰਾਂ ਵਿਚ ਰਾਜੀਨਾਮਾ ਕਰਾਇਆ ਸੀ। ਪਰ ਰਾਤ ਨੂੰ ਇਹੀ ਗੱਲ ਵਾਪਸ ਚਰਚਾ ਦਾ ਵਿਸ਼ਾ ਬਣੀ ਅਤੇ ਮੁੱਖ ਦੋਸ਼ੀ ਮੰਨਾ, ਜਿਸਦਾ ਘਰ ਕ੍ਰਿਸ਼ਨ ਦੀ ਦੁਕਾਨ ਦੇ ਸਾਹਮਣੇ ਹੈ, ਨੇ ਗੁੱਸੇ ਵਿਚ ਆ ਕੇ ਉਸ 'ਤੇ ਦਾਤਰ ਨਾਲ ਹਮਲਾ ਕਰ ਦਿੱਤਾ। ਪੁਲਸ ਨੇ ਦੱਸਿਆ ਕਿ ਕਤਲ ਦੀ ਵਜ?ਹਾ ਮੰਨੇ ਦੇ ਮਨ ਵਿਚ ਪੈਦਾ ਹੋਇਆ ਸ਼ੱਕ ਸੀ। ਉਸਨੂੰ ਲਗਦਾ ਸੀ ਕਿ ਕ੍ਰਿਸ਼ਨ ਦੀ ਦੁਕਾਨ ਤੇ ਬੈਠਣ ਵਾਲੇ ਕੁਝ ਲੋਕ ਉਸ ਦੀ ਪਤਨੀ 'ਤੇ ਮਾੜੀ ਨਿਗਾਹ ਰੱਖਦੇ ਹਨ। ਮੰਨੇ ਨੇ ਪੁਲਸ ਨੂੰ ਦੱਸਿਆ ਕਿ ਇਲਾਕੇ ਦੇ ਕੁਝ ਨੌਜਵਾਨ ਕ੍ਰਿਸ਼ਨ ਦੀ ਦੁਕਾਨ 'ਤੇ ਬੈਠਦੇ ਸਨ ਅਤੇ ਉਹਨੂੰ ਸ਼ੱਕ ਸੀ ਕਿ ਇਨ੍ਹਾਂ ਦਾ ਉਸਦੀ ਪਤਨੀ ਨਾਲ ਕੋਈ ਗਲਤ ਰਿਸ਼ਤਾ ਹੋ ਸਕਦਾ ਹੈ। ਇਹੀ ਗੱਲ ਸ਼ੱਕ ਦੀ ਜੜ੍ਹ ਬਣੀ ਅਤੇ ਆਖਰਕਾਰ ਕਤਲ ਦੀ



ਵਾਰਦਾਤ ਵਾਪਰ ਗਈ। ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਮੁੱਖ ਦੋਸ਼ੀ ਮੰਨਾ ਨੂੰ ਗ੍ਰਿਫਤਾਰ ਕਰ ਲਿਆ। ਉਸਦੇ ਨਾਲ ਕ੍ਰਿਸ਼ ਨਾਮਕ ਇਕ ਹੋਰ ਨੌਜਵਾਨ ਨੂੰ ਵੀ ਫੜਿਆ ਗਿਆ, ਜੋ ਕਿ 18 ਸਾਲਾਂ ਦਾ ਹੈ ਇਨ੍ਹਾਂ ਦੋਸ਼ੀਆਂ ਤੋਂ ਪੁੱਛਗਿੱਛ ਜਾਰੀ ਹੈ। ਉਥੇ ਹੀ ਹੋਰ ਦੋਸ਼ੀਆਂ—ਜਿਵੇਂ ਕਿ ਡੀਪੂ, ਜਸਵਾਲ ਅਤੇ ਟਿੱਕੀ—ਦੇ ਨਾਮ ਵੀ ਪਰਚੇ ਵਿੱਚ ਦਰਜ ਹੋ ਚੁੱਕੇ ਹਨ ਅਤੇ ਉਨ੍ਹਾਂ ਦੀ ਵੀ ਗ੍ਰਿਫਤਾਰੀ ਲਈ ਛਾਪੇਮਾਰੀ ਜਾਰੀ ਹੈ। ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਸਿੱਟੀ ਪੁਲਸ ਕਮਿਸ਼ਨਰ ਨੇ ਖਾਸ ਟੀਮਾਂ ਬਣਾਈਆਂ ਹਨ। ਮੌਕੇ ਦੀ ਜਾਂਚ, ਗਵਾਹਾਂ ਦੇ ਬਿਆਨ ਅਤੇ ਸੀਸੀਟਿਵੀ ਫੁਟੇਜ ਦੇ ਆਧਾਰ 'ਤੇ ਪੂਰਾ ਕੱਸ ਬਣਾਇਆ ਜਾ ਰਿਹਾ ਹੈ। ਪੁਲਸ ਨੇ ਦਾਅਵਾ ਕੀਤਾ ਹੈ ਕਿ ਬਾਕੀ ਦੋਸ਼ੀ ਵੀ ਜਲਦੀ ਗ੍ਰਿਫਤਾਰ ਕਰ ਲਏ ਜਾਣਗੇ। ਇਸ ਘਟਨਾ ਨੇ ਇਲਾਕੇ ਵਿੱਚ ਖੌਫ ਦਾ ਮਾਹੌਲ ਬਣਾਇਆ ਹੈ। ਲੋਕ ਪੁਲਸ ਵਲੋਂ ਕੀਤੀ ਕਾਰਵਾਈ ਨੂੰ ਸਹੀ ਦਿਸ਼ਾ ਵਿੱਚ ਕਦਮ ਮੰਨ ਰਹੇ ਹਨ। ਅਗਲੇ ਕੁਝ ਦਿਨਾਂ 'ਚ ਪੂਰੀ ਤਫਤੀਸ਼ ਦੀ ਰਿਪੋਰਟ ਵੀ ਸਾਹਮਣੇ ਆਉਣ ਦੀ ਸੰਭਾਵਨਾ ਹੈ।

**ਕੌਮੀ ਪਤ੍ਰਿਕਾ**

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814

Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਸਿਹਤ ਵਿਭਾਗ ਨੇ ਅਣ-ਅਧਿਕਾਰਿਤ ਚੱਲਦੇ ਨਸ਼ਾ ਛੁਡਾਊ ਕੇਂਦਰ ਨੂੰ ਕੀਤਾ ਸੀਲ

**ਕੌਮੀ ਪਤ੍ਰਿਕਾ**

ਧੂਰੀ 29 ਜੁਲਾਈ। ਸ਼ਹਿਰ ਅੰਦਰ ਕਥਿਤ ਤੌਰ 'ਤੇ ਅਣ-ਅਧਿਕਾਰਿਤ ਤਰੀਕੇ ਨਾਲ ਚੱਲਦੇ ਇਕ ਨਸ਼ਾ ਛੁਡਾਊ ਕੇਂਦਰ ਨੂੰ ਸਿਹਤ ਵਿਭਾਗ ਅਤੇ ਪੁਲਸ ਵੱਲੋਂ ਸਾਂਝੇ ਤੌਰ 'ਤੇ ਕਾਰਵਾਈ ਕਰਦਿਆਂ ਸੀਲ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਅਨੁਸਾਰ ਲੰਘੇ ਦਿਨ ਸਥਾਨਕ ਵਿਸ਼ਵਕਰਮਾ ਮੰਦਰ ਦੇ ਨਜ਼ਦੀਕ ਰਜਬਾਹੇ 'ਤੇ ਪਿਛਲੇ ਲੰਬੇ ਸਮੇਂ ਤੋਂ ਕਥਿਤ ਤੌਰ 'ਤੇ ਨਾਜਾਇਜ਼ ਤਰੀਕੇ ਨਾਲ ਚੱਲ ਰਹੇ ਨਸ਼ਾ ਛੁਡਾਊ ਕੇਂਦਰ ਦੇ ਖਿਲਾਫ ਕੱਲ ਬੁੱਧਵਾਰ ਨੂੰ ਨਾਇਬ ਤਹਿਸੀਲਦਾਰ ਮਨੀ ਮਹਾਜਨ ਦੀ ਅਗਵਾਈ ਹੇਠ ਸਿਹਤ ਵਿਭਾਗ ਦੇ ਮਾਨਸਿਕ ਰੋਗਾਂ ਦੇ ਮਾਹਿਰ ਇਸ਼ਾਨ



ਪ੍ਰਕਾਸ਼, ਡਰੱਗ ਇੰਸਪੈਕਟਰ ਨਰੇਸ਼ ਕੁਮਾਰ ਅਤੇ ਥਾਣਾ ਸਿਟੀ ਧੂਰੀ ਦੇ ਮੁੱਖੀ ਜਸਵੀਰ ਸਿੰਘ ਤੂਰ ਵੱਲੋਂ ਸਾਂਝੇ ਤੌਰ 'ਤੇ ਕਾਰਵਾਈ ਕੀਤੀ ਗਈ। ਇਸ ਦੌਰਾਨ ਇਨ੍ਹਾਂ ਅਧਿਕਾਰੀਆਂ ਵੱਲੋਂ ਨਸ਼ਾ ਛੁਡਾਊ ਕੇਂਦਰ ਨੂੰ ਸੀਲ ਕਰਦੇ ਹੋਏ ਉੱਥੇ ਦਾਖਲ 18 ਮਰੀਜ਼ਾਂ ਨੂੰ ਰਿਹਾਅ ਵੀ ਕਰਵਾਇਆ ਗਿਆ। ਇਸ ਮੌਕੇ ਕਾਰਵਾਈ ਕਰਨ ਆਏ ਇਨ੍ਹਾਂ ਅਧਿਕਾਰੀਆਂ ਨੇ ਦੱਸਿਆ ਕਿ ਮਨੁੱਖੀ ਅਧਿਕਾਰ ਕਮਿਸ਼ਨ ਪੰਜਾਬ ਨੂੰ ਨਸ਼ਾ ਛੁਡਾਊ ਕੇਂਦਰ 'ਚ ਮਰੀਜ਼ਾਂ ਦੀ ਕੁੱਟਮਾਰ ਕਰਨ ਸਬੰਧੀ ਮਿਲੀਆਂ ਸ਼ਿਕਾਇਤ ਮਗਰੋਂ ਡਿਪਟੀ ਕਮਿਸ਼ਨਰ ਸੰਗਰੂਰ ਵੱਲੋਂ ਇਕ ਕਮੇਟੀ ਬਣਾਈ ਗਈ ਸੀ। ਇਸ ਆਧਾਰ 'ਤੇ ਸਿਹਤ ਵਿਭਾਗ ਅਤੇ ਪੁਲਸ ਵੱਲੋਂ ਕੀਤੀ ਗਈ ਕਾਰਵਾਈ ਦੌਰਾਨ ਨਸ਼ਾ ਛੁਡਾਊ ਕੇਂਦਰ 'ਚ ਖਾਮੀਆਂ ਨੂੰ ਦੇਖਦੇ ਹੋਏ ਇਸ ਕੇਂਦਰ ਨੂੰ ਸੀਲ ਕਰ ਕੇ ਕੇਂਦਰ 'ਚ ਦਾਖਲ 18 ਮਰੀਜ਼ਾਂ ਨੂੰ ਰਿਹਾਅ ਕਰਵਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ 'ਚੋਂ ਕੁਝ ਮਰੀਜ਼ਾਂ ਨੂੰ ਉਨ੍ਹਾਂ ਦੇ ਮਾਪਿਆਂ ਦੇ ਹਵਾਲੇ ਅਤੇ ਬਾਕੀ 7 ਮਰੀਜ਼ਾਂ ਨੂੰ ਸਰਕਾਰੀ ਨਸ਼ਾ ਛੁਡਾਊ ਕੇਂਦਰ 'ਚ ਇਲਾਜ ਲਈ ਭੇਜਿਆ ਜਾ ਰਿਹਾ ਹੈ। ਇਸ ਮੌਕੇ ਥਾਣਾ ਮੁਖੀ ਇੰਸਪੈਕਟਰ ਜਸਵੀਰ ਸਿੰਘ ਤੂਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਦੀ ਗ੍ਰਿਫ਼ਤ 'ਚ ਫਸੇ ਆਪਣੇ ਬੱਚਿਆਂ ਨੂੰ ਕਿਸੇ ਵੀ ਨਸ਼ਾ ਛੁਡਾਊ ਕੇਂਦਰ 'ਚ ਦਾਖਲ ਕਰਵਾਉਣ ਤੋਂ ਪਹਿਲਾਂ ਉਸ ਕੇਂਦਰ ਦੀ ਭਰੋਸੇ ਯੋਗਤਾ ਅਤੇ ਸਰਕਾਰ ਤੋਂ ਮਿਲੀ ਪ੍ਰਮਾਣਤਾ ਬਾਰੇ ਜ਼ਰੂਰ ਪਤਾ ਕਰਨ, ਤਾਂ ਕਿ ਬੱਚਿਆਂ ਦਾ ਸਹੀ ਇਲਾਜ ਹੋ ਸਕੇ।

## ਅਜਨਾਲਾ ਵਿੱਚ ਫਾਇਰ ਸਟੇਸ਼ਨ ਅਪਗਰੇਡ ਕਰਨ ਲਈ ਸਰਕਾਰ ਵੱਲੋਂ 2 ਕਰੋੜ ਰੁਪਏ ਦੀ ਰਾਸ਼ੀ ਮਨਜ਼ੂਰ- ਧਾਲੀਵਾਲ

ਅਜਨਾਲਾ , 29 ਜੁਲਾਈ। ਹਲਕਾ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਨਗਰ ਕੌਂਸਲ ਅਜਨਾਲਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਅਜਨਾਲਾ ਵਿੱਚ ਫਾਇਰ ਸਟੇਸ਼ਨ ਦੇ ਅਪਗਰੇਡ ਲਈ ਪੰਜਾਬ ਸਰਕਾਰ ਵੱਲੋਂ 1.98 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਹੈ। ਜਿਸ ਨਾਲ ਇੱਕ ਨਵੀਂ ਗੱਡੀ ਵੀ ਖਰੀਦੀ ਜਾਵੇਗੀ ਤਾਂ ਜੋ ਕਿਸੇ ਵੀ ਹੰਗਾਮੀ ਹਾਲਤ ਨਾਲ ਨਜਿੱਠਿਆ ਜਾ ਸਕੇ?। ਉਹਨਾਂ ਦੱਸਿਆ ਕਿ ਇਸ ਤੋਂ ਇਲਾਵਾ ਅਜਨਾਲਾ ਸ਼ਹਿਰ ਦੀਆਂ ਗਲੀਆਂ ਨਾਲੀਆਂ ਲਈ ਸਰਕਾਰ ਵੱਲੋਂ ਪ੍ਰਵਾਨ ਕੀਤੇ ਗਏ 9 ਕਰੋੜ ਰੁਪਏ ਵਿੱਚੋਂ ਦੂਸਰੀ ਕਿਸਤ ਵੀ ਤਿੰਨ ਕਰੋੜ ਰੁਪਏ ਦੀ ਪ੍ਰਾਪਤ ਹੋ ਚੁੱਕੀ ਹੈ। ਸ ਧਾਲੀਵਾਲ ਨੇ ਦੱਸਿਆ ਕਿ ਰਮਦਾਸ ਨਗਰ ਕੌਂਸਲ ਲਈ ਸਰਕਾਰ ਵੱਲੋਂ ਡੇਢ ਕਰੋੜ ਰੁਪਏ ਦੀ ਰਾਸ਼ੀ ਕੰਮ ਕਰਵਾਉਣ ਲਈ ਆ ਚੁੱਕੀ ਹੈ । ਉਹਨਾਂ ਅਜਨਾਲਾ ਵਿੱਚ ਲੱਗਣ ਵਾਲੀਆਂ 260 ਸਟਰੀਟ ਲਾਈਟਾਂ ਬਾਰੇ ਗੱਲ ਕਰਦੇ ਦੱਸਿਆ ਕਿ ਇਸ ਕੰਮ ਲਈ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ 92.72 ਲੱਖ ਰੁਪਏ ਦੀ ਪ੍ਰਵਾਨਗੀ ਦਿੱਤੀ ਗਈ ਸੀ ਪਰ ਅਸੀਂ ਟੈਂਡਰ ਲਗਾ ਕੇ ਇਹ ਕੰਮ ਕਰਵਾਇਆ ਜੋ ਕਿ 28.76 ਪਤੀਸ਼ਤ ਘਾਟੇ ਉੱਤੇ ਅਲਾਟ ਹੋਇਆ, ਜਿਸ ਨਾਲ ਸਰਕਾਰ ਦਾ 26.67 ਲੱਖ ਰੁਪਆ ਬਚਿਆ ਹੈ। ਉਹਨਾਂ ਦੱਸਿਆ ਕਿ ਇਹ ਸਟਰੀਟ ਲਾਈਟ ਪੋਲ ਸਾਢੇ ਅੱਠ ਫੁੱਟ ਉੱਚਾ ਹੋਵੇਗਾ ਅਤੇ 130 ਕਿਲੋ ਦੇ ਕਰੀਬ ਭਾਰਾ ਹੋਵੇਗਾ । ਉਹਨਾਂ ਸ਼ਹਿਰ ਵਿੱਚ ਲੱਗਦੇ ਟਰੈਫਿਕ ਜਾਮ ਲਈ ਕਸੂਰਵਾਰ ਦੁਕਾਨਦਾਰਾਂ ਨੂੰ ਮੁਖਾਤਿਬ ਹੁੰਦੇ ਕਿਹਾ ਕਿ ਉਹ ਅਗਲੇ 48 ਘੰਟਿਆਂ ਵਿੱਚ ਜਾਂ ਤਾਂ ਆਪਣਾ ਸਮਾਨ ਸਮੇਟ ਲੈਣ ਨਹੀਂ ਤਾਂ ਕਾਰਵਾਈ ਲਈ ਤਿਆਰ ਰਹਿਣ । ਉਹਨਾਂ ਕਿਹਾ ਕਿ ਅਜਨਾਲੇ ਦੇ ਬਾਈਪਾਸ ਉਸਾਰੀ ਅਧੀਨ ਹਨ ਅਤੇ ਜਦ ਉਹ ਬਣ ਗਏ ਤਾਂ ਸਥਿਤੀ ਹੋਰ ਹੋਵੇਗੀ

## ਕਿਸਾਨ ਤਰਜੀਹ ਕਾਰਡ ਦੀ ਹਮਾਇਤ ਲਈ ਖੇਤੀਬਾੜੀ ਮਸ਼ੀਨਰੀ, ਖਾਦਾਂ, ਬੀਜਾਂ, ਦਵਾਈਆਂ ਦੇ ਡੀਲਰ ਵੀ ਅੱਗੇ ਆਏ

ਅੰਮ੍ਰਿਤਸਰ, 29 ਜੁਲਾਈ: ਜ਼ਿਲ੍ਹਾ ਪ੍ਰਸ਼ਾਸਨ ਅੰਮ੍ਰਿਤਸਰ ਵੱਲੋਂ ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ ਦੀ ਅਗਵਾਈ ਵਿੱਚ ਪਰਾਲੀ ਨੂੰ ਅੱਗ ਨਾ ਲਗਾਉਣ ਵਾਲੇ ਕਿਸਾਨਾਂ ਨੂੰ ਕਿਸਾਨ ਤਰਜੀਹ ਕਾਰਡ ਦੇਣ ਦੇ ਕੀਤੇ ਗਏ ਫੈਸਲੇ ਦੀ ਹਮਾਇਤ ਕਰਨ ਲਈ ਅੱਜ ਖੇਤੀਬਾੜੀ ਮਸ਼ੀਨਰੀ , ਬੀਜਾਂ , ਖਾਦਾਂ ਦਵਾਈਆਂ ਵੇਚਣ ਵਾਲੇ ਡੀਲਰਾਂ ਵੀ ਡਿਪਟੀ ਕਮਿਸ਼ਨਰ ਨੂੰ ਮਿਲਣ ਆਏ। ਦੱਸਣ ਯੋਗ ਹੈ ਕਿ ਜ਼ਿਲ੍ਹਾ ਪ੍ਰਸ਼ਾਸਨ ਉਨਾਂ ਕਿਸਾਨਾਂ ਨੂੰ ਇਹ ਤਰਜੀਹੀ ਕਾਰਡ ਜਾਰੀ ਕਰਨ ਜਾ ਰਿਹਾ ਹੈ ਜੋ ਕਿ ਪਿਛਲੇ ਤਿੰਨ ਸਾਲਾਂ ਤੋਂ ਝੋਨੇ ਦੀ ਪਰਾਲੀ ਨੂੰ ਅੱਗ ਨਹੀਂ ਲਾ ਰਹੇ। ਇਹ ਕਿਸਾਨ ਤਰਜੀਹ ਕਾਰਡ ਜਿੱਥੇ ਸਰਕਾਰੀ ਦਫਤਰਾਂ ਵਿੱਚ ਕੰਮ ਕਰਵਾਉਣ ਲਈ ਕਿਸਾਨ ਨੂੰ ਤਰਜੀਹੀ ਦੇਣਗੇ ਉਥੇ ਉਹਨਾਂ ਦੀ ਪਾਰਕਿੰਗ ਫੀਸ ਵੀ ਮੁਆਫ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਇਹਨਾਂ ਕਿਸਾਨਾਂ ਨੂੰ ਰੋਜ਼ ਮਰਾ ਦੀਆਂ ਵਸਤਾਂ ਦੀ ਖਰੀਦ ਵਿੱਚ ਵੀ ਛੋਟ ਦਵਾਉਣ ਦੀ ਕੋਸ਼ਿਸ਼ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਰੀ ਹੈ। ਅੱਜ ਇਸੇ ਸਬੰਧ ਵਿੱਚ ਖੇਤੀਬਾੜੀ ਵਿਭਾਗ ਦੀ ਪਹਿਲ ਕਦਮੀ ਉੱਤੇ ਖੇਤੀ ਮਸ਼ੀਨਰੀ ਦੇ ਡੀਲਰ ਢਿੱਲੋਂ ਗਰੁੱਪ ਟ?ਰੇਡਿੰਗ ਕੰਪਨੀ, ਖਾਦਾਂ ਦਵਾਈਆਂ ਦੇ ਡੀਲਰ ਵਿਨੋਦ ਕੁਮਾਰ ਅਗਰਵਾਲ, ਭੋਲੇ ਸ਼ੰਕਰ ਖੇਤੀ ਸਟੋਰ ਅਤੇ ਖੇਤੀ ਬੀਜਾਂ ਦੇ ਡੀਲਰ ਸੁੱਖਾ ਸਿੰਘ ਇੰਦਰ ਸਿੰਘ ਅੰਮ੍ਰਿਤਸਰ ਵੱਲੋਂ ਵੇਚੇ ਜਾਂਦੇ ਉਤਪਾਦਾਂ ਉੱਤੇ ਪੰਜ ਤੋਂ 10 ਫੀਸਦੀ ਤੱਕ ਦਾ ਡਿਸਕਾਊਂਟ ਉਹ ਤਰਜੀਹੀ ਕਾਰਡ ਵਾਲੇ ਕਿਸਾਨਾਂ ਨੂੰ ਦੇਣ ਦਾ ਐਲਾਨ ਕੀਤਾ ਗਿਆ ਅਤੇ ਇਸ ਸੰਬੰਧ ਵਿੱਚ ਉਹਨਾਂ ਨੇ ਡਿਪਟੀ ਕਮਿਸ਼ਨਰ ਨੂੰ ਲਿਖਤੀ ਪੱਤਰ ਵੀ ਸੌਂਪ ਦਿੱਤਾ। ਡਿਪਟੀ ਕਮਿਸ਼ਨਰ ਨੇ ਉਕਤ ਡੀਲਰਾਂ ਨੂੰ ਇਸ ਵੱਡੇ ਸਹਿਯੋਗ ਲਈ ਧੰਨਵਾਦ ਕਰਦੇ ਕਿਹਾ ਕਿ ਤੁਹਾਡੇ ਇਸ ਸਾਥ ਨਾਲ ਅਸੀਂ ਜਿਲ੍ਹੇ ਨੂੰ ਪਰਾਲੀ ਦੇ ਪ੍ਰਦੂਸ਼ਣ ਤੋਂ ਮੁਕਤ ਕਰਨ ਵਿੱਚ ਜਰੂਰ ਕਾਮਯਾਬ ਹੋਵਾਂਗੇ।


**NAME CHANGE**

I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

**NAME CHANGE**

I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

**NAME CHANGE**

I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

**NAME CHANGE**

I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

**NAME CHANGE**

I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

**NAME CHANGE**

I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.

**NAME CHANGE**

I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**PUBLIC NOTICE**

It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

**PUBLIC NOTICE**

It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

**PUBLIC NOTICE**

It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

**NAME CHANGE**

I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

**NAME CHANGE**

I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

**NAME CHANGE**

It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

**PUBLIC NOTICE**

It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**

I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

**NAME CHANGE**

I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

**NAME CHANGE**

I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

**NAME CHANGE**

I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

**NAME CHANGE**

I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

**NAME CHANGE**

I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

**NAME CHANGE**

I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

**NAME CHANGE**

It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DINDAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

**PUBLIC NOTICE**

It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

**NAME CHANGE**

I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**

I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

**NAME CHANGE**

ਕਹਿੰਦੇ ਹਨ ਕਿ ਪਹਿਲਾਂ ਇਹ ਮੰਮੀ ਪਿੰਡ ਦੇ ਇੱਕ ਸਤੂਪ ਵਿੱਚ ਰੱਖੀ ਹੋਈ ਸੀ, ਪਰ 1974 ਵਿੱਚ ਆਏ ਜ਼ਬਰਦਸਤ ਭੂਚਾਲ ਤੋਂ ਬਾਅਦ ਇਹ ਮਲਬੇ ਹੇਠਾਂ ਦੱਬੀ ਗਈ। 1995 ਵਿੱਚ ਸੜਕ ਦਾ ਨਿਰਮਾਣ ਕਰ ਰਹੇ ਆਈਟੀਬੀਪੀ ਦੇ ਜਵਾਨਾਂ ਨੂੰ ਮਲਬੇ ਹੇਠੋਂ ਇਹ ਮੰਮੀ ਮਿਲ ਗਈ। 2009 ਤਕ ਆਈਟੀਬੀਪੀ ਨੇ ਇਸ ਨੂੰ ਆਪਣੇ ਕੈਂਪਸ ਵਿੱਚ ਹੀ ਰੱਖਿਆ। ਗਿਊ ਪਿੰਡ ਦੇ ਸਾਰੇ ਵਸਨੀਕ ਬੁੱਧ ਧਰਮ ਦੇ ਅਨੁਯਾਈ ਹਨ ਜਿਸ ਕਾਰਨ ਉਹ ਬੋਧੀ ਲਾਮਾ ਦੀ ਇਸ ਮੰਮੀ ਪ੍ਰਤੀ ਅਥਾਹ ਸ਼ਰਧਾ ਰੱਖਦੇ ਹਨ। ਬਾਹਰੋਂ ਦੇਖਣ ਲਈ ਆਉਣ ਵਾਲੇ ਲੋਕਾਂ ਦੀ ਭੀੜ ਦੇ ਮੱਦੇਨਜ਼ਰ ਅਤੇ ਮੰਮੀ ਪ੍ਰਤੀ ਆਪਣੀ ਸ਼ਰਧਾ ਕਾਰਨ 2009 ਵਿੱਚ ਉਹ ਇਸ ਨੂੰ ਪਿੰਡ ਲੈ ਆਏ। ਇਸ ਦੀ ਸੰਭਾਲ ਲਈ ਪਿੰਡ ਦੇ ਪਿੱਛੇ ਇੱਕ ਉੱਚੀ ਥਾਂ 'ਤੇ ਇੱਕ ਛੋਟਾ ਜਿਹਾ ਕਮਰਾ ਬਣਵਾਇਆ ਗਿਆ। ਕਮਰੇ ਵਿੱਚ ਸ਼ੀਸ਼ੇ ਦਾ ਇੱਕ ਕੈਬਿਨ ਬਣਾ ਕੇ ਮੰਮੀ ਨੂੰ ਉਸ ਅੰਦਰ ਸਥਾਪਿਤ ਕਰ ਦਿੱਤਾ ਗਿਆ। ਇਸ ਕਮਰੇ ਦੇ ਨਾਲ ਹੀ ਨਵੇਂ ਬੋਧੀ ਮੰਦਿਰ ਦਾ ਨਿਰਮਾਣ ਕੀਤਾ ਗਿਆ। ਅੱਜ ਦੇਸ਼ ਵਿਦੇਸ਼ ਤੋਂ ਸੈਲਾਨੀ ਇਸ ਨੂੰ ਦੇਖਣ ਲਈ ਆਉਂਦੇ ਹਨ।

ਇਸ ਬੋਧੀ ਮੰਦਿਰ ਤਕ ਜਾਣ ਦਾ ਰਸਤਾ ਰਾਜਧਾਨੀ ਸ਼ਿਮਲਾ ਤੋਂ ਕਿਨੌਰ ਹੋ ਕੇ ਗੁਜ਼ਰਦਾ ਹੈ। ਸ਼ਿਮਲੇ ਤੋਂ ਗਿਊ ਦੀ ਦੂਰੀ ਤਕਰੀਬਨ 365 ਕਿਲੋਮੀਟਰ ਹੈ। ਕਿਨੌਰ ਖੇਤਰ ਵੀ ਕੁਦਰਤੀ ਸੁੰਦਰਤਾ ਦਾ ਅਨਮੋਲ ਖ਼ਜ਼ਾਨਾ ਹੈ। ਕਰਛਮ ਡੈਮ, ਰਿੱਬਾ, ਪੂਹ, ਨਾਕੋ ਵਰਗੇ ਮਨਮੋਹਕ ਸਥਾਨਾਂ ਨੂੰ ਲੰਘ ਕੇ ਸੁਮਦੋ ਤੋਂ ਲਾਹੌਲ ਸਪਿਤੀ ਜ਼ਿਲ੍ਹੇ ਦੀ ਹੱਦ ਸ਼ੁਰੂ ਹੋ ਜਾਂਦੀ ਹੈ। ਇੱਥੇ ਆਈਟੀਬੀਪੀ ਦੀ ਚੈੱਕ-ਪੋਸਟ ਹੈ ਜਿੱਥੇ ਆਪਣਾ ਨਾਮ ਪਤਾ ਦਰਜ਼ ਕਰਵਾਉਣ ਅਤੇ ਦਸਤਾਵੇਜ਼ ਚੈੱਕ ਕਰਵਾਉਣ ਪਿੱਛੋਂ ਹੀ ਰਾਹਗੀਰਾਂ ਨੂੰ ਅੱਗੇ ਲੰਘਣ ਦਿੱਤਾ ਜਾਂਦਾ ਹੈ। ਸੁਮਦੋ ਤੋਂ ਦੋ ਕੁ ਕਿਲੋਮੀਟਰ ਅੱਗੇ ਜਾ ਕੇ ਖ਼ੂਬਸੂਰਤ ਪਹਾੜਾਂ ਦੇ ਵਿਚਕਾਰ ਗਿਊ ਨਾਲੇ ਦਾ ਪੁਲ ਆਉਂਦਾ ਹੈ ਜਿਸ ਨੂੰ ਗਿਊ ਮੋੜ ਜਾਂ ਗਿਊ ਪੁਲ ਆਖਦੇ ਹਨ। ਇੱਥੇ ਆ ਕੇ ਗਿਊ ਨਾਲਾ ਸਪਿਤੀ ਨਦੀ 'ਚ ਆ ਕੇ ਮਿਲਦਾ ਹੈ। ਇਸ ਪੁਲ ਤੋਂ ਹੀ ਸ਼ੁਰੂ ਹੁੰਦਾ ਹੈ ਗਿਊ ਦਾ ਰੋਮਾਂਚਿਕ ਸਫ਼ਰ। ਪੁਲ ਤੋਂ ਕੌਮੀ ਸ਼ਾਹਮਾਰਗ 505 ਸਿੱਧਾ ਤਾਬੋ, ਕਾਜ਼ਾ ਵੱਲ ਨੂੰ ਚਲਾ ਜਾਂਦਾ ਹੈ ਅਤੇ ਨਾਲੇ ਦੇ ਖੱਬੇ ਕੰਢੇ ਇੱਕ ਤੰਗ ਜਿਹੀ ਸੜਕ ਗਿਊ ਪਿੰਡ ਨੂੰ ਜਾਂਦੀ ਹੈ। ਇੱਥੇ ਗ੍ਰਾਮ ਪੰਚਾਇਤ ਵੱਲੋਂ ਬਣਵਾਇਆ ਗਿਆ ਸਵਾਗਤੀ ਗੇਟ ਸੈਲਾਨੀਆਂ ਨੂੰ ਜੀ ਆਇਆਂ ਕਹਿੰਦਾ ਹੈ। ਮੁੱਖ ਮਾਰਗ ਤੋਂ ਗਿਊ ਦੀ ਦੂਰੀ ਮਹਿਜ਼ ਅੱਠ ਕਿਲੋਮੀਟਰ ਹੈ, ਪਰ ਇਹ ਅੱਠ ਕਿਲੋਮੀਟਰ ਦਾ ਸਫ਼ਰ ਸ਼ਾਂਤੀ, ਖ਼ੂਬਸੂਰਤੀ, ਰੋਮਾਂਚ ਅਤੇ ਅਲੌਕਿਕ ਦ੍ਰਿਸ਼ਾਂ ਨਾਲ ਭਰਪੂਰ ਹੈ। ਸੱਪ ਵਾਂਗ ਵਲ਼ ਖਾਂਦੀ ਉੱਚੀ ਨੀਵੀਂ ਸੜਕ ਦੇ ਨਾਲ ਨਾਲ ਵਹਿੰਦੇ ਗਿਊ ਨਾਲੇ ਦੀਆਂ ਸੰਗੀਤਕ ਲਹਿਰਾਂ ਸਫ਼ਰ ਨੂੰ ਹਸੀਨ ਬਣਾ ਦਿੰਦੀਆਂ ਹਨ। ਰਸਤੇ ਵਿੱਚ ਪਹਾੜਾਂ ਦੀਆਂ ਢਲਾਣਾਂ 'ਤੇ ਝਾੜ ਬੂਟ ਚਰਦੇ ਹਿਰਨ ਘਾਟੀ ਦੀ ਸ਼ਾਂਤੀ ਅਤੇ ਇਕਾਂਤ ਵਾਤਾਵਰਨ ਨੂੰ ਮਾਣਦੇ ਪ੍ਰਤੀਤ ਹੁੰਦੇ ਹਨ। ਇਸ ਮਨਮੋਹਕ ਸਫ਼ਰ ਦੌਰਾਨ ਦੂਰੋਂ ਹੀ ਪਿੰਡ ਦੇ ਆਸ ਪਾਸ ਦੀ ਹਰਿਆਲੀ ਅਤੇ ਉੱਚੀ ਜਗ੍ਹਾ 'ਤੇ ਸਥਿਤ ਗਿਊ ਦਾ ਮੰਮੀ ਮੰਦਿਰ ਨਜ਼ਰ ਆਉਣ ਲੱਗਦਾ ਹੈ। ਪਿੰਡ ਵਿੱਚ ਦਾਖ਼ਲ ਹੁੰਦਿਆਂ ਹੀ ਇੱਕ ਖੁੱਲ੍ਹੀ ਥਾਂ 'ਤੇ ਗੋਲ ਥੜ੍ਹਾ ਜਿਹਾ ਬਣਿਆ ਹੋਇਆ ਹੈ ਜੋ ਸਪਿਤੀ ਘਾਟੀ ਦੇ ਪਿੰਡਾਂ ਵਿੱਚ ਆਮ ਦੇਖਣ ਨੂੰ ਮਿਲਦਾ ਹੈ। ਇਹ ਥੜ੍ਹਾ ਬੋਧੀਆਂ ਦੀ ਕਿਸੇ ਧਾਰਮਿਕ ਪਰੰਪਰਾ ਦਾ ਪ੍ਰਤੀਕ ਹੈ। ਇੱਥੇ ਹੀ ਸਰਕਾਰੀ ਸਕੂਲ ਦੇ ਛੋਟੇ ਛੋਟੇ ਬੱਚੇ ਛੁੱਟੀ ਤੋਂ ਬਾਅਦ ਘਰ ਜਾਂਦਿਆਂ ਮਿਲਦੇ ਹਨ। ਥੋੜ੍ਹਾ ਅੱਗੇ ਇੱਕ ਛੋਟਾ ਜਿਹਾ ਬੋਧੀ ਮੱਠ ਹੈ ਅਤੇ ਨਾਲ ਹੀ ਬੰਦ ਪਿਆ ਇੱਕ ਢਾਬਾ ਨਜ਼ਰ ਆਉਂਦਾ ਹੈ। ਪਿੰਡ ਦੇ ਕੁੱਲ ਅਠਾਰਾਂ ਕੁ ਘਰ ਹਨ। ਕੋਈ ਵੀ ਪਿੰਡ ਵਾਸੀ ਘਰ ਤੋਂ ਬਾਹਰ ਫਿਰਦਾ ਨਜ਼ਰ ਨਹੀਂ ਆਉਂਦਾ। ਇੰਨੀ ਸ਼ਾਂਤੀ ਦੇਖ ਕੇ ਇਉਂ ਜਾਪਦਾ ਹੈ ਜਿਵੇਂ ਇੱਥੇ ਮਨੁੱਖ ਦਾ ਵਾਸਾ ਹੀ ਨਹੀਂ ਹੁੰਦਾ। ਪਿੰਡ ਤੋਂ ਅੱਗੇ ਮਟਰ ਦੇ ਖੇਤਾਂ 'ਚੋਂ ਲੰਘਦੀ ਘੁਮਾਅਦਾਰ ਸੜਕ ਲਾਮਾ ਮੰਮੀ ਮੰਦਿਰ ਤਕ ਪਹੁੰਚ ਜਾਂਦੀ ਹੈ। ਮੰਦਿਰ ਅੱਗੇ ਪਾਰਕਿੰਗ ਲਈ ਕਾਫ਼ੀ ਖੁੱਲ੍ਹੀ ਥਾਂ ਹੈ। ਮੰਦਿਰ ਦੇ ਸੱਜੇ ਪਾਸੇ ਛੋਟੇ ਜਿਹੇ ਕਮਰੇ ਅੰਦਰ ਲਾਮਾ ਦੀ ਮੰਮੀ ਰੱਖੀ ਹੋਈ ਹੈ। ਦੇਖਣ ਨੂੰ ਇਹ ਕਿਸੇ ਸੰਤ ਦੀ ਮੂਰਤੀ ਵਾਂਗ ਜਾਪਦੀ ਹੈ। ਇਸ ਉੱਤੇ ਪੀਲੇ ਰੰਗ ਕੱਪੜਾ ਦਿੱਤਾ ਹੋਇਆ ਹੈ ਅਤੇ ਸਿਰ 'ਤੇ ਸਫ਼ੈਦ ਚੁੰਨੀ ਦੇ ਕੇ ਬੁੱਕਲ ਮਾਰੀ ਹੋਈ ਹੈ। ਇਸ ਕੋਲ ਲੋਕਾਂ ਵੱਲੋਂ ਸ਼ਰਧਾ ਵਜੋਂ ਭੇਟ ਕੀਤੀਆਂ ਕਾਫ਼ੀ ਸਾਰੀਆਂ ਸਫ਼ੈਦ ਚੁੰਨੀਆਂ ਉੱਪਰ ਬੰਨ੍ਹੀਆਂ ਹੁੰਦੀਆਂ ਹਨ। ਇਸ ਦੀਆਂ ਅੱਖਾਂ ਗਲ ਚੁੱਕੀਆਂ ਹਨ, ਪਰ ਦੰਦ ਹਾਲੇ ਵੀ ਸੁਰੱਖਿਅਤ ਹਨ। ਮੰਮੀ ਨੂੰ ਦੇਖਣ ਪਿੱਛੋਂ ਅਸੀਂ ਪੌੜੀਆਂ ਰਾਹੀਂ ਮੰਦਿਰ ਦੇ ਉੱਪਰ ਚੜ੍ਹ ਗਏ। ਉੱਪਰ ਤੋਂ ਗਿਊ ਪਿੰਡ ਅਤੇ ਪੂਰੀ ਘਾਟੀ ਦਾ ਸ਼ਾਨਦਾਰ ਨਜ਼ਾਰਾ ਤੱਕਣ ਨੂੰ ਮਿਲਦਾ ਹੈ। ਇੱਥੋਂ ਵਾਪਸ ਜਾਣ ਨੂੰ ਉੱਕਾ ਹੀ ਦਿਲ ਨਹੀਂ ਕਰਦਾ। ਇਹ ਮੰਦਿਰ ਸਮੁੰਦਰ ਤਲ ਤੋਂ ਤਕਰੀਬਨ ਸਾਢੇ ਬਾਰਾਂ ਹਜ਼ਾਰ ਫੁੱਟ ਦੀ ਉਚਾਈ 'ਤੇ ਸਥਿਤ ਹੈ। ਇਸ ਦੇ ਪਿਛਲੇ ਪਾਸੇ ਬਰਫ਼ ਲੱਦੇ ਪਹਾੜ ਤੋਂ ਪਾਰ ਚੀਨ ਦੀ ਸੀਮਾ ਹੈ। ਚਾਹੇ ਤਿੱਬਤ, ਗਿਊ ਤੋਂ ਦੋ ਕਿਲੋਮੀਟਰ ਨਾਲੋਂ ਵੀ ਘੱਟ ਦੂਰ ਹੈ, ਪਰ ਇੱਥੋਂ ਤਿੱਬਤ ਵੱਲ ਜਾਣਾ ਆਸਾਨ ਨਹੀਂ ਹੈ ਕਿਉਂਕਿ ਇਹ ਸਿੱਧਾ ਪਹਾੜ ਸਾਲ ਭਰ ਬਰਫ਼ ਨਾਲ ਢੱਕਿਆ ਰਹਿੰਦਾ ਹੈ ਜਿਸ ਕਰਕੇ ਇਸ ਨੂੰ ਪਾਰ ਕਰਨਾ ਅਤਿ ਮੁਸ਼ਕਿਲ ਹੈ। ਗਿਊ ਪਿੰਡ ਦੁਰਾਡੇ ਪਹਾੜਾਂ ਵਿੱਚ ਸਥਿਤ ਹੋਣ ਕਾਰਨ ਆਧੁਨਿਕ ਸਹੂਲਤਾਂ ਤੋਂ ਬਿਲਕੁਲ ਸੱਖਣਾ ਹੈ। ਸਾਲ ਵਿੱਚ ਛੇ ਸੱਤ ਮਹੀਨੇ ਇਹ ਪਿੰਡ ਬਰਫ਼ ਨਾਲ ਢੱਕਿਆ ਰਹਿੰਦਾ ਹੈ ਜਿਸ ਕਰਕੇ ਇੱਥੋਂ ਦੇ ਵਸਨੀਕਾਂ ਨੂੰ ਸਖ਼ਤ ਜੀਵਨ ਹਾਲਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇੱਥੇ ਹੋਟਲ, ਰੈਸਤਰਾਂ ਜਾਂ ਗੈਸਟ ਹਾਊਸ ਵਰਗੀਆਂ ਸਹੂਲਤਾਂ ਵੀ ਨਹੀਂ ਮਿਲਦੀਆਂ ਅਤੇ ਨਾ ਹੀ ਬੱਸ ਜਾਂ ਟੈਕਸੀ ਦੀ ਸਹੂਲਤ ਹੈ। ਇੱਥੇ ਆਉਣ ਵਾਲੇ ਸੈਲਾਨੀਆਂ ਨੂੰ ਆਪਣਾ ਸਾਰਾ ਪ੍ਰਬੰਧ ਖ਼ੁਦ ਕਰਕੇ ਆਉਣਾ ਪੈਂਦਾ ਹੈ। ਪਿੰਡ ਵਿੱਚ ਖਾਣ ਪੀਣ ਤੇ ਰਹਿਣ ਦਾ ਪ੍ਰਬੰਧ ਨਾ ਹੋਣ ਕਾਰਨ ਮਜਬੂਰਨ ਸਾਨੂੰ ਵਾਪਸ ਮੁੜਨਾ ਪਿਆ। ਗਿਊ ਨਾਲੇ ਕੰਢੇ ਰੁਕ ਰੁਕ ਕੇ ਅਠਖੇਲੀਆਂ ਕਰਦੇ ਅਤੇ ਘਾਟੀ ਦੇ ਨਜ਼ਾਰਿਆਂ ਨੂੰ ਮਾਣਦੇ ਅਸੀਂ ਬੁੱਧ ਧਰਮ ਦੇ ਇੱਕ ਹੋਰ ਅਜੂਬੇ ਨੂੰ ਦੇਖਣ ਲਈ ਤਾਬੋ ਦੇ ਰਾਹ ਚੱਲ ਪਏ।



# ਮੁਰਗੀ ਦੇ ਬੱਚੇ ਨੂੰ ਬਾਂਦਰ ਨੇ ਲਿਆ ਗੋਦ

ਕਹਿੰਦੇ ਹਨ ਕਿ ਦੁਨੀਆਂ ਵਿਚ ਦੋਸਤੀ ਤੋਂ ਵੱਧ ਕੇ ਕੁਝ ਨਹੀਂ। ਕਦੀ-ਕਦੀ ਇਹ ਦੋਸਤੀ ਦੋ ਅਜਿਹੇ ਲੋਕਾਂ ਜਾਂ ਜਾਨਵਰਾਂ ਵਿਚਕਾਰ ਹੋ ਜਾਂਦੀ ਹੈ, ਜਿਸਨੂੰ ਸਮਝ ਸਕਣਾ ਕਿਸੇ ਦੇ ਲਈ ਵੀ ਆਸਾਨ ਨਹੀਂ ਹੁੰਦਾ ਪਰ ਫਿਰ ਵੀ ਉਹ ਤੁਹਾਡੇ ਦਿਲ ਨੂੰ ਛੂਹ ਲੈਂਦੀ ਹੈ। ਕੁਝ ਅਜਿਹੀ ਹੀ ਦੋਸਤੀ ਦੇਖਣ ਨੂੰ ਮਿਲ ਰਹੀ ਹੈ। ਇਜ਼ਰਾਈਲ ਦੇ ਵੱਡੇ ਸ਼ਹਿਰ ਤਲ ਅਵੀਵ ਵਿਚ ਬਣੇ ਰਣ-ਗਣ ਜੂ ਪਾਰਕ ਵਿਚ। ਉਥੋਂ ਦਾ ਇਕ ਮਕਾਓ ਬਾਂਦਰ ਮੁਰਗੀ ਦੇ ਇਕ ਛੋਟੇ ਬੱਚੇ ਨੂੰ ਆਪਣੇ ਬੱਚੇ ਵਾਂਗ ਪਾਲ ਰਿਹਾ ਹੈ। ਸੁਣਨ ਵਿਚ ਇਹ ਬੇਸ਼ੱਕ ਹੀ ਅਜੀਬ ਲੱਗਦਾ ਹੈ ਪਰ ਸਚਾਈ ਇਹ ਹੈ ਕਿ ਇਹ ਬਾਂਦਰ ਮੁਰਗੀ ਦੇ ਇਯ ਬੱਚੇ ਨੂੰ ਲੈ ਕੇ ਹਰ ਵਕਤ ਇੱਧਰ ਤੋਂ ਉਧਰ ਘੁੰਮਦਾ ਰਹਿੰਦਾ ਹੈ।



ਇਹੀ ਨਹੀਂ ਮੁਰਗੀ ਦਾ ਇਹ ਬੱਚਾ ਰਾਤ ਨੂੰ ਇਸ ਬਾਂਦਰ ਦੀਆਂ ਬਾਹਾਂ ਵਿਚ ਹੀ ਰਹਿੰਦਾ ਹੈ। ਦੋ ਅਲੱਗ-ਅਲੱਗ ਕਿਸਮ ਦੇ ਜਾਨਵਰਾਂ ਦੀ ਇਹ ਦੋਸਤੀ ਅੱਜਕਲ੍ਹ ਇਜ਼ਰਾਈਲ ਦ ਚਿੜੀਆ ਘਰ ਵਿਚ ਹੀ ਨਹੀਂ ਸੋਸ਼ਲ ਮੀਡੀਆ ਦੇ ਜ਼ਰੀਏ ਪੂਰੀ ਦੁਨੀਆਂ ਵਿਚ ਚਰਚਿਤ ਹੋ ਰਹੀ ਹੈ। ਇਹ ਬਲੈਕ ਮਕਾਓ ਬਾਂਦਰ ਅਤੇ ਮੁਰਗੀ ਦੇ ਬੱਚੇ ਵਿਚਕਾਰ ਅਨੋਖੀ ਦੋਸਤੀ ਦੀ ਮਿਸਾਲ ਹੈ। ਮਕਾਓ ਬਾਂਦਰ ਸਵੇਰੇ ਸ਼ਾਮ ਇਸ ਬੱਚੇ ਦੇ ਖਾਣ ਪੀਣ ਦੀ ਵਿਵਸਥਾ ਦਾ ਵੀ ਧਿਆਨ ਰੱਖਦਾ ਹੈ ਅਤੇ ਉਸਦੀ ਪੂਰੀ ਕੇਅਰ ਵੀ ਕਰਦਾ ਹੈ। ਬਾਂਦਰ ਉਸਦੇ ਨਾਲ ਖੇਡਦਾ ਹੈ, ਖਾਂਦਾ ਹੈ, ਸੌਂਦਾ ਹੈ ਅਤੇ ਹੋਰ ਵੀ ਖੂਬ ਮੌਜ ਮਸਤੀ ਕਰਦਾ ਹੈ। ਇਹੀ ਨਹੀਂ ਇਹ ਬਾਂਦਰ ਬਿਲਕੁਲ ਆਪਣੇ ਬੱਚੇ ਵਾਂਗ ਮੁਰਗੀਦੇ ਬੱਚੇ ਦੀ ਸੰਭਾਲ ਕਰਦਾ ਹੈ। ਕਹਿਣ ਦਾ ਮਤਲਬ ਹੈ ਕਿ ਆਪਣੇ ਪਰਾਂ ਵਾਲੇ ਇਯ ਦੋਸਤ ਦੇ ਸਰੀਰ ਤੇ ਹੋਣ ਵਾਲੀਆਂ ਜੂੰਆਂ ਨੂੰ ਵੀ ਪਕੜਦਾ ਹੈ। ਇਹਨਾਂ ਬੇਜ਼ੁਬਾਨ ਜਾਨਵਰਾਂ ਦਾ ਇਹ ਅਨੋਖਾ ਰਿਸ਼ਤਾ ਦੇਖਣ ਅਤੇ ਸਮਝਣ ਦੇ ਲਈ ਇਜ਼ਰਾਈਲ ਦੇ ਇਸ ਜੰਗਲ ਸਫਾਰੀ ਪਾਰਕ ਵਿਚ ਬਹੁਤ ਸਾਰੇ ਦਰਸ਼ਕ ਆ ਰਹੇ ਹਨ।

# ਮੌਤ ਦੇ ਇਸ ਸਮੁੰਦਰ ਵਿਚ ਨਹੀਂ ਡੁੱਬਦਾ ਕੋਈ



ਦੁਨੀਆਂ ਭਰ ਵਿਚ ਡੈਡ ਸੀਅ ਦੇ ਨਾਂ ਨਾਲ ਮਸ਼ਹੂਰ ਇਹ ਸਮੁੰਦਰ ਜਾਰਡਨ ਅਤੇ ਇਜ਼ਰਾਈਲ ਵਿਚਕਾਰ ਹੈ। ਇਸ ਸਮੁੰਦਰ ਨੂੰ ਸਾਲਟ ਸੀਅ ਵੀ ਕਿਹਾ ਜਾਂਦਾ ਹੈ। ਇਸ ਸਮੁੰਦਰ ਦੇ ਪਾਣੀ ਵਿਚ ਨਮਕ ਦੀ ਮਾਤਰਾ ਕਾਫੀ ਜ਼ਿਆਦਾ ਹੋਣ ਦੇ ਕਾਰਨ ਇਯਦਾ ਪਾਣੀ ਜ਼ਿਆਦਾ ਖਾਰਾ ਹੈ। ਜਿਸ ਕਰਕੇ ਕੋਈ ਵੀ ਪੌਦਾ ਜਾਂ ਜੀਵ ਇੱਥੇ ਨਹੀਂ ਹੈ। ਇਸ ਸਮੁੰਦਰ ਨੂੰ ਦੁਨੀਆਂ ਦੀ ਸਭ ਤੋਂ ਡੂੰਘੀ ਖਾਰੇ ਪਾਣੀ ਦੀ ਝੀਲ ਵੀ ਕਿਹਾ ਜਾਂਦਾ ਹੈ। ਸਮੁੰਦਰ ਦੇ ਪਾਣੀ ਵਿਚ ਕਾਫੀ ਮਾਤਰਾ ਵਿਚ ਮਿਨਰਲ ਪਾਏ ਜਾਂਦੇ ਹਨ, ਜਿਸ ਕਾਰਨ ਇਹ ਸਿਹਤ ਦੇ ਲਈ ਕਾਫੀ ਫਾਇਦੇਮੰਦ ਹੈ। ਇੱਥੋਂ ਦੇ ਲੋਕਾਂ ਦਾ ਕਹਿਣਾ ਹੈ ਕਿ ਡੈਡ ਸੀਅ ਵਿਚ ਨਹਾਉਣ ਨਾਲ ਸਾਰੇ ਰੋਗ ਦੂਰ ਹੋ ਜਾਂਦੇ ਹਨ।

ਇੱਥੋਂ ਦੇ ਪਾਣੀ ਵਿਚ ਨਮਕ ਦੀ ਮਾਤਰਾ ਕਾਫੀ ਜ਼ਿਆਦਾ ਹੋਣ ਦੇ ਕਾਰਨ ਇਸ ਵਿਚ ਕੋਈ ਵਿਅਕਤੀ ਡੁੱਬਦਾ ਨਹੀਂ। ਇਸੇ ਕਾਰਨ ਲੋਕ ਇਸ ਸਮੁੰਦਰ ਵਿਚ ਤੈਰਨਾ ਪਸੰਦ ਕਰਦੇ ਹਨ। ਆਪਣੀ ਇਸ ਖਾਸੀਅਤ ਦੇ ਕਾਰਨ ਇਹ ਸਮੁੰਦਰ ਦੁਨੀਆਂ ਭਰ ਵਿਚ ਪ੍ਰਸਿੱਧ ਹੈ। ਦੂਰ-ਦੂਰ ਤੋਂ ਲੋਕ ਇੱਥੇ ਘੁੰਮਣ ਆਉਂਦੇ ਹਨ।

## ਸੰਪਾਦਕੀ

### ਫ਼ਲਸਤੀਨ ਨੂੰ ਵੱਖਰੇ ਮੁਲਕ ਵਜੋਂ ਮਾਨਤਾ ਦੇਣ ਦਾ ਐਲਾਨ

ਫਰਾਂਸ ਵੱਲੋਂ ਇਹ ਐਲਾਨ ਕਰ ਦੇਣ ਕਿ ਉਹ ਸਤੰਬਰ ਵਿੱਚ ਫ਼ਲਸਤੀਨ ਨੂੰ ਵੱਖਰੇ ਮੁਲਕ ਵਜੋਂ ਮਾਨਤਾ ਦੇਣ ਦਾ ਐਲਾਨ ਕਰ ਦੇਵੇਗਾ, ਨਾਲ ਇਜ਼ਰਾਈਲ-ਫ਼ਲਸਤੀਨ ਟਕਰਾਅ ਨਾਲ ਪੱਛਮ ਦੇ ਨਜਿੱਠਣ ਦੇ ਅਮਲ ਵਿੱਚ ਅਹਿਮ ਅਤੇ ਵੱਡਾ ਪਲ ਹੋਵੇਗਾ। ਬਾਕਾਇਦਾ ਅਜਿਹਾ ਐਲਾਨ ਕਰਨ ਵਾਲਾ ਫਰਾਂਸ ਜੀ7 ਦਾ ਪਹਿਲਾ ਮੈਂਬਰ ਹੋਵੇਗਾ ਤੇ ਇਸ ਤਰ੍ਹਾਂ ਉਸ ਵੱਲੋਂ ਆਪਣੇ ਐਟਲਾਂਟਿਕ ਪਾਰ ਆਪਣੇ ਸੰਗੀਆਂ ਨਾਲੋਂ ਵੱਖਰੀ ਲੀਹ 'ਤੇ ਤੁਰਨ ਨਾਲ ਅਮਰੀਕਾ ਤੇ ਇਜ਼ਰਾਈਲ ਦੇ ਗੁੱਸੇ ਦਾ ਸਾਹਮਣਾ ਵੀ ਕਰਨਾ ਪੈ ਸਕਦਾ ਹੈ ਕਿਉਂਕਿ ਯੂਰੋਪ ਦੇ ਸਫ਼ਾਰਤੀ ਧਰਾਤਲ ਹੇਠਾਂ ਇਹ ਮੁੱਦਾ ਕਾਫ਼ੀ ਦੇਰ ਤੋਂ ਖੌਲਦਾ ਆ ਰਿਹਾ ਸੀ। ਰਾਸ਼ਟਰਪਤੀ ਇਮੈਨੁਅਲ ਮੈਕਰੋਂ ਦਾ ਐਲਾਨ ਮਹਿਜ਼ ਸੰਕੇਤਕ ਨਹੀਂ ਹੈ। ਇਹ ਉਸ ਯਥਾਸਥਿਤੀ ਦਾ ਤਿੱਖਾ ਖੰਡਨ ਹੈ ਜਿਸ ਤਹਿਤ ਗਾਜ਼ਾ ਵਿੱਚ ਫ਼ਲਸਤੀਨੀਆਂ ਦੇ ਸੰਤਾਪ ਉੱਪਰ ਉੱਠੇ ਆਲਮੀ ਰੋਹ ਪ੍ਰਤੀ ਕੂਟਨੀਤਕ ਘੇਸਲ ਮਾਰੀ ਹੋਈ ਹੈ। ਫਰਾਂਸ ਦੀ ਸ਼ਾਂਤੀ ਪ੍ਰਤੀ ਇਤਿਹਾਸਕ ਵਚਨਬੱਧਤਾ ਦਾ ਹਵਾਲਾ ਦਿੰਦਿਆਂ ਰਾਸ਼ਟਰਪਤੀ ਮੈਕਰੋਂ ਗਾਜ਼ਾ ਸੰਕਟ ਬਾਰੇ ਯੂਰੋਪ ਦੀ ਬਚ-ਬਚ ਕੇ ਨਿੰਦਾ ਕਰਨ ਦੇ ਪੈਂਤੜੇ ਨਾਲੋਂ ਦੂਰੀ ਦਰਸਾਉਣ ਦਾ ਆਧਾਰ ਤਿਆਰ ਕੀਤਾ ਜਾ ਰਿਹਾ ਹੈ।

ਕੋਈ ਹੈਰਤ ਦੀ ਗੱਲ ਨਹੀਂ ਕਿ ਅਮਰੀਕਾ ਅਤੇ ਇਜ਼ਰਾਈਲ ਨੇ ਫਰਾਂਸ ਦੀ ਇਸ ਪਹਿਲ ਨੂੰ ਆਪਮੁਹਾਰੀ ਅਤੇ ਸ਼ਰਮਨਾਕ ਕਰਾਰ ਦਿੱਤਾ ਹੈ। ਇਹ ਤਰਕ ਕਿ ਫ਼ਲਸਤੀਨ ਨੂੰ ਗੱਲਬਾਤ ਦੇ ਜ਼ਰੀਏ ਵੱਖਰੇ ਮੁਲਕ ਦਾ ਦਰਜਾ ਹਾਸਿਲ ਕਰਨਾ ਚਾਹੀਦਾ ਹੈ, ਕਈ ਦਹਾਕਿਆਂ ਤੋਂ ਰੁਕੀ ਪਈ ਵਾਰਤਾ, ਬਸਤੀਆਂ ਦੇ ਵਿਸਤਾਰ ਅਤੇ ਲਗਾਤਾਰ ਹਿੰਸਾ ਤੋਂ ਬਾਅਦ ਕਮਜ਼ੋਰ ਪੈ ਗਿਆ ਹੈ। ਫਰਾਂਸ ਦੀ ਮਾਨਤਾ ਲੰਮੇ ਸਮੇਂ ਤੋਂ ਠੱਪ ਪਈ ਸ਼ਾਂਤੀ ਵਾਰਤਾ ਨੂੰ ਸੁਰਜੀਤ ਕਰਨ ਲਈ ਹੱਲਾਸ਼ੇਰੀ ਦੇਣ ਦਾ ਸਬੱਬ ਬਣ ਸਕਦੀ ਹੈ। ਇਸ ਦਾ ਫ਼ੈਸਲਾ ਜ਼ਮੀਨੀ ਪੱਧਰ 'ਤੇ ਸਰਹੱਦਾਂ, ਕਬਜ਼ਾ ਜਾਂ ਪੀੜ ਜਿਸ ਵਿੱਚ ਗਾਜ਼ਾ ਵਿੱਚ ਫੈਲੀ ਭੁੱਖਮਰੀ ਵੀ ਸ਼ਾਮਿਲ ਜਿਹੇ ਤੱਥਾਂ ਨੂੰ ਨਹੀਂ ਬਦਲ ਸਕਦਾ ਕਿਉਂਕਿ ਗਾਜ਼ਾ ਵਿੱਚ ਮਾਨਵੀ ਸਹਾਇਤਾ ਆਉਣ ਤੋਂ ਰੋਕਿਆ ਜਾ ਰਿਹਾ ਹੈ, ਪਰ ਇਸ ਨੇ ਇਹ ਸਪੱਸ਼ਟ ਸੰਦੇਸ਼ ਦਿੱਤਾ ਹੈ ਕਿ ਇਜ਼ਰਾਈਲ ਦੀਆਂ ਵਧੀਕੀਆਂ ਪ੍ਰਤੀ ਦੁਨੀਆ ਦਾ ਸਬਰ ਹੁਣ ਟੁੱਟ ਰਿਹਾ ਹੈ ਅਤੇ ਫ਼ਲਸਤੀਨ ਦੇ ਹੱਕ ਵਿੱਚ ਆਵਾਜ਼ ਬੁਲੰਦ ਹੋਣ ਲੱਗੀ ਹੈ।

ਅਸਲ ਪ੍ਰੀਖਿਆ ਇਹ ਹੈ ਕਿ ਕੀ ਹੋਰ ਵੱਡੀਆਂ ਸ਼ਕਤੀਆਂ ਵੀ ਇਸ ਰਾਹ 'ਤੇ ਚੱਲਣਗੀਆਂ। ਜੇ ਉਹ ਅਜਿਹਾ ਕਰਦੀਆਂ ਹਨ ਤਾਂ ਇਹ ਪੱਛਮੀ ਏਸ਼ੀਆ ਵਿੱਚ ਕੌਮਾਂਤਰੀ ਕੂਟਨੀਤੀ ਦੀ ਰੂਪ-ਰੇਖਾ ਨੂੰ ਨਵੇਂ ਸਿਰਿਓਂ ਪਰਿਭਾਸ਼ਤ ਕਰ ਸਕਦੀ ਹੈ। ਇਸ ਦੌਰਾਨ ਭਾਰਤ ਦੀ ਪ੍ਰਤੀਕਿਰਿਆ ਕਾਫ਼ੀ ਇਹਤਿਆਤ ਭਰੀ ਰਹੀ ਹੈ ਜਿਸ ਤਹਿਤ ਜੰਗਬੰਦੀ, ਮਾਨਵੀ ਇਮਦਾਦ ਦੀ ਰਸਾਈ ਅਤੇ ਦੋ ਮੁਲਕੀ ਹੱਲ ਲਈ ਹਮਾਇਤ ਨੂੰ ਦ੍ਰਿੜਾਉਂਦੀ ਹੈ। ਉਂਝ, ਖ਼ਾਸ ਤੌਰ 'ਤੇ ਇਜ਼ਰਾਈਲ ਨਾਲ ਮੋਦੀ ਸਰਕਾਰ ਦੀ ਨੇੜਤਾ ਅਤੇ ਉੱਭਰ ਰਹੀ ਨਵੀਂ ਸਫ਼ਬੰਦੀ ਤਹਿਤ ਨਵੀਂ ਦਿੱਲੀ ਉੱਪਰ ਫ਼ਲਸਤੀਨ ਲਈ ਰਾਜ ਦੇ ਦਰਜੇ ਪ੍ਰਤੀ ਇਸ ਦੀ ਇਤਿਹਾਸਕ ਹਮਾਇਤ ਨੂੰ ਬਿਨਾਂ ਛੱਡਿਆਂ, ਰੱਦੋਬਦਲ ਕਰਨ ਲਈ ਦਬਾਅ ਪੈ ਰਿਹਾ ਹੈ।

### ਗਾਜ਼ੀਆਬਾਦ ਵਿੱਚ ਫਰਜ਼ੀ ਅੰਬੈਸੀ ਚਲਾਉਣ ਦੇ ਦੋਸ਼

ਇਹ ਹਾਲਾਂਕਿ ਮਜ਼ਾਕ ਦਾ ਵਿਸ਼ਾ ਬਣ ਗਿਆ ਹੈ ਪਰ ਜੇ ਇਸ ਨੂੰ ਗੰਭੀਰਤਾ ਨਾਲ ਦੇਖਿਆ ਜਾਵੇ ਤਾਂ ਅਜਿਹਾ ਬਿਲਕੁਲ ਵੀ ਨਹੀਂ ਹੈ। ਕੌਮੀ ਰਾਜਧਾਨੀ ਦਿੱਲੀ ਦੇ ਨੇੜੇ ਪੈਂਦੇ ਗਾਜ਼ੀਆਬਾਦ ਵਿੱਚ ਫਰਜ਼ੀ ਅੰਬੈਸੀ ਚਲਾਉਣ ਦੇ ਦੋਸ਼ ਵਿੱਚ ਇੱਕ ਸ਼ਖ਼ਸ ਦੀ ਗ੍ਰਿਫ਼ਤਾਰੀ ਸ਼ਰਮਿੰਦਗੀ ਤੋਂ ਵੀ ਪਰ੍ਹੇ ਦੀ ਗੱਲ ਹੈ। ਹਰ ਤਰ੍ਹਾਂ ਦੀਆਂ ਨਕਲੀ ਚੀਜ਼ਾਂ ਪ੍ਰਤੀ ਭਾਰਤੀਆਂ ਦੇ ਰਵਾਇਤੀ ਪਹੁੰਚ ਨੂੰ ਹਰਸ਼ ਵਰਧਨ ਜੈਨ ਨਾਂ ਦੇ ਸ਼ਖ਼ਸ ਵੱਲੋਂ ਅਜਿਹੇ ਪੱਧਰ 'ਤੇ ਲਿਜਾਇਆ ਗਿਆ ਹੈ ਜੋ ਬਿਨਾਂ ਸ਼ੱਕ ਰਸਾਤਲ ਹੀ ਮੰਨਿਆ ਜਾਣਾ ਚਾਹੀਦਾ ਹੈ ਪਰ ਕਈ ਲੋਕਾਂ ਨੂੰ ਇਹ ਕੋਈ ਨਵੀਂ ਉਚਾਈ ਲੱਗ ਰਹੀ ਹੋਵੇਗੀ। ਉਸ ਨੂੰ ਅਖੌਤੀ ਤੌਰ 'ਤੇ ਆਪਣੇ ਆਪ ਨੂੰ ਰਾਜਦੂਤ ਦੇ ਰੂਪ ਵਿੱਚ ਪੇਸ਼ ਕਰਨ ਅਤੇ ਵਿਦੇਸ਼ੀ ਨੌਕਰੀਆਂ ਦਿਵਾਉਣ ਦਾ ਝਾਂਸਾ ਦੇ ਕੇ ਲੋਕਾਂ ਨਾਲ ਠੱਗੀਆਂ ਮਾਰਨ, 'ਸਬੋਰਗਾ' ਅਤੇ 'ਵੈਸਟ ਆਰਕਟਿਕਾ' ਜਿਹੀਆਂ ਅਣਜਾਣੀਆਂ ਸੰਸਥਾਵਾਂ ਨਾਲ ਜੁੜੇ ਹੋਣ ਦਾ ਦਾਅਵਾ ਕਰਨ ਦੇ ਦੋਸ਼ਾਂ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ। ਉਸ ਨੇ ਆਪਣੇ ਆਪ ਨੂੰ ਛੁਪਾਉਣ ਲਈ ਜਾਅਲਸਾਜ਼ੀ ਦਾ ਪੂਰਾ ਢਾਂਚਾ ਉਸਾਰਿਆ ਹੋਇਆ ਸੀ ਜਿਸ ਤਹਿਤ ਹੋਰ ਤਾਂ ਹੋਰ, ਸਗੋਂ ਫਰਜ਼ੀ ਕੂਟਨੀਤਕ ਨੰਬਰ ਪਲੇਟਾਂ ਵਾਲੀਆਂ ਕਾਰਾਂ ਅਤੇ ਕੌਮਾਂਤਰੀ ਝੰਡਿਆਂ ਨਾਲ ਸਜੇ ਹੋਏ ਕਮਰੇ ਵੀ ਸ਼ਾਮਿਲ ਸਨ। ਜੈਨ ਕੋਲੋਂ ਨਕਲੀ ਮੋਹਰਾਂ ਅਤੇ ਦੁਨੀਆ ਦੇ ਵੱਖ-ਵੱਖ ਆਗੂਆਂ ਨਾਲ ਖਿੱਚੀਆਂ ਗਈਆਂ ਨਕਲੀ ਤਸਵੀਰਾਂ ਵੀ ਬਰਾਮਦ ਕੀਤੀਆਂ ਗਈਆਂ ਹਨ। ਹੈਰਾਨੀ ਦੀ ਗੱਲ ਇਹ ਹੈ ਕਿ ਇਹ ਫਰਜ਼ੀਵਾੜਾ ਪਿਛਲੇ ਅੱਠ ਸਾਲਾਂ ਤੋਂ ਚੱਲ ਰਿਹਾ ਸੀ ਅਤੇ ਹੁਣ ਤੱਕ ਇਸ 'ਤੇ ਕਿਸੇ ਦੀ ਵੀ ਨਜ਼ਰ ਨਹੀਂ ਗਈ। ਹੁਣ ਵੱਡਾ ਸਵਾਲ ਇਹੀ ਹੈ ਕਿ ਇਸ ਦੌਰਾਨ ਉਹ ਕਿਸੇ ਵੀ ਤਰ੍ਹਾਂ ਦੀ ਜਾਂਚ ਤੇ ਪੁਣਛਾਣ ਤੋਂ ਕਿਵੇਂ ਬਚਿਆ ਰਿਹਾ?

ਫਰਜ਼ੀ ਨੌਕਰੀ ਘਪਲਾ ਕਰਨ ਤੋਂ ਇਲਾਵਾ ਜੈਨ ਉੱਤੇ ਹਵਾਲਾ ਅਤੇ ਜਾਅਲੀ ਕੂਟਨੀਤਕ ਦਸਤਾਵੇਜ਼ਾਂ ਰਾਹੀਂ ਮਨੀ ਲਾਂਡਰਿੰਗ ਵਿੱਚ ਸ਼ਾਮਿਲ ਹੋਣ ਦੇ ਦੋਸ਼ ਵੀ ਲੱਗੇ ਹਨ। ਦਾਨ-ਪੁੰਨ ਦੇ ਸਮਾਗਮਾਂ ਵਿੱਚ ਸਮਾਜਿਕ ਦਾਅਵੇਦਾਰੀ ਸ਼ਾਮਿਲ ਹਨ ਜੋ ਜ਼ਾਹਿਰਾ ਤੌਰ 'ਤੇ ਲੋਕਾਂ ਨੂੰ ਫਸਾਉਣ, ਉਨ੍ਹਾਂ ਨੂੰ ਆਪਣੇ ਨਾਲ ਜੋੜਨ ਦੇ ਤਰੀਕੇ ਵਜੋਂ ਦਿੱਤੀਆਂ ਗਈਆਂ। ਉਸ ਦਾ ਸ਼ੱਕੀ ਰਿਕਾਰਡ ਉਸ 'ਤੇ ਧਿਆਨ ਕੇਂਦਰਿਤ ਕਰਵਾਉਣ ਲਈ ਕਾਫ਼ੀ ਸੀ। ਇਸ ਦੀ ਬਜਾਏ ਹਰਸ਼ ਵਰਧਨ ਜੈਨ ਬਿਨਾਂ ਕਿਸੇ ਜਾਂਚ-ਪੜਤਾਲ ਤੋਂ ਆਪਣਾ ਕੰਮ ਕਰਦਾ ਰਿਹਾ ਜਿਸ ਤੋਂ ਐਨ ਸਪੱਸ਼ਟ ਜਾਪਦਾ ਹੈ ਕਿ ਸਰਕਾਰੀ ਤੰਤਰ ਨੇ ਕਈ ਪੱਧਰਾਂ 'ਤੇ ਡਿਊਟੀ ਵਿੱਚ ਅਣਗਹਿਲੀ ਵਰਤੀ ਹੈ। ਇਹ ਅਜਿਹੀ ਨਾਕਾਮੀ ਹੈ ਜਿਸ ਦੀ ਜਾਂਚ ਕਰਨੀ ਬਣਦੀ ਹੈ ਤੇ ਨਿਗਰਾਨੀ ਦੇ ਦਿਸ਼ਾ-ਨਿਰਦੇਸ਼ਾਂ ਦੀ ਵੀ ਸਮੀਖਿਆ ਕੀਤੀ ਜਾਣੀ ਚਾਹੀਦੀ ਹੈ। ਦੇਸ਼ ਦੇ ਪ੍ਰਮੁੱਖ ਸ਼ਹਿਰ ਵਿੱਚ ਸਰਕਾਰੀ ਮਸ਼ੀਨਰੀ ਦੀ ਨੱਕ ਹੇਠ ਇਸ ਤਰ੍ਹਾਂ ਦੀ ਜਾਅਲਸਾਜ਼ੀ ਕਈ ਸਵਾਲ ਖੜ੍ਹੇ ਕਰਦੀ ਹੈ, ਜਿਨ੍ਹਾਂ ਦਾ ਜਵਾਬ ਹਰ ਹਾਲ ਮਿਲਣਾ ਚਾਹੀਦਾ ਹੈ।

ਜੇਕਰ ਜੈਨ ਘਟਨਾਕ੍ਰਮ ਸਰਕਾਰੀ ਤੌਰ-ਤਰੀਕਿਆਂ ਬਾਰੇ ਕਾਫ਼ੀ ਕੁਝ ਕਹਿੰਦਾ ਹੈ ਤਾਂ ਇਹ ਲੋਕਾਂ ਵਜੋਂ ਸਾਡੇ 'ਤੇ ਵੀ ਚਿੰਤਨ ਲਈ ਜ਼ੋਰ ਪਾਉਂਦਾ ਹੈ- ਅਸੀਂ ਚਾਹੇ ਜਿੰਨੀ ਮਰਜ਼ੀ ਅਸਹਿਮਤੀ ਰੱਖੀਏ, ਪਰ ਲੋਕਾਂ ਨੂੰ ਧੋਖਾਧੜੀ ਦਾ ਸ਼ਿਕਾਰ ਬਣਾਉਣ ਅਤੇ ਅਜਿਹਾ ਕਰਨ ਦੇ ਚਤੁਰ ਢੰਗ-ਤਰੀਕੇ ਲੱਭਣ ਦੀ ਚਾਹ ਬਹੁਤ ਗਹਿਰੀ ਸਮੋਈ ਹੋਈ ਹੈ। ਸਿਰਫ਼ ਜੀਡੀਪੀ ਹੀ ਤਰੱਕੀ ਨੂੰ ਪਰਿਭਾਸ਼ਤ ਨਹੀਂ ਕਰਦੀ; ਇਸ ਲਈ ਭ੍ਰਿਸ਼ਟਾਚਾਰ, ਬੇਈਮਾਨੀ ਤੇ ਸਿਫ਼ਰ ਜਵਾਬਦੇਹੀ ਦੀ ਤਹਿਜ਼ੀਬ ਨੂੰ ਵੀ ਤਿਆਗਣਾ ਪਏਗਾ। ਅਜਿਹੇ ਪ੍ਰਸ਼ਨਾਂ ਵਿਚ ਜਵਾਬਦੇਹੀ ਸਭ ਤੋਂ ਅਹਿਮ ਹੈ ਅਤੇ ਇਸ ਮਾਮਲੇ ਵਿੱਚ ਕੋਈ ਛੋਟ ਨਹੀਂ ਦਿੱਤੀ ਜਾਣੀ ਚਾਹੀਦੀ।

## ਅਲੀਪੁਰ ਅਰਾਈਆਂ ਵਿਖੇ ਨਗਰ ਨਿਗਮ ਨੂੰ ਮਿਲੀ ਅਹਿਮ ਕਾਮਯਾਬੀ

# ਕਬਜ਼ਾਖੋਰੀ ਵਿਰੁੱਧ ਮੁਹਿੰਮ ਤਹਿਤ 1500 ਗੱਜ ਜਗ੍ਹਾ ਤੋਂ ਛੁਡਵਾਇਆ ਕਬਜ਼ਾ: ਵਿਸ਼ਾਲ ਵਰਮਾ

**ਪਟਿਆਲਾ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਨਿਗਮ ਪਟਿਆਲਾ ਨੂੰ ਕਬਜ਼ਾਖੋਰੀ ਵਿਰੁੱਧ ਚੱਲ ਰਹੀ ਮੁਹਿੰਮ ਤਹਿਤ ਇੱਕ ਵੱਡੀ ਕਾਮਯਾਬੀ ਹਾਸਲ ਹੋਈ ਹੈ। ਨਿਗਮ ਟੀਮ ਨੇ ਅਲੀਪੁਰ ਅਰਾਈਆਂ ਇਲਾਕੇ ਵਿੱਚ ਸਾਲਾਂ ਤੋਂ ਕਬਜ਼ੇ ਹੇਠ ਪਈ 1500 ਗੱਜ ਕੀਮਤੀ ਜਗ ?ਹਾ ਨੂੰ ਵਾਪਸ ਹਾਸਲ ਕਰ ਲਿਆ ਹੈ। ਇਹ ਓਪਰੇਸ਼ਨ ਮੇਅਰ ਕੁੰਦਨ ਗੋਗੀਆ, ਕਮੀਸ਼ਨਰ ਪਰਮਵੀਰ ਸਿੰਘ, ਸਕੱਤਰ ਸੁਰਜੀਤ ਸਿੰਘ ਚੀਮਾ, ਸੁਪਰਡੈਂਟ ਲਵਨੀਸ਼ ਗੋਇਲ ਦੀ ਅਗਵਾਈ ਹੇਠ ਨਗਰ ਨਿਗਮ ਦੇ ਅਫਸਰ ਵਿਸ਼ਾਲ ਵਰਮਾ ਅਤੇ ਪਟਵਾਰੀ ਹਰਬੰਸ ਸਿੰਘ ਤੇ ਹੋਰ ਕਲਰਕ ਤੇ ਅਧਿਕਾਰੀਆਂ ਸਮੇਤ ਪੁਲਸ ਪ੍ਰਸ਼ਾਸ਼ਨ ਵਲੋਂ ਨੇਪਰੇ ਚਾੜਿਆ ਗਿਆ।



ਵਿਸ਼ਾਲ ਵਰਮਾ ਨੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਦੱਸਿਆ ਕਿ ਇਹ ਜਗ ?ਹਾ ਨਗਰ ਨਿਗਮ ਦੀ ਮਲਕੀਅਤ ਸੀ ਜੋ ਪਿਛਲੇ ਕੁਝ ਸਾਲਾਂ ਤੋਂ ਗੈਰਕਾਨੂੰਨੀ ਤੌਰ 'ਤੇ ਕੁਝ ਲੋਕਾਂ ਵੱਲੋਂ ਕਬਜ਼ੇ ਹੇਠ ਲੈ ਲਈ ਗਈ ਸੀ। ਨੋਟਿਸ ਬੋਰਡ ਲਗਾਉਣ ਦੇ ਬਾਵਜੂਦ ਵੀ ਅਣਪਛਾਤੇ ਕਬਜ਼ਾਖੋਰਾਂ ਨੇ ਜਗ ?ਹਾ ਖਾਲੀ ਨਹੀਂ ਕੀਤੀ ਸੀ। ਆਖ਼ਰਕਾਰ ਨਿਗਮ ਨੇ ਸਖ਼ਤ ਰੁੱਖ ਅਖਤਿਆਰ ਕਰਦਿਆਂ ਪੁਲਿਸ ਦੀ ਮਦਦ ਨਾਲ ਉਕਤ ਜਗ ?ਹਾ 'ਤੇ ਤੋੜ-ਫੋੜ ਕਾਰਵਾਈ ਕਰਵਾਈ ਅਤੇ ਕਬਜ਼ਾ ਛੁਡਵਾਇਆ।

ਉਨ੍ਹਾਂ ਕਿਹਾ, "ਇਹ ਮੇਅਰ ਕੁੰਦਨ ਗੋਗੀਆ ਅਤੇ ਨਿਗਮ ਕਮਿਸ਼ਨਰ ਪਰਮਵੀਰ ਸਿੰਘ ਦੇ ਸਖ਼ਤ ਹੁਕਮਾਂ ਹੇਠ ਲਾਗੂ ਕੀਤੀ ਗਈ ਨੀਤੀ ਦਾ ਹਿੱਸਾ ਹੈ ਕਿ ਨਗਰ ਨਿਗਮ ਦੀ ਜਾਇਦਾਦ ਉੱਤੇ ਹੋ ਰਹੇ ਕਬਜ਼ਿਆਂ ਨੂੰ ਤੁਰੰਤ ਹਟਾਇਆ ਜਾਵੇ।"ਉਨ੍ਹਾਂ ਕਿਹਾ ਕਿ ਨਿਗਮ ਦੀ ਲੈਂਡ ਬ੍ਰਾਂਚ ਸ਼ਾਖਾ ਨੇ ਪਹਿਲਾਂ ਹੀ ਐਸੀਆਂ ਜਗ ?ਹਾਂ ਦੀ ਪਛਾਣ ਕਰ ਲੈਣੀ ਸ਼ੁਰੂ ਕਰ ਦਿੱਤੀ ਹੈ ਜੋ ਕਬਜ਼ਾਖੋਰਾਂ ਦੇ ਨਿਸ਼ਾਨੇ 'ਤੇ ਹਨ ਜਾਂ ਜਿੱਥੇ ਪਹਿਲਾਂ ਹੀ ਕਬਜ਼ਾ ਹੋ ਚੁੱਕਾ ਹੈ।

ਇਸ ਕਾਰਵਾਈ ਦੌਰਾਨ ਨਿਗਮ ਟੀਮ ਨੇ ਸਥਾਨਕ ਪੁਲਿਸ ਦੀ ਮੌਜੂਦਗੀ ਵਿੱਚ ਕਬਜ਼ੇ ਹੇਠ ਪਏ ਅਸਥਾਈ ਢਾਂਚਿਆਂ ਨੂੰ ਹਟਾਇਆ। ਇਨ੍ਹਾਂ ਢਾਂਚਿਆਂ ਵਿੱਚ ਟਿਨ ਦੀ ਛੱਤ ਅਤੇ ਕੁਝ ਇੱਟਾਂ ਦੇ ਢਾਂਚੇ ਵੀ ਬਣੇ ਹੋਏ ਸਨ, ਜੋ ਬਿਨਾਂ ਕਿਸੇ ਦਸਤਾਵੇਜ਼ ਦੇ ਕਬਜ਼ਾ ਕਰਕੇ ਬਣਾਏ ਗਏ ਸਨ। ਪੁਲਿਸ ਨੇ ਇਸ ਦੌਰਾਨ ਕਿਸੇ ਵੀ ਤਰ੍ਹਾਂ ਦੇ ਵਿਰੋਧ ਜਾਂ ਹੰਗਾਮੇ ਤੋਂ ਨਜਰ ਰੱਖਣ ਲਈ ਇਲਾਕੇ ਵਿੱਚ ਮੁਕੰਮਲ ਬੰਦੋਬਸਤ ਕੀਤਾ ਹੋਇਆ ਸੀ।

ਨਗਰ ਨਿਗਮ ਨੇ ਸਾਫ਼ ਕੀਤਾ ਕਿ ਇਨ੍ਹਾਂ ਕਾਰਵਾਈਆਂ ਦਾ ਮਕਸਦ ਸਿਰਫ ਜਗ ?ਹਾ ਵਾਪਸ ਲੈਣਾ ਹੀ ਨਹੀਂ, ਸਗੋਂ ਸ਼ਹਿਰ ਵਿੱਚ ਕਾਨੂੰਨੀ ਢਾਂਚੇ ਨੂੰ ਸਧਾਰਨ ਅਤੇ ਵਿਵਸਥਿਤ ਬਣਾਉਣਾ ਵੀ ਹੈ। ਅਫਸਰਾਂ ਨੇ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਨਿਗਮ ਦੀ ਜਗ ?ਹਾ 'ਤੇ ਗੈਰਕਾਨੂੰਨੀ ਢੰਗ ਨਾਲ ਕਬਜ਼ਾ ਕੀਤਾ ਹੋਇਆ ਹੈ, ਉਹ ਤੁਰੰਤ ਖੁਦ ਹੀ ਜਗ ?ਹਾ ਖਾਲੀ ਕਰ ਦੇਣ, ਨਹੀਂ ਤਾਂ ਉਨ੍ਹਾਂ ਵਿਰੁੱਧ ਵੀ ਇਹੋ ਜਿਹੀ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਇਸ ਮੌਕੇ ਲੋਕਾਂ ਵਿੱਚ ਮਿਲੀ-ਜੁਲੀ ਪ੍ਰਤੀਕਿਰਿਆ ਵੇਖਣ ਨੂੰ ਮਿਲੀ। ਕੁਝ ਸਥਾਨਕ ਵਾਸੀਆਂ ਨੇ ਨਿਗਮ ਦੇ ਫੈਸਲੇ ਦੀ ਸਾਫ਼ ਤੌਰ 'ਤੇ ਹਮਾਇਤ ਕੀਤੀ। ਇਕ ਨਿਵਾਸੀ ਨੇ ਕਿਹਾ, "ਅਸੀਂ ਸਦਾ ਤੋਂ ਦੇਖ ਰਹੇ ਸੀ ਕਿ ਇਹ ਜਗ ?ਹਾ ਕਬਜ਼ਾਖੋਰਾਂ ਵੱਲੋਂ ਗੈਰਕਾਨੂੰਨੀ ਤਰੀਕੇ ਨਾਲ ਵਰਤੀ ਜਾ ਰਹੀ ਸੀ। ਹੁਣ ਜਦੋਂ ਨਿਗਮ ਨੇ ਇਹ ਵਾਪਸ ਲਈ ਹੈ, ਤਾਂ ਇਥੇ ਕੋਈ ਜਨਹਿਤੀ ਕੰਮ ਹੋ ਸਕਦੇ ਹਨ।

ਅੰਤ ਵਿੱਚ ਵਿਸ਼ਾਲ ਵਰਮਾ ਨੇ ਕਿਹਾ ਕਿ ਇਹ ਮੁਹਿੰਮ ਅਜੇ ਸ਼ੁਰੂਆਤ ਹੈ। "ਸਾਡੇ ਕੋਲ ਐਸੀਆਂ ਕਈ ਹੋਰ ਜਗ ?ਹਾਂ ਦੀ ਲਿਸਟ ਹੈ ਜਿੱਥੇ ਨਿਗਮ ਦੀ ਕੀਮਤੀ ਜਾਇਦਾਦ ਕਬਜ਼ਾਖੋਰੀ ਹੇਠ ਹੈ। ਅਸੀਂ ਨਿਯਮਤ ਤੌਰ 'ਤੇ ਐਸੀਆਂ ਸਥਿਤੀਆਂ ਵਿਰੁੱਧ ਤੁਰੰਤ ਕਾਰਵਾਈ ਕਰਾਂਗੇ। ਇਹ ਸਿਰਫ ਜਾਇਦਾਦ ਦੀ ਮੁਲਕੀਆਤ ਦੀ ਲੜਾਈ ਨਹੀਂ, ਸਗੋਂ ਨਿਯਮ, ਕਾਨੂੰਨ ਅਤੇ ਨੈਤਿਕਤਾ ਦੀ ਲੜਾਈ ਹੈ।

# ਡੀ.ਸੀ. ਵੱਲੋਂ ਲੋਕਾਂ ਨੂੰ ਮਾਲ ਤੇ ਟਰਾਂਸਪੋਰਟ ਵਿਭਾਗਾਂ ਦੀਆਂ ਸੇਵਾਵਾਂ ਘਰ ਬੈਠੇ ਹੀ ਪ੍ਰਾਪਤ ਕਰਨ ਜਾਂ ਸੇਵਾ ਕੇਂਦਰਾਂ ਤੋਂ ਲੈਣ ਦੀ ਅਪੀਲ

**ਪਟਿਆਲਾ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਅੱਜ ਪਟਿਆਲਾ ਨਿਵਾਸੀਆਂ ਨੂੰ ਮਾਲ ਵਿਭਾਗ ਅਤੇ ਟਰਾਂਸਪੋਰਟ ਵਿਭਾਗ ਨਾਲ ਸਬੰਧਤ ਸੇਵਾਵਾਂ ਆਪਣੇ ਘਰਾ ਬੈਠੇ ਹੀ ਡੋਰ ਸਟੈੱਪ ਡਲਿਵਰੀ ਰਾਹੀਂ ਜਾਂ ਸੇਵਾ ਕੇਂਦਰਾਂ ਤੋਂ ਲੈਣ ਦੀ ਅਪੀਲ ਕੀਤੀ ਹੈ।

ਡਿਪਟੀ ਕਮਿਸ਼ਨਰ ਨੇ ਖੇਤਰੀ ਟਰਾਂਸਪੋਰਟ ਅਫ਼ਸਰ ਬਬਨਦੀਪ ਸਿੰਘ ਵਾਲੀਆ, ਜ਼ਿਲ੍ਹਾ ਮਾਲ ਅਫ਼ਸਰ, ਜ਼ਿਲ੍ਹਾ ਸਿਸਟਮ ਮੈਨੇਜਰ ਸੁਖਮੰਦਰ ਸਿੰਘ, ਜ਼ਿਲ੍ਹਾ ਆਈ.ਟੀ ਮੈਨੇਜਰ ਰੋਬਿਨ ਸਿੰਘ ਅਤੇ ਡੀ.ਐਮ ਸੇਵਾ ਕੇਂਦਰ ਗੁਰਪ੍ਰੀਤ ਸਿੰਘ ਤੋਂ ਇਹ ਸੇਵਾਵਾਂ ਲੋਕਾਂ ਨੂੰ ਸੁਖਾਲੇ ਢੰਗ ਨਾਲ ਪ੍ਰਦਾਨ ਕਰਨ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਦੀ ਅਗਵਾਈ ਹੇਠ ਇਸ ਨਿਵੇਕਲੀ ਪਹਿਲਕਦਮੀ ਦਾ ਲਾਭ ਲੋਕਾਂ ਨੂੰ ਦੇਣ ਲਈ ਕੋਈ ਢਿੱਲ ਮੱਠ ਨਾ ਵਰਤੀ ਜਾਵੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸੇਵਾ ਕੇਂਦਰਾਂ ਵਿੱਚ ਦਿੱਤੀਆਂ ਜਾ ਰਹੀਆਂ 440 ਸੇਵਾਵਾਂ ਡੋਰ ਸਟੈੱਪ ਸਰਵਿਸ ਡਲਿਵਰੀ ਰਾਹੀਂ ਵੀ ਲੋਕਾਂ ਨੂੰ ਘਰਾਂ ਵਿੱਚ ਹੀ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਆਨ ਲਾਈਨ ਫ਼ਰਦ ਤੋਂ ਲੈ ਕੇ ਡਰਾਈਵਿੰਗ ਲਾਇਸੈਂਸ ਤੱਕ ਦੀ ਸਹੂਲਤ ਲੋਕਾਂ ਨੂੰ ਉਨ੍ਹਾਂ ਦੀਆਂ ਬਰੂੰਹਾਂ 'ਤੇ ਪ੍ਰਦਾਨ ਕੀਤੀ ਜਾ ਰਹੀ ਹੈ। ਇਸ ਲਈ ਪਟਿਆਲਾ ਵਾਸੀ 1076 ਨੰਬਰ 'ਤੇ ਕਾਲ ਕਰਕੇ 26 ਵਿਭਾਗਾਂ ਦੀਆਂ 440 ਪ੍ਰਕਾਰ ਦੀਆਂ ਸੇਵਾਵਾਂ ਘਰ ਬੈਠੇ ਪ੍ਰਾਪਤ ਕਰ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਮਾਲ ਵਿਭਾਗ ਦੀਆਂ ਸੇਵਾਵਾਂ ਜਿਸ ਵਿੱਚ ਫਰਦ ਲੈਣੀ, ਵਿਰਾਸਤ ਇੰਤਕਾਲ ਜਾਂ ਰਜਿਸਟਰੀ ਇੰਤਕਾਲ, ਜਮ੍ਹਾਬੰਦੀ 'ਚ ਦਰੁਸਤੀ ਜਾਂ ਰਪਟ ਦਰਜ, ਸਕ੍ਰਿਪਸ਼ਨ ਬੇਨਤੀ (ਖੇਵਟ ਵਿੱਚ ਕਿਸੇ ਤਬਦੀਲੀ ਬਾਰੇ ਫੋਨ 'ਤੇ ਮੈਸੇਜ ਰਾਹੀਂ ਜਾਣੂ ਹੋਣ ਲਈ), ਡਿਜੀਟਲ ਫ਼ਰਦ ਜਮ੍ਹਾਬੰਦੀ ਲੈਣ ਲਈ ਲੋਕਾਂ ਨੂੰ ਤਹਿਸੀਲ ਦਫ਼ਤਰ ਜਾਂ ਪਟਵਾਰੀ ਕੋਲ ਜਾਣ ਦੀ ਲੋੜ ਨਹੀਂ ਰਹੀ। ਇਹ ਸਾਰੀਆਂ 34 ਸੇਵਾਵਾਂ ਪਟਿਆਲਾ ਵਾਸੀ ਜ਼ਿਲ੍ਹੇ ਦੇ 42 ਨੇੜਲੇ ਸੇਵਾ ਕੇਂਦਰ 'ਚ ਜਾ ਫੇਰ ਘਰ ਬੈਠੇ 1076 ਰਾਹੀ ਆਸਾਨੀ ਨਾਲ ਉਪਲਬਧ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਤੀਜੀ ਧਿਰ ਦੀ ਲੁੱਟ ਖਸੁੱਟ ਤੋਂ ਬਚਣ ਲਈ ਸਿੱਧਾ ਸੇਵਾ ਕੇਂਦਰਾਂ ਨਾਲ ਹੀ ਸੰਪਰਕ ਕਰ ਇਸੇ ਤਰ੍ਹਾਂ ਹੀ ਟਰਾਂਸਪੋਰਟ ਵਿਭਾਗ ਦੀਆਂ 30 ਸੇਵਾਵਾਂ ਹੁਣ ਸਿੱਧੇ ਤੌਰ 'ਤੇ ਘਰ ਬੈਠੇ 1076 ਨੰਬਰ ਰਾਹੀਂ ਜਾਂ ਫੇਰ ਸੇਵਾ ਕੇਂਦਰਾਂ ਰਾਹੀਂ ਉਪਲਬਧ ਕਰਵਾ ਦਿੱਤੀਆਂ, ਜਿਸ ਨਾਲ ਲੋਕਾਂ ਦਾ ਕੀਮਤੀ ਸਮਾਂ ਬਚੇਗਾ ਅਤੇ ਕੰਮ ਵੀ ਪੂਰੀ ਪਾਰਦਰਸ਼ਤਾ ਨਾਲ ਹੋਣਗੇ।ਇਨ੍ਹਾਂ 'ਚ ਵਾਹਨ ਪੋਰਟਲ ਰਾਹੀਂ ਵਹੀਕਲ ਆਰਸੀ ਵਿੱਚ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਵਿੱਚ ਤਬਦੀਲੀ ਅਤੇ ਹਾਇਰ-ਪ੍ਰਚੇਜ ਐਗਰੀਮੈਂਟ ਦੀ ਟਰਮੀਨੇਸ਼ਨ ਸਮੇਤ ਸਾਰਥੀ ਪੋਰਟਲ ਰਾਹੀਂ ਇੰਟਰਨੈਸ਼ਨਲ ਡਰਾਇਵਿੰਗ ਪਰਮਿਟ ਲੈਣ ਲਈ ਵੀ ਹੁਣ ਸੇਵਾ ਕੇਂਦਰਾਂ ਵਿੱਚ ਪਹੁੰਚ ਕੀਤੀ ਜਾ ਸਕਦੀ ਹੈ।

ਇਸ ਮੌਕੇ ਬਬਨਦੀਪ ਸਿੰਘ ਵਾਲੀਆ ਨੇ ਦੱਸਿਆ ਕਿ ਲੋਕ ਡਰਾਈਵਿੰਗ ਲਾਇਸੰਸ ਨਾਲ ਸਬੰਧਿਤ ਸੇਵਾਵਾਂ ਲਰਨਰ ਲਾਇਸੰਸ ਲਈ ਅਰਜ਼ੀ, ਲਰਨਰ ਲਾਇਸੰਸ ਵਿੱਚ ਪਤਾ ਬਦਲਣਾ, ਲਰਨਰ ਲਾਇਸੰਸ ਵਿੱਚ ਨਾਂ ਬਦਲਣਾ, ਲਰਨਰ ਲਾਇਸੰਸ ਦੀ ਨਕਲ ਜਾਰੀ, ਡਰਾਈਵਿੰਗ ਲਾਇਸੰਸ ਦੀ ਨਕਲ ਜਾਰੀ, ਡਰਾਈਵਿੰਗ ਲਾਇਸੰਸ ਨਵਿਆਉਣਾ (ਟੈਸਟ ਦੀ ਲੋੜ ਨਹੀਂ), ਡਰਾਈਵਿੰਗ ਲਾਇਸੰਸ ਦੀ ਬਦਲੀ, ਡਰਾਈਵਿੰਗ ਲਾਇਸੰਸ ਵਿੱਚ ਪਤਾ ਬਦਲਣਾ, ਡਰਾਈਵਿੰਗ ਲਾਇਸੰਸ ਵਿੱਚ ਨਾਂ ਬਦਲਣਾ, ਡਰਾਈਵਿੰਗ ਲਾਇਸੰਸ ਵਿੱਚ ਜਨਮ ਮਿਤੀ ਬਦਲਣਾ, ਲਾਇਸੰਸ ਦੀ ਡਿਟੇਲ ਪ੍ਰਾਪਤੀ, ਲਾਇਸੰਸ ਵਿੱਚ ਵਾਹਨ ਸ਼੍ਰੇਣੀ ਛੱਡਣੀ, ਡਰਾਈਵਰ ਲਈ ਪਬਲਿਕ ਸਰਵਿਸ ਵਾਹਨ ਬੈਜ, ਕੰਡਕਟਰ ਲਾਇਸੰਸ ਨਵਿਆਉਣਾ, ਲਰਨਰ ਲਾਇਸੰਸ ਦੀ ਮਿਆਦ ਵਧਾਉਣਾ ਦੀਆਂ ਸੇਵਾਵਾਂ ਸੇਵਾ ਕੇਂਦਰਾਂ ਤੋਂ ਲੈ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਆਰ.ਸੀ ਨਾਲ ਸਬੰਧਿਤ ਸੇਵਾਵਾਂ ਜਿਸ ਵਿੱਚ ਰਜਿਸਟ੍ਰੇਸ਼ਨ ਸਰਟੀਫਿਕੇਟ ਦੀ ਨਕਲ ਲਈ ਅਰਜ਼ੀ, ਆਰ.ਸੀ ਲਈ ਐਨ.ਓ.ਸੀ. ਦੀ ਅਰਜ਼ੀ, ਆਰ.ਸੀ. ਵਿੱਚ ਪਤਾ ਬਦਲਣਾ, ਫ਼ੀਸ ਦੇ ਕੇ ਆਰ.ਸੀ. ਡੀਟੇਲ ਵੇਖਣਾ, ਵਾਹਨ ਦੀ ਟਰਾਂਸਫ਼ਰ ਆਫ਼ ਆਨਰਸ਼ਿਪ (ਨਾਨ ਟਰਾਂਸਪੋਰਟ), ਮਾਲਕੀ ਤਬਦੀਲੀ ਮਾਮਲੇ ਵਿੱਚ ਲਾਈਫ਼ ਟਾਈਮ ਟੈਕਸ ਦੀ ਅਦਾਇਗੀ, ਹਾਇਰ ਪਰਚੇਜ ਐਗਰੀਮੈਂਟ ਦੀ ਐਂਡੋਰਸਮੈਂਟ, ਮੋਬਾਈਲ ਨੰਬਰ ਅੱਪਡੇਟ ਕਰਵਾਉਣਾ, ਫਿਟਨੈੱਸ ਸਰਟੀਫਿਕੇਟ ਦੀ ਨਕਲ, ਕਮਰਸ਼ੀਅਲ ਵਾਹਨਾਂ ਲਈ ਫਿਟਨੈੱਸ ਸਰਟੀਫਿਕੇਟ ਆਦਿ ਸੇਵਾਵਾਂ ਉਪਲਬਧ ਹਨ।

# ਭਗਵੰਤ ਸਿੰਘ ਮਾਨ ਵੱਲੋਂ ਬਠਿੰਡਾ ਵਿੱਚ 11 ਅਨਮੋਲ ਜ਼ਿੰਦਗੀਆਂ ਬਚਾਉਣ ਵਾਲੇ ਚਾਰ ਪੁਲਿਸ ਜਵਾਨਾਂ ਲਈ 'ਮੁੱਖ ਮੰਤਰੀ ਰਕਸ਼ਕ ਪਦਕ' ਦਾ ਐਲਾਨ



**ਚੰਡੀਗੜ੍ਹ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੰਘੀ 23 ਜੁਲਾਈ ਨੂੰ ਸਰਹਿੰਦ ਨਹਿਰ ਵਿੱਚ ਕਾਰ ਡਿੱਗਣ ਨਾਲ ਹਾਦਸੇ ਦਾ ਸ਼ਿਕਾਰ ਹੋਏ 11 ਲੋਕਾਂ ਨੂੰ ਸਹੀ ਸਲਾਮਤ ਬਚਾਉਣ ਵਾਲੇ ਚਾਰ ਪੁਲਿਸ ਜਵਾਨਾਂ ਨੂੰ ਸਨਮਾਨਿਤ ਕੀਤਾ।

ਮੁੱਖ ਮੰਤਰੀ ਨੇ ਅੱਜ ਇੱਥੇ ਆਪਣੀ ਸਰਕਾਰੀ ਰਿਹਾਇਸ਼ 'ਤੇ ਪੀ.ਸੀ.ਆਰ. ਟੀਮ ਦਾ ਸ਼ਾਨਦਾਰ ਸੇਵਾਵਾਂ ਲਈ ਸਨਮਾਨ ਕੀਤਾ ਜਿਨ੍ਹਾਂ ਵਿੱਚ ਦੋ ਏ.ਐਸ.ਆਈ. ਰਜਿੰਦਰ ਸਿੰਘ ਤੇ ਨਰਿੰਦਰ ਸਿੰਘ ਤੋਂ ਇਲਾਵਾ ਕਾਂਸਟੇਬਲ ਜਸਵੰਤ ਸਿੰਘ ਅਤੇ ਹਰਪਾਲ ਕੌਰ ਸ਼ਾਮਲ ਸਨ। ਇਸ ਮੌਕੇ ਪੁਲਿਸ ਮੁਲਾਜ਼ਮਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਉਨ੍ਹਾਂ ਦੀ ਬਹਾਦਰੀ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਮੁਲਾਜ਼ਮਾਂ ਨੇ ਸਮਰਪਿਤ ਭਾਵਨਾ ਤੇ ਦ੍ਰਿੜ੍ਹ ਵਚਨਬੱਧਤਾ ਨਾਲ ਲੋਕਾਂ ਦੀ ਸੇਵਾ ਕਰਕੇ ਪੰਜਾਬ ਪੁਲਿਸ ਦੀ ਗੌਰਵਮਈ ਵਿਰਾਸਤ ਨੂੰ ਕਾਇਮ ਰੱਖਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਬੜੇ ਮਾਣ ਤੇ ਤਸੱਲੀ ਵਾਲੀ ਗੱਲ ਹੈ ਕਿ ਕਿਉਂਕਿ ਹਾਦਸੇ ਦੀ ਇਤਲਾਹ ਮਿਲਣ ਤੋਂ ਤੁਰੰਤ ਬਾਅਦ ਪੁਲਿਸ ਜਵਾਨਾਂ ਨੇ ਹਰਕਤ ਵਿੱਚ ਆਉਂਦਿਆਂ ਪੰਜ ਬੱਚਿਆਂ ਸਮੇਤ 11 ਪੀੜਤਾਂ ਦੀ ਜਾਨ ਬਚਾਈ।

ਪੁਲਿਸ ਜਵਾਨਾਂ ਦੇ ਸਾਹਸ ਦਾ ਪ੍ਰਗਟਾਵਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਏ.ਐਸ.ਆਈ. ਨਰਿੰਦਰ ਸਿੰਘ ਨੇ ਕਾਰ ਵਿੱਚੋਂ ਪਰਿਵਾਰ ਨੂੰ ਸੁਰੱਖਿਅਤ ਬਾਹਰ ਕੱਢਣ ਲਈ ਨਹਿਰ ਵਿੱਚ ਛਾਲ ਮਾਰ ਦਿੱਤੀ ਸੀ। ਉਨ੍ਹਾਂ ਦੱਸਿਆ ਕਿ ਕਾਂਸਟੇਬਲ ਜਸਵੰਤ ਸਿੰਘ ਜੋ ਤੈਰਨਾ ਵੀ ਨਹੀਂ ਜਾਣਦਾ ਸੀ, ਵੀ ਨਰਿੰਦਰ ਸਿੰਘ ਦੇ ਨਾਲ ਗਿਆ ਅਤੇ ਆਪਣੀ ਜਾਨ ਜ਼ੋਖਮ ਵਿੱਚ ਪਾ ਕੇ ਸਮੁੱਚੇ ਪਰਿਵਾਰ ਨੂੰ ਬਚਾ ਲਿਆ। ਭਗਵੰਤ ਸਿੰਘ ਮਾਨ ਨੇ ਪੀ.ਸੀ.ਆਰ. ਟੀਮ ਦੇ ਬਾਕੀ ਮੈਂਬਰਾਂ ਅਤੇ ਉਨ੍ਹਾਂ ਲੋਕਾਂ ਦੀ ਵੀ ਭਰਵੀਂ ਸ਼ਲਾਘਾ ਕੀਤੀ ਜਿਨ੍ਹਾਂ ਨੇ ਪੀੜਤਾਂ ਨੂੰ ਬਚਾਉਣ ਲਈ ਵਧ-ਚੜ੍ਹ ਕੇ ਸਹਾਇਤਾ ਕੀਤੀ।

ਇਸ ਘਟਨਾ ਨੂੰ ਬਹਾਦਰੀ ਅਤੇ ਪੇਸ਼ੇਵਰ ਵਚਨਬੱਧਤਾ ਦੱਸਦਿਆਂ ਮੁੱਖ ਮੰਤਰੀ ਨੇ ਬਠਿੰਡਾ ਦੇ ਐਸ.ਐਸ.ਪੀ. ਅਵਨੀਤ ਕੌਂਡਲ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਨੂੰ ਵਧਾਈ ਦਿੱਤੀ ਜਿਨ੍ਹਾਂ ਨੇ ਮਾਨਵਤਾ ਦੀ ਅਦਭੁਤ ਮਿਸਾਲ ਕਾਇਮ ਕੀਤੀ। ਇਸ ਦੇ ਨਾਲ ਹੀ ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਆਜ਼ਾਦੀ ਦਿਹਾੜੇ ਮੌਕੇ ਰਾਜ ਪੱਧਰੀ ਸਮਾਗਮ ਦੌਰਾਨ ਇਨ੍ਹਾਂ ਪੁਲਿਸ ਜਵਾਨਾਂ ਨੂੰ 'ਮੁੱਖ ਮੰਤਰੀ ਰਕਸ਼ਕ ਪਦਕ' ਨਾਲ ਸਨਮਾਨਿਤ ਕੀਤਾ ਜਾਵੇਗਾ। ਭਗਵੰਤ ਸਿੰਘ ਮਾਨ ਨੇ ਉਮੀਦ ਪ੍ਰਗਟਾਈ ਕਿ ਇਸ ਸਾਹਸ ਭਰੀ ਵਿਲੱਖਣ ਕਾਰਵਾਈ ਤੋਂ ਬਾਕੀ ਪੁਲਿਸ ਜਵਾਨ ਵੀ ਪ੍ਰੇਰਿਤ ਹੋਣਗੇ ਤਾਂ ਕਿ ਸੂਬੇ ਦੇ ਲੋਕਾਂ ਦੀ ਸੇਵਾ ਏਸੇ ਭਾਵਨਾ ਅਤੇ ਵਚਨਬੱਧਤਾ ਨਾਲ ਕੀਤੀ ਜਾ ਸਕੇ।

# ਮਾਛੀਵਾੜਾ ਨਗਰ ਕੌਂਸਲ ਦੇ ਛੇ ਮਹੀਨਿਆਂ ਵਿੱਚ ਕੀਤੇ ਰਿਕਾਰਡ ਤੋੜ ਕੰਮ

**ਮਾਛੀਵਾੜਾ ਸਾਹਿਬ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਕੌਂਸਲ ਮਾਛੀਵਾੜਾ ਸਾਹਿਬ ਵਿਖੇ ਪ੍ਰਧਾਨ ਕੁੰਦਰਾ ਦੀ ਪ੍ਰਧਾਨਗੀ ਹੇਠ ਛੇ ਮਹੀਨੇ ਦੀ ਕਾਰਗੁਜਾਰੀ ਨੂੰ ਲੈ ਕੇ ਅੱਜ ਪ੍ਰੈਸ ਕਾਨਫਰੰਸ ਕਰਦਿਆਂ ਪ੍ਰਧਾਨ ਮੋਹਿਤ ਕੁੰਦਰਾ ਨੇ ਕਿਹਾ ਕਿ ਜਦੋਂ ਦਾ ਨਗਰ ਕੌਂਸਲ ਦਾ ਆਮ ਆਦਮੀ ਪਾਰਟੀ ਦੀ ਸਰਕਾਰ ਦੌਰਾਨ ਕਾਰਜਕਾਲ ਸੰਭਾਲਿਆ ਹੈ ਉਦੋਂ ਤੋਂ ਲੈ ਕੇ ਹੁਣ ਤੱਕ ਕਰੀਬ ਛੇ ਮਹੀਨੇ ਗੁਜ਼ਰ ਜਾਣ ਤੇ ਨਗਰ ਕੌਂਸਲ ਨੇ ਅਨੇਕਾਂ ਹੀ ਕਾਰਜ ਅਰੰਭੇ ਹਨ ਤੇ ਕੁਝ ਕਾਰਜਾਂ ਨੂੰ ਨੇਪਰੇ ਵੀ ਚਾੜ੍ਹਿ ਆ ਹੈ। ਉਹਨਾਂ ਨੇ ਕਿਹਾ ਕਿ ਨਗਰ ਕੌਂਸਲ ਨੇ ਸਭ ਤੋਂ ਵਧੀਆ ਅਤੇ ਵੱਡਾ ਉਪਰਾਲਾ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਪੂਰਬ ਤੇ ਸ੍ਰੀ ਗੁਰੂ ਰਵਿਦਾਸ ਸਿੰਗਲ ਵਿੰਡੋ ਨੂੰ ਖੋਲ੍ਹ ਕੇ ਕੀਤਾ ਹੈ ਜਿਸ ਨਾਲ ਸ਼ਹਿਰ ਵਾਸੀਆਂ ਦੀਆਂ ਵੱਡੀਆਂ ਤੋਂ ਵੱਡੀਆਂ ਮੁਸ਼ਕਿਲਾਂ



ਇਸ ਸਿੰਗਲ ਵਿੰਡੋ ਤੇ ਹੱਲ ਹੋ ਜਾਂਦੀਆਂ ਹਨ। ਸ਼ਹਿਰ ਵਾਸੀਆਂ ਨੂੰ ਨਗਰ ਕੌਂਸਲ ਜਾ ਕੌਂਸਲਰਾਂ ਦੇ ਦਰਾਂ ਅੱਗੇ ਗੇੜੇ ਨਹੀਂ ਮਾਰਨੇ ਪੈਂਦੇ। ਉਹਨਾਂ ਨੇ ਕਿਹਾ ਕਿ ਨਗਰ ਕੌਂਸਲ ਵਿੱਚ ਭਰਿਸ਼ਟਾਚਾਰ ਨੂੰ ਲੈ ਕੇ ਵੀ ਨੱਥ ਪਾਈ ਗਈ। ਜਿਸ ਨਾਲ ਨਗਰ ਕੌਂਸਲ ਦੀ ਆਮਦਨ ਦੁਗਣੀ ਹੋ ਗਈ ਹੈ ਅਤੇ ਇਸ ਆਮਦਨ ਦੇ ਨਾਲ ਕਾਰਜ ਆਰੰਭ ਕੀਤੇ ਹੋਏ ਹਨ। ਜਿਨਾਂ ਲੋਕਾਂ ਨੇ ਪ੍ਰੋਪਰਟੀ ਲੈ ਕੇ ਛੱਡੀ ਹੋਈ ਸੀ ਉਹ ਪ੍ਰੋਪਰਟੀ ਟੈਕਸ ਨਹੀਂ ਦਿੰਦੇ ਸਨ ਹੁਣ ਆਪ ਮੁਹਾਰੇ ਪ੍ਰੋਪਰਟੀ ਟੈਕਸ ਭਰ ਰਹੇ ਹਨ ਜਿਸ ਨਾਲ ਨਗਰ ਕੌਂਸਲ ਦੀ ਆਮਦਨ ਦੁਗਣੀ ਤੋਂ ਚੌਗਣੀ ਹੁੰਦੀ ਜਾ ਰਹੀ ਹੈ। ਸ਼ਹਿਰ ਨੂੰ ਸੁੰਦਰ ਬਣਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ ਚਾਰੇ ਪਾਸੇ ਪਾਮ ਦੇ ਦਰੱਖਤ ਲਗਾਏ ਜਾ ਰਹੇ ਹਨ ਇਸ ਤੋਂ ਇਲਾਵਾ ਹੋਰ ਵੀ ਪੌਦੇ ਲਗਾਏ ਜਾ ਰਹੇ ਹਨ। ਬੱਚਿਆਂ ਦੇ ਖੇਡਣ ਲਈ ਗਰਾਊਂਡ ਨੂੰ ਲੱਖਾਂ ਰੁਪਈਆਂ ਦੀ ਗਰਾਂਟ ਦੇ ਕੇ ਉਸਨੂੰ ਆਧੁਨਿਕ ਲੁੱਕ ਦਿੱਤੀ ਜਾ ਰਹੀ ਹੈ ਜਿਸ ਵਿੱਚ ਬੱਚੇ ਸਵੇਰੇ ਸ਼ਾਮ ਖੇਡ ਕੇ ਆਪਣਾ ਖੇਡਾਂ ਵਿੱਚ ਭਵਿੱਖ ਬਣਾਉਣਗੇ। ਪਾਰਕਾਂ ਨੂੰ ਸੁੰਦਰ ਬਣਾਇਆ ਜਾ ਰਿਹਾ ਹੈ ਇਸ ਤੋਂ ਇਲਾਵਾ ਕਮਿਊਨਿਟੀ ਸੈਂਟਰ ਵਿੱਚ ਲੱਖਾਂ ਰੁਪਈਆ ਖਰਚ ਕੇ ਉਸ ਦੀ ਦਿੱਖ ਬਦਲੀ ਜਾ ਰਹੀ ਹੈ ਜੋ ਕਿ ਲਗਭਗ ਤਿਆਰ ਹੋ ਚੁੱਕਿਆ ਹੈ ਕੁਝ ਸਮੇਂ ਤੱਕ ਉਸ ਦਾ ਉਦਘਾਟਨ ਵੀ ਕਰ ਦਿੱਤਾ ਜਾਵੇਗਾ ।

# ਸ੍ਰੀ ਅਕਾਲ ਤਖਤ ਸਾਹਿਬ ਤੋਂ ਬਣੀ ਕਮੇਟੀ ਦੀ ਮੀਟਿੰਗ

**ਖਰੜ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਖਾਲਸਾ ਸੀਨੀਅਰ ਸੈਕੰਡਰੀ ਸਕੂਲ ਖਰੜ ਵਿਖੇ ਸ੍ਰੀ ਅਕਾਲ ਤਖਤ ਸਾਹਿਬ ਤੋਂ ਬਣੀ ਕਮੇਟੀ ਦੇ ਮੈਂਬਰ ਮਨਪ੍ਰੀਤ ਸਿੰਘ ਇਆਲੀ ਵਲੋਂ 29 ਜੁਲਾਈ, ਸਨਿੱਚਰਵਾਰ ਸਵੇਰੇ 9.30 ਵਜੇ ਵਿਧਾਨ ਸਭਾ ਹਲਕਾ ਖਰੜ ਦੇ ਡੈਲੀਗੇਟਾਂ ਦੀ ਮੀਟਿੰਗ ਰੱਖੀ ਗਈ ਹੈ।

ਜਿਸ ਵਿਚ ਵਿਧਾਨ ਸਭਾ ਹਲਕਾ ਖਰੜ ਦੇ ਸਮੂਹ ਡੈਲੀਗੇਟ ਅਤੇ ਸਮਰੱਥਕ ਸ਼ਾਮਲ ਹੋਣਗੇ।

ਕਮੇਟੀ ਵਲੋਂ ਸਮੂਹ ਡੈਲੀਗੇਟਾਂ ਅਤੇ ਸਮਰੱਥਕਾਂ ਨੂੰ ਇਸ ਮੀਟਿੰਗ ਵਿਚ ਸਮੇਂ ਸਿਰ ਪਹੁੰਚਣ ਦੀ ਬੇਨਤੀ ਕੀਤੀ ਗਈ ਹੈ।

# ਕਿਸੇ ਨੂੰ ਵੀ ਪੰਜਾਬ ਦੇ ਨੌਜਵਾਨਾਂ ਦਾ ਭਵਿੱਖ ਤਬਾਹ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ: ਡੀ ਆਈ ਜੀ ਭੁੱਲਰ

**ਖਰੜ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਰੂਪਨਗਰ ਪੁਲਿਸ ਰੇਂਜ ਦੇ ਡਿਪਟੀ ਇੰਸਪੈਕਟਰ ਜਨਰਲ (ਡੀ ਆਈ ਜੀ) ਹਰਚਰਨ ਸਿੰਘ ਭੁੱਲਰ ਨੇ ਨਸ਼ਿਆਂ ਤੋਂ ਪ੍ਰਭਾਵਿਤ ਨੌਜਵਾਨਾਂ ਦੇ ਮਨੋਬਲ ਨੂੰ ਵਧਾਉਣ ਅਤੇ ਉਨ੍ਹਾਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਵੱਲ ਸੇਧਿਤ ਕਰਨ ਦੀ ਫੌਰੀ ਲੋੜ 'ਤੇ ਜ਼ੋਰ ਦਿੱਤਾ। ਉਹ ਗੈਂਡ ਕੈਸਲ ਪੈਲੇਸ, ਘੜੂੰਆਂ ਵਿਖੇ 'ਯੁੱਧ ਨਸ਼ਿਆਂ ਵਿਰੁਧ' ਮੁਹਿੰਮ ਤਹਿਤ ਆਯੋਜਿਤ ਇੱਕ ਜਨਤਕ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਪੰਜਾਬ ਪੁਲਿਸ ਦੀ ਵਚਨਬੱਧਤਾ ਦੀ ਪੁਸ਼ਟੀ ਕਰਦੇ ਹੋਏ, ਡੀ ਆਈ ਜੀ ਭੁੱਲਰ ਨੇ ਕਿਹਾ, ਅਸੀਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਡੀ ਜੀ ਪੀ ਸ੍ਰੀ ਗੌਰਵ ਯਾਦਵ ਦੇ ਪੰਜਾਬ ਦੀ ਪਵਿੱਤਰ ਧਰਤੀ ਤੋਂ ਨਸ਼ੇ ਖਤਮ ਕਰਨ ਦੇ ਵਾਅਦੇ ਨੂੰ ਪੂਰਾ ਕਰਨ ਲਈ ਸਮਰਪਿਤ ਹਾਂ। ਕਿਸੇ ਨੂੰ ਵੀ ਸਾਡੇ ਨੌਜਵਾਨਾਂ ਦਾ ਭਵਿੱਖ ਬਰਬਾਦ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਮੁਹਿੰਮ ਦੀਆਂ ਪ੍ਰਾਪਤੀਆਂ ਨੂੰ ਉਜਾਗਰ ਕਰਦੇ ਹੋਏ, ਉਨ੍ਹਾਂ ਦੱਸਿਆ ਕਿ ਪਿਛਲੇ 145 ਦਿਨਾਂ ਦੌਰਾਨ ਇਸ ਮੁਹਿੰਮ ਦੇ ਹਿੱਸੇ ਵਜੋਂ ਸੂਬੇ ਭਰ ਵਿੱਚ ਕੁੱਲ 23,237 ਗ੍ਰਿਫ਼ਤਾਰੀਆਂ ਕੀਤੀਆਂ ਗਈਆਂ ਹਨ। ਉਨ੍ਹਾਂ ਨਾਗਰਿਕਾਂ ਨੂੰ ਇਸ ਮਿਸ਼ਨ ਵਿੱਚ ਪੁਲਿਸ ਨਾਲ ਹੱਥ ਮਿਲਾਉਣ ਦੀ ਅਪੀਲ ਕੀਤੀ, ਕਿਉਂ ਜੋ ਨਸ਼ੇ ਦੀ ਲਤ ਤੋਂ ਪ੍ਰਭਾਵਿਤ ਪਰਿਵਾਰਾਂ/ਪੀੜਤ ਨੌਜੁਆਨਾਂ ਦੇ ਵਿਸ਼ਵਾਸ ਨੂੰ ਮੁੜ ਬਣਾਉਣ ਲਈ ਜਨਤਕ ਭਾਗੀਦਾਰੀ ਬਹੁਤ ਜ਼ਰੂਰੀ ਹੈ। ਅਜਿਹੇ ਵਿਅਕਤੀਆਂ ਨੂੰ ਓਟ ਕਲੀਨਿਕਾਂ ਅਤੇ ਨਸ਼ਾ ਛੁਡਾਊ ਕੇਂਦਰਾਂ ਵੱਲ ਸੇਧਿਤ ਕਰਨ ਲਈ ਉਨ੍ਹਾਂ ਨੂੰ ਉਤਸ਼ਾਹਿਤ ਕਰਦੇ ਹੋਏ, ਉਨ੍ਹਾਂ ਭਰੋਸਾ ਦਿੱਤਾ ਕਿ ਸਥਾਨਕ ਸਟੇਸ਼ਨ ਹਾਊਸ ਅਫਸਰ ਸਮੇਂ ਸਿਰ ਇਲਾਜ ਲਈ ਹਰ ਸੰਭਵ ਸਹਾਇਤਾ ਪ੍ਰਦਾਨ ਕਰਨਗੇ। ਸੀਨੀਅਰ ਸੁਪਰਡੈਂਟ ਆਫ਼ ਪੁਲਿਸ ਹਰਮਨਦੀਪ ਸਿੰਘ ਹਾਂਸ, ਜੋ ਕਿ ਸਮਾਗਮ ਵਿੱਚ ਮੌਜੂਦ ਸਨ, ਨੇ ਲੋਕਾਂ ਨੂੰ ਨਸ਼ਾ ਤਸਕਰੀ ਦੀ ਰਿਪੋਰਟ ਕਰਨ ਜਾਂ ਨਸ਼ਾ-ਨਿਰਭਰ ਵਿਅਕਤੀਆਂ ਦੇ ਇਲਾਜ ਲਈ ਮਦਦ ਲੈਣ ਲਈ ਸੇਫ ਪੰਜਾਬ ਨਸ਼ਾ ਵਿਰੋਧੀ ਹੈਲਪਲਾਈਨ – 97791-00200 (ਵਟਸਐਪ-ਅਧਾਰਤ ਚੈਟਬੋਟ) ਦੀ ਵਰਤੋਂ ਕਰਨ ਦੀ ਅਪੀਲ ਕੀਤੀ। ਉਨ੍ਹਾਂ ਭਰੋਸਾ ਦਿੱਤਾ ਕਿ ਸੂਚਨਾ ਦੇਣ ਵਾਲਿਆਂ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ ਐਸ ਐਸ ਪੀ ਹਾਂਸ ਨੇ ਇਹ ਵੀ ਕਿਹਾ ਕਿ ਚੱਲ ਰਹੀਆਂ 'ਨਸ਼ਾ ਮੁਕਤੀ ਯਾਤਰਾਵਾਂ' ਨੇ ਜਨਤਕ ਸਮਰਥਨ ਜੁਟਾਉਣ ਵਿੱਚ ਮੁੱਖ ਭੂਮਿਕਾ ਨਿਭਾਈ ਹੈ, ਹਜ਼ਾਰਾਂ ਲੋਕਾਂ ਨੇ ਨਸ਼ਿਆਂ ਦੀ ਵਰਤੋਂ ਨਾ ਕਰਨ ਅਤੇ ਨਾ ਹੀ ਤਸਕਰਾਂ ਦੀ ਮਦੱਦ ਕਰਨ ਦਾ ਪ੍ਰਣ ਲਿਆ ਹੈ ।ਉਨ੍ਹਾਂ ਸਥਾਨਕ ਨਿਵਾਸੀਆਂ ਅਤੇ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਦੇ ਨੌਜਵਾਨਾਂ ਦੇ ਭਵਿੱਖ ਨੂੰ ਨਸ਼ਿਆਂ ਦੇ ਖ਼ਤਰੇ ਤੋਂ ਬਚਾਉਣ ਲਈ ਪੁਲਿਸ ਨੂੰ ਪੂਰਾ ਸਹਿਯੋਗ ਦੇਣ ।ਚੰਡੀਗੜ੍ਹ ਯੂਨੀਵਰਸਿਟੀ ਤੋਂ ਸੇਵਾਮੁਕਤ ਵਿੰਗ ਕਮਾਂਡਰ ਜੇ.ਐਸ. ਮਿਨਹਾਸ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ ਅਤੇ ਪੁਲਿਸ ਦੀ ਪਹਿਲਕਦਮੀ ਦੀ ਸ਼ਲਾਘਾ ਕੀਤੀ ਅਤੇ ਜਾਗਰੂਕਤਾ ਪੈਦਾ ਕਰਕੇ ਯੂਨੀਵਰਸਿਟੀ ਕੈਂਪਸ ਅਤੇ ਨੇੜਲੇ ਖੇਤਰ ਨੂੰ ਨਸ਼ਿਆਂ ਅਤੇ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਤੋਂ ਮੁਕਤ ਰੱਖਣ ਦਾ ਭਰੋਸਾ ਦਿੱਤਾ। ਇਸ ਸਮਾਗਮ ਵਿੱਚ ਘੜੂੰਆਂ, ਕੁਰਾਲੀ, ਖਰੜ, ਬਲੌਂਗੀ ਅਤੇ ਲਾਂਡਰਾਂ ਦੀਆਂ ਪ੍ਰਮੁੱਖ ਸਥਾਨਕ ਸ਼ਖਸੀਅਤਾਂ ਅਤੇ ਪੰਚਾਇਤ ਪ੍ਰਤੀਨਿਧੀਆਂ ਦੇ ਨਾਲ-ਨਾਲ ਐਸ ਪੀ ਮਨਪ੍ਰੀਤ ਸਿੰਘ ਅਤੇ ਮੋਹਿਤ ਅਗਰਵਾਲ, ਡੀ ਐਸ ਪੀ ਖਰੜ ਕਰਨ ਸਿੰਘ ਸੰਧੂ, ਪ੍ਰੋਫੈਸਰ ਗੁਰਬਖਸ਼ੀਸ਼ ਸਿੰਘ ਅੰਟਾਲ ਅਤੇ ਸਥਾਨਕ ਐਸ ਐਚ ਓ ਸ਼ਾਮਲ ਹੋਏ।

# ਗੈਂਗਸਟਰ ਵਲੋਂ ਅੰਮ੍ਰਿਤਸਰ ਵਿਖੇ ਇੱਕ ਵਿਅਕਤੀ ਦਾ ਗੋਲੀਆਂ ਮਾਰ ਕੇ ਕਤਲ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ

**ਰੂਪ ਨਗਰ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਰੂਪਨਗਰ ਪੁਲਿਸ ਨੇ ਵੱਡੀ ਸਫ਼ਲਤਾ ਹਾਸਲ ਕਰਦੇ ਹੋਏ ਖੰਡਰ ਇਮਾਰਤ ਵਿੱਚ ਛਿਪੇ ਹੋਏ 3 ਗੈਂਗਸਟਰਾਂ ਨੂੰ ਫਾਈਰਿੰਗ ਮੁਕਾਬਲੇ ਦੌਰਾਨ ਕਾਬੂ ਕੀਤਾ, ਜਿਨ੍ਹਾਂ ਵੱਲੋਂ 4 ਜੁਲਾਈ, 2025 ਨੂੰ ਅੰਮ੍ਰਿਤਸਰ (ਰੂਰਲ) ਵਿਖੇ ਇੱਕ ਵਿਅਕਤੀ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ।

ਇਸ ਸੰਬਧੀ ਜਾਣਕਾਰੀ ਦਿੰਦਿਆਂ ਸੀਨੀਅਰ ਪੁਲਿਸ ਕਪਤਾਨ ਰੂਪਨਗਰ ਸ. ਗੁਲਨੀਤ ਸਿੰਘ ਖੁਰਾਣਾ ਨੇ ਦੱਸਿਆ ਕਿ ਪੰਜਾਬ ਪੁਲਿਸ ਵੱਲੋਂ ਗੈਰ ਸਮਾਜੀ ਅਨਸਰਾਂ/ਗੈਂਗਸਟਰਾਂ ਖਿਲਾਫ ਛੇੜੀ ਗਈ ਮੁਹਿੰਮ ਅਧੀਨ ਕਪਤਾਨ ਪੁਲਿਸ (ਡਿਟੈਕਟਿਵ) ਗੁਰਦੀਪ ਸਿੰਘ ਬਾਂਸਲ, ਉਪ ਕਪਤਾਨ ਪੁਲਿਸ (ਸਬ ਡਵੀਜ਼ਨ ਸ੍ਰੀ ਅਨੰਦਪੁਰ ਸਾਹਿਬ) ਅਜੇ ਸਿੰਘ ਦੀ ਅਗਵਾਈ ਹੇਠ ਇੰਚਾਰਜ ਸੀ.ਆਈ.ਏ. ਰੂਪਨਗਰ ਇੰਸਪੈਕਟਰ ਮਨਫੂਲ ਸਿੰਘ ਅਤੇ ਮੁੱਖ ਅਫਸਰ ਥਾਣਾ ਨੂਰਪੁਰ ਬੇਦੀ ਇੰਸਪੈਕਟਰ ਸੁਨੀਲ ਕੁਮਾਰ ਦੀ ਟੀਮ ਨੇ ਬਹੁਤ ਅਹਿਮ ਕਾਮਯਾਬੀ ਹਾਸਲ ਹੋਈ।

ਉਨ੍ਹਾਂ ਦੱਸਿਆ ਕੀ ਜਦੋਂ ਇੰਚਾਰਜ ਸੀ.ਆਈ.ਏ. ਰੂਪਨਗਰ ਨੂੰ ਭਿੰਡਰ ਨਗਰ ਏਰੀਏ ਵਿੱਚ ਸਤਲੁਜ ਦਰਿਆ ਵਾਲੀ ਸਾਈਡ ਵੱਲ ਇਕ ਖੰਡਰ ਇਮਾਰਤ ਵਿਚ ਤਿੰਨ ਅਪਰਾਧ ਪਿਛੋਕੜ ਵਾਲੇ ਵਿਅਕਤੀ ਛੁਪੇ ਹੋਣ ਦੀ ਸੂਚਨਾ ਮਿਲੀ, ਜਿਸ 'ਤੇ ਦੋਨਾਂ ਟੀਮਾਂ ਵਲੋਂ ਮਿਲ ਕੇ ਖੰਡਰ ਇਮਾਰਤ ਨੂੰ ਘੇਰਾ ਪਾਇਆ ਗਿਆ ਤਾਂ ਕਰੀਬ 01.30 ਵਜੇ ਦੇ ਬਿਲਡਿੰਗ ਦੇ ਅੰਦਰੋਂ ਇੱਕ ਵਿਅਕਤੀ ਨੇ ਪੁਲਿਸ ਪਾਰਟੀ ਨੂੰ ਦੇਖ ਕੇ ਫਾਇਰ ਕਰਨੇ ਸ਼ੁਰੂ ਕਰ ਦਿੱਤੇ, ਜੋ ਪੁਲੀਸ ਪਾਰਟੀ ਦੀ ਗੱਡੀ ਬਲੈਰੋ ਵਿੱਚ ਵੱਜੇ।

ਪੁਲਿਸ ਪਾਰਟੀ ਵਲੋਂ ਜਵਾਬੀ ਕਾਰਵਾਈ ਦੌਰਾਨ ਫਾਈਰਿੰਗ ਕੀਤੀ ਗਈ ਅਤੇ ਪੁਲਿਸ ਪਾਰਟੀ ਨੇ ਉਨ੍ਹਾਂ ਨੂੰ ਦੌਰਾਨੇ ਮੁੱਠਭੇੜ ਕਾਬੂ ਕੀਤਾ ਗਿਆ।

ਸ. ਗੁਲਨੀਤ ਸਿੰਘ ਖੁਰਾਣਾ ਨੇ ਦੱਸਿਆ ਕਿ ਇਨ੍ਹਾਂ ਕਾਬੂ ਕੀਤੇ ਗੈਂਗਸਟਰਾਂ ਦੇ ਨਾਮ ਗੁਰਵਿੰਦਰ ਸਿੰਘ ਉਰਫ਼ ਭੋਲਾ ਵਾਸੀ ਪਿੰਡ ਚੰਨਣਕੇ ਥਾਣਾ ਮਹਿਤਾ ਚੌਂਕ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ, ਨਵਤੇਜ ਸਿੰਘ ਉਰਫ ਤੇਜੀ ਵਾਸੀ ਪਿੰਡ ਜੱਬੋਵਾਲ ਥਾਣਾ ਬਾਬਾ ਬਕਾਲਾ ਜ਼ਿਲ੍ਹਾ ਅੰਮ੍ਰਿਤਸਰ, ਗੁਰਪ੍ਰੀਤ ਸਿੰਘ ਉਰਫ ਗੋਪੀ ਵਾਸੀ ਪਿੰਡ ਸਰਾਂ ਥਾਣਾ ਮੱਤੇਵਾਲ ਜ਼ਿਲ੍ਹਾ ਅੰਮ੍ਰਿਤਸਰ ਹਨ।

ਉਨ੍ਹਾਂ ਦੱਸਿਆ ਕਿ ਹੋਈ ਫਾਈਰਿੰਗ ਦੌਰਾਨ ਗੁਰਵਿੰਦਰ ਸਿੰਘ ਉਰਫ਼ ਭੋਲਾ ਦੇ ਸੱਜੇ ਪੱਟ ਵਿੱਚ ਗੋਲੀ ਲੱਗੀ ਹੋਈ ਸੀ, ਜਿਸਨੂੰ ਇਲਾਜ ਲਈ ਐਬੂਲੈਂਸ ਰਾਹੀਂ ਸਰਕਾਰੀ ਹਸਪਤਾਲ ਰੂਪਨਗਰ ਵਿਖੇ ਭੇਜਿਆ ਗਿਆ ਸੀ, ਜੋ ਹੁਣ ਜੇਰੇ ਇਲਾਜ ਪੀਜੀਆਈ ਚੰਡੀਗੜ੍ਹ ਵਿਖੇ ਦਾਖਲ ਹੈ।

ਉਨ੍ਹਾਂ ਦੱਸਿਆ ਕਿ ਦੋਸ਼ੀਆਂ ਖਿਲਾਫ ਮੁਕੱਦਮਾ ਨੰਬਰ 93 ਮਿਤੀ 25.07.2025 ਅ/ਧ 109, 3(5) ਬੀਐਨਐਸ × 25-54-50 ਆਰਮਜ਼ ਐਕਟ ਥਾਣਾ ਨੂਰਪੁਰ ਬੇਦੀ ਰਜਿਸਟਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਦੋਸ਼ੀ ਗੁਰਵਿੰਦਰ ਸਿੰਘ ਪਾਸੋਂ ਇਕ 9 ਐਮਐਮ ਗਲੋਕ ਪਿਸਟਲ ਸਮੇਤ ਮੈਗਜ਼ੀਨ, 01 ਜਿੰਦਾ ਕਾਰਤੂਸ ਅਤੇ 03 ਖੋਲ ਬਰਾਮਦ ਕੀਤੇ ਗਏ।

ਐੱਸਐੱਸਪੀ ਰੂਪਨਗਰ ਨੇ ਦੱਸਿਆ ਕਿ ਹੁਣ ਤੱਕ ਦੋਸ਼ੀਆਂ ਦੀ ਡੂੰਘਾਈ ਨਾਲ ਪੁੱਛਗਿੱਛ ਕਰਨ ਤੇ ਪਤਾ ਲੱਗਾ ਕਿ ਦੋਸ਼ੀਆਂ ਨੇ 04 ਜੁਲਾਈ 2025 ਨੂੰ ਜੁਗਰਾਜ ਸਿੰਘ ਪੁੱਤਰ ਸੁਖਜਿੰਦਰ ਸਿੰਘ ਵਾਸੀ ਪਿੰਡ ਚੰਨਣਕੇ ਥਾਣਾ ਮਹਿਤਾ ਚੌਂਕ ਜਿਲ੍ਹਾ ਅੰਮ੍ਰਿਤਸਰ (ਰੂਰਲ) ਉਮਰ ਕਰੀਬ 28 ਸਾਲ ਦਾ ਵਕਤ ਕਰੀਬ 7.45 ਵਜੇ ਦੇ ਗੁਰੂਦੁਆਰਾ ਬਾਬਾ ਬੁੱਢਾ ਸਾਹਿਬ ਚੰਨਣਕੇ ਦੇ ਗੇਟ ਦੇ ਸਾਹਮਣੇ ਪਿੰਡ ਚੰਨਣਕੇ ਵਿਖੇ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਹੈ।

ਉਨ੍ਹਾਂ ਦੱਸਿਆ ਕਿ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਇਹ ਵੱਖ-ਵੱਖ ਥਾਂਵਾ ਤੋਂ ਹੁੰਦੇ ਹੋਏ ਜ਼ਿਲ੍ਹਾ ਰੂਪਨਗਰ ਵਿੱਚ ਛਿਪ ਗਏ ਸਨ ਅਤੇ ਪੁਲਿਸ ਵੱਲੋਂ ਇਨ੍ਹਾਂ ਨੂੰ ਫੜਨ ਲਈ ਨਿਰੰਤਰ ਛਾਪੇਮਾਰੀ ਕੀਤੀ ਜਾ ਰਹੀ ਸੀ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਦੋਸ਼ੀਆ ਖਿਲਾਫ ਮੁਕੱਦਮਾ ਨੰਬਰ 76 ਮਿਤੀ 04.07.2025 ਅ/ਧ 103(1), 3(5), ਬੀਐਨਐਸ-2023, 25/54/59 ਆਰਮਜ਼ ਐਕਟ ਥਾਣਾ ਮਹਿਤਾ ਅੰਮ੍ਰਿਤਸਰ (ਰੂਰਲ) ਦਰਜ ਰਜਿਸਟਰ ਹੈ ਅਤੇ ਇਹ ਵਿਅਕਤੀ ਮੁਕੱਦਮੇ ਵਿਚ ਲੋੜੀਂਦੇ ਹਨ।

ਉਨ੍ਹਾਂ ਦੱਸਿਆ ਕਿ ਦੋਸ਼ੀਆਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ, ਜਿਨ੍ਹਾ ਪਾਸੋਂ ਹੋਰ ਵੀ ਵੱਡੇ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਬੰਗਲਾਦੇਸ਼ੀਆਂ ਦੀ ਜਾਂਚ ਕਾਰਨ ਪਰਵਾਸੀ ਮਜ਼ਦੂਰਾਂ ਦੀ ਵਿਆਪਕ ਹਿਜਰਤ; ਗੁਰੂਗ੍ਰਾਮ ’ਚ ਕਿਰਤੀਆਂ ਦੀ ਕਮੀ ਰੜਕਣ ਲੱਗੀ

## ਬਹੁਤੇ ਪਰਵਾਸੀ ਮਜ਼ਦੂਰ ਬੰਗਾਲ ਦੇ ਮਾਲਦਾ, ਦੱਖਣੀ ਦਿਨਾਜਪੁਰ, ਉੱਤਰੀ ਦਿਨਾਜਪੁਰ, ਨਾਦੀਆ, ਮੁਰਸ਼ੀਦਾਬਾਦ, ਕੂਚ ਬਿਹਾਰ ਤੇ ਉੱਤਰੀ 24 ਪਰਗਣਾ ਜ਼ਿਲ੍ਹਿਆਂ ਤੋਂ ਹੋਣ ਦਾ ਕਰ ਰਹੇ ਨੇ ਦਾਅਵਾ

**ਗੁਰੂਗ੍ਰਾਮ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਗੁਰੂਗ੍ਰਾਮ ਪੁਲੀਸ ਵੱਲੋਂ ਗੈਰਕਾਨੂੰਨੀ ਬੰਗਲਾਦੇਸ਼ੀ ਪਰਵਾਸੀਆਂ ਦਾ ਪਤਾ ਲਾਉਣ ਦੀ ਛੇੜੀ ਗਈ ਮੁਹਿੰਮ ਨੇ ਇਥੇ ਪਰਵਾਸੀ ਮਜ਼ਦੂਰਾਂ ਵਿਚ ਵਿਆਪਕ ਹਿਜਰਤ ਦਾ ਮੁੱਢ ਬੰਨ੍ਹ ਦਿੱਤਾ ਹੈ ਅਤੇ ਸੈਂਕੜੇ ਲੋਕ ਤਸਦੀਕ ਤੋਂ ਬਚਣ ਲਈ ਸ਼ਹਿਰ ਛੱਡ ਕੇ ਭੱਜ ਰਹੇ ਹਨ। ਇਨ੍ਹਾਂ ਪਰਵਾਸੀਆਂ ਵਿੱਚੋਂ ਜ਼ਿਆਦਾਤਰ ਬੰਗਾਲ ਦੇ ਮਾਲਦਾ, ਦੱਖਣੀ ਦਿਨਾਜਪੁਰ, ਉੱਤਰੀ ਦਿਨਾਜਪੁਰ, ਨਾਦੀਆ, ਮੁਰਸ਼ੀਦਾਬਾਦ, ਕੂਚ ਬਿਹਾਰ ਅਤੇ ਉੱਤਰੀ 24 ਪਰਗਣਾ ਜ਼ਿਲ੍ਹਿਆਂ ਨਾਲ ਸਬੰਧਤ ਹੋਣ ਦਾ ਦਾਅਵਾ ਕਰਦੇ ਹਨ।

ਉਨ੍ਹਾਂ ਦਾ ਦੋਸ਼ ਹੈ ਕਿ ਉਨ੍ਹਾਂ ਨੂੰ ਬੰਗਲਾਦੇਸ਼ੀਆਂ ਨਾਲ ਭਾਸ਼ਾ ਦੇ ਮੇਲ ਕਾਰਨ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਉਹ ਵਿਸ਼ੇਸ਼ ਰਾਤ ਦੀਆਂ ਬੱਸਾਂ ਦਾ ਪ੍ਰਬੰਧ ਕਰ ਰਹੇ ਹਨ, ਭਾਵੇਂ ਕਿ ਇਸ ਲਈ ਉਨ੍ਹਾਂ ਨੂੰ ਤਿੰਨ ਗੁਣਾ ਤੱਕ ਵੱਧ ਕਿਰਾਇਆ ਦੇਣਾ ਪੈ ਰਿਹਾ ਹੈ। ਜ਼ਿਆਦਾਤਰ ਮਜ਼ਦੂਰ ਬਸਤੀਆਂ ਹੁਣ ਖਾਲੀ ਕਰ ਦਿੱਤੀਆਂ ਗਈਆਂ ਹਨ। ਸੂਤਰਾਂ ਨੇ ਦਾਅਵਾ ਕੀਤਾ ਕਿ ਇਨ੍ਹਾਂ ਪਰਵਾਸੀਆਂ ਨੂੰ ਕੁਝ ਸਮੇਂ ਤੋਂ ਬੰਗਾਲ ਤੋਂ ਗੁਰੂਗ੍ਰਾਮ ਛੱਡ ਜਾਣ ਦੇ ਸੁਨੇਹੇ ਮਿਲ ਰਹੇ ਸਨ।

ਬੁਪਿਨ ਸ਼ੇਖ, ਜੋ 20 ਜੁਲਾਈ ਨੂੰ ਸ਼ਹਿਰ ਛੱਡ ਗਿਆ ਸੀ, ਨੇ ਕਿਹਾ, ਮੇਰੇ ਭਰਾ ਨੂੰ ਇੱਕ ਸਕ੍ਰੈਪ ਯਾਰਡ ਤੋਂ ਹਿਰਾਸਤ ਵਿੱਚ ਲੈ ਲਿਆ ਗਿਆ ਅਤੇ ਮਾਨੇਸਰ ਕਮਿਊਨਿਟੀ ਸੈਂਟਰ ਲਿਜਾਇਆ ਗਿਆ ਹੈ। ਉਸ ਦੇ ਫੋਨ ’ਚ ਉਸ ਦੇ ਆਧਾਰ ਕਾਰਡ ਅਤੇ ਵੋਟਰ ਕਾਰਡ ਦੀ ਫੋਟੋ ਸੀ। ਪਰ, ਪੁਲੀਸ ਨੇ ਉਸ ਨੂੰ ਕਿਹਾ ਕਿ ਉਹ ਇਨ੍ਹਾਂ ਦੀਆਂ ਹਾਰਡ ਕਾਪੀਆਂ ਸਣੇ ਆਪਣੇ ਸਾਰੇ ਪਰਿਵਾਰ ਨੂੰ ਪੁਲੀਸ ਕੋਲ ਸੱਦੇ। ਖ਼ਤਰਾ ਭਾਂਪਦਿਆਂ ਮੇਰੇ ਭਰਾ ਨੇ ਸਾਨੂੰ ਸਾਰਿਆਂ ਨੂੰ ਬੰਗਾਲ ਪਰਤ ਜਾਣ ਲਈ ਕਿਹਾ ਅਤੇ ਆਪਣੇ ਦਸਤਾਵੇਜ਼ ਆਪਣੇ ਮਾਲਕ ਰਾਹੀਂ ਭੇਜਣ ਲਈ ਕਿਹਾ।”

ਉਸ ਨੇ ਕਿਹਾ, “ਪੁਲੀਸ ਸਾਨੂੰ ਸਾਰਿਆਂ ਨੂੰ ਹਿਰਾਸਤ ਵਿੱਚ ਲੈਣਾ ਚਾਹੁੰਦੀ ਸੀ। ਉਹ ਕੁਝ ਨਹੀਂ ਪੁੱਛ ਰਹੇ ਹਨ, ਸਿਰਫ਼ ਸਾਨੂੰ ਚੁੱਕ ਰਹੇ ਹਨ। ਸਾਨੂੰ ਮਾਲਦਾ ਵਿੱਚ ਸਾਡੇ ਪਿੰਡ ਦੇ ਸਰਪੰਚ ਤੋਂ ਇੱਕ ਸੁਨੇਹਾ ਵੀ ਮਿਲਿਆ, ਜਿਸ ਨੇ ਸਾਨੂੰ ਸਾਰਿਆਂ ਨੂੰ ਬੰਗਾਲ ਪਰਤ ਆਉਣ ਲਈ ਕਿਹਾ ਹੈ। ਅਸੀਂ ਕੁੱਲ 30 ਵਿਅਕਤੀ ਹਾਂ ਅਤੇ 50,000 ਰੁਪਏ ਵਿੱਚ ਇੱਕ ਬੱਸ ਕਿਰਾਏ ’ਤੇ ਲਈ ਹੈ।

ਘਬਰਾਹਟ ਦੀ ਪੁਸ਼ਟੀ ਕਰਦਿਆਂ ਗੁਰੂਗ੍ਰਾਮ ਪੁਲੀਸ ਦੇ ਬੁਲਾਰੇ ਸੰਦੀਪ ਕੁਮਾਰ ਨੇ ਕਿਹਾ ਕਿ ਪੁਲੀਸ ‘ਨੌਕਰਾਂ ਸਬੰਧੀ ਸੰਕਟ’ ਬਾਰੇ ਕਾਲਾਂ ਨਾਲ ਭਰੀ ਹੋਈ ਹੈ। ਸੈਨੀਟੇਸ਼ਨ ਠੇਕੇਦਾਰ, RWA ਮੈਂਬਰ ਅਤੇ ਹੋਰ ਲੋਕ ਆਪਣੇ ਕਰਮਚਾਰੀਆਂ ਲਈ ਭਰੋਸਾ ਦੇਣ ਲਈ ਸੈਕਟਰ 10 ਅਤੇ 40 ਦੇ ਹੋਲਡ-ਅੱਪ ਕੇਂਦਰਾਂ ਤੱਕ ਪਹੁੰਚ ਰਹੇ ਹਨ। ਪੁਲੀਸ ਸੋਸ਼ਲ ਮੀਡੀਆ ਦੀਆਂ ‘ਅਫਵਾਹਾਂ’ ਅਤੇ ‘ਬਹੁਤ ਵਧਾ-ਚੜ੍ਹਾ ਕੇ ਦੱਸੇ ਗਏ’ ਹਿਰਾਸਤ ਦੇ ਅੰਕੜਿਆਂ ਨੂੰ ਦਹਿਸ਼ਤ ਦੇ ਮੁੱਖ ਕਾਰਨ ਮੰਨ ਰਹੀ ਹੈ।

**ਪੁਲੀਸ ਦਾਅਵਾ ਕਰਦੀ ਹੈ ਕਿ ਅਜਿਹੇ ਕੇਂਦਰਾਂ ਵਿੱਚ ਸਿਰਫ਼ 25 ਵਿਅਕਤੀ ਸਨ**

ਦੂਜੇ ਪਾਸੇ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਦਾ ਦਾਅਵਾ ਹੈ ਕਿ ਇਹ ਗਿਣਤੀ 52 ਹੈ, ਜਦੋਂ ਕਿ ਅਜਿਹੇ ਕੇਂਦਰਾਂ ਵਿਚਲੇ ਲੋਕ ਦਾਅਵਾ ਕਰਦੇ ਹਨ ਕਿ ਇਹ ਗਿਣਤੀ 200 ਤੋਂ ਵੱਧ ਹੈ। ਮੁੱਖ ਮੰਤਰੀ ਬੈਨਰਜੀ ਨੇ ਮੰਗਲਵਾਰ ਨੂੰ ਭਾਜਪਾ ’ਤੇ ਨਿਸ਼ਾਨਾ ਸੇਧਿਆ ਸੀ ਕਿ ਗੁਰੂਗ੍ਰਾਮ ਪ੍ਰਸ਼ਾਸਨ ਨੇ 52 ਬੰਗਾਲੀ ਭਾਸ਼ੀ ਪਰਵਾਸੀ ਮਜ਼ਦੂਰਾਂ ਨੂੰ ਸ਼ੱਕ ਦੇ ਆਧਾਰ ’ਤੇ ਹਿਰਾਸਤ ਵਿੱਚ ਲਿਆ ਹੈ ਕਿ ਉਹ ਬੰਗਲਾਦੇਸ਼ ਤੋਂ ਆਏ ਗੈਰਕਾਨੂੰਨੀ ਪ੍ਰਵਾਸੀ ਹਨ ਅਤੇ ਬੰਗਾਲ ਦੇ ਅਧਿਕਾਰੀਆਂ ਤੋਂ ਪਿਛੋਕੜ ਤਸਦੀਕ ਰਿਪੋਰਟਾਂ ਮੰਗੀਆਂ ਹਨ।

ਸੰਦੀਪ ਕੁਮਾਰ ਨੇ ਕਿਹਾ,“ਅਸੀਂ ਅਧਿਕਾਰਤ ਆਦੇਸ਼ਾਂ ਅਨੁਸਾਰ ਚੱਲ ਰਹੇ ਹਾਂ। ਅਸੀਂ ਸਿਰਫ਼ ਉਨ੍ਹਾਂ ਲੋਕਾਂ ਨੂੰ ਚੁੱਕ ਰਹੇ ਹਾਂ ਜੋ ਸ਼ੱਕੀ ਦਿਖਾਈ ਦਿੰਦੇ ਹਨ। ਅਸੀਂ ਉਨ੍ਹਾਂ ਦੇ ਦਸਤਾਵੇਜ਼ ਲੈਂਦੇ ਹਾਂ ਅਤੇ ਉਨ੍ਹਾਂ ਦੀ ਤਸਦੀਕ ਉਸ ਖੇਤਰ ਤੋਂ ਕਰਵਾਉਂਦੇ ਹਾਂ ਜਿਸ ਤੋਂ ਉਹ ਆਪਣੇ ਆਪ ਨੂੰ ਹੋਣ ਦਾ ਦਾਅਵਾ ਕਰਦੇ ਹਨ ਅਤੇ ਫਿਰ ਉਨ੍ਹਾਂ ਨੂੰ ਛੱਡ ਦਿੱਤਾ ਜਾਂਦਾ ਹੈ।”

# ਵਿਧਾਇਕ ਡਾ. ਅਜੇ ਗੁਪਤਾ ਅਤੇ ਅਧਿਕਾਰੀਆਂ ਵੱਲੋਂ ਅਨੰਗੜ ਇਲਾਕੇ ਦਾ ਦੌਰਾ

**ਅੰਮ੍ਰਿਤਸਰ 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰੀ ਵਿਧਾਨ ਸਭਾ ਹਲਕੇ ਦੇ ਵਿਧਾਇਕ ਡਾ. ਅਜੇ ਗੁਪਤਾ ਨੇ ਅੱਜ ਨਗਰ ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਅਤੇ ਨਗਰ ਨਿਗਮ ਅਧਿਕਾਰੀਆਂ ਨਾਲ ਅਨੰਗੜ ਇਲਾਕੇ ਦਾ ਦੌਰਾ ਕੀਤਾ। ਇਸ ਇਲਾਕੇ ਦੇ ਲੋਕਾਂ ਨੂੰ ਦਰਪੇਸ਼ ਮੁੱਖ ਸਮੱਸਿਆ ਇਹ ਹੈ ਕਿ ਇਲਾਕੇ ਵਿੱਚ ਡਿੱਗ ਰਹੇ ਗੰਦੇ ਨਾਲੇ ਦੇ ਅੰਦਰ ਕੂੜੇ ਦੇ ਢੇਰ ਹਨ। ਇਸ ਤੋਂ ਇਲਾਵਾ, ਨਾਲੇ ਦੇ ਉੱਪਰ ਵਾਲੀ ਪੁਲੀ ਖਸਤਾ ਹਾਲਤ ਵਿੱਚ ਹੈ। ਨਾਲੇ ਦੇ ਕਿਨਾਰੇ ਦੀਆਂ ਕੰਧਾਂ ਵੀ ਪੂਰੀ ਤਰ੍ਹਾਂ ਟੁੱਟ ਗਈਆਂ ਹਨ। ਜਿਸ ਕਾਰਨ ਜਾਨਵਰ ਨਾਲੇ ਦੇ ਅੰਦਰ ਡਿੱਗਦੇ ਹਨ। ਵਿਧਾਇਕ ਡਾ. ਅਜੇ ਗੁਪਤਾ ਨੇ ਨਗਰ ਨਿਗਮ ਕਮਿਸ਼ਨਰ ਨੂੰ ਨਾਲੇ ਦੀ ਸਫਾਈ, ਪੁਲੀ ਬਣਾਉਣ ਅਤੇ ਨਾਲੇ ਦੇ ਕਿਨਾਰੇ ਕੰਧਾਂ ਬਣਾਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਦੇਸ਼ ਨੂੰ ਆਜ਼ਾਦੀ ਮਿਲੇ 75 ਸਾਲ ਬੀਤ ਚੁੱਕੇ ਹਨ ਪਰ ਅਨੰਗੜ ਇਲਾਕੇ ਵਿੱਚ ਅਜੇ ਤੱਕ ਫੁੱਟਪਾਥ ਵੀ ਨਹੀਂ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਫੁੱਟਪਾਥ ਦੀ ਉਸਾਰੀ ਲਈ ਐਸਟੀਮੇਟ ਤਿਆਰ ਕੀਤਾ ਜਾਵੇ ਅਤੇ ਟੈਂਡਰਿੰਗ ਪ੍ਰਕਿਰਿਆ ਪੂਰੀ ਕੀਤੀ ਜਾਵੇ ਅਤੇ ਆਉਣ ਵਾਲੇ ਦਿਨਾਂ ਵਿੱਚ ਉਸਾਰੀ ਸ਼ੁਰੂ ਕੀਤੀ ਜਾਵੇ।

ਇਸ ਇਲਾਕੇ ਵਿੱਚ ਸਟਰੀਟ ਲਾਈਟਾਂ ਦੀ ਵੀ ਵੱਡੀ ਘਾਟ ਸੀ। ਵਿਧਾਇਕ ਡਾ. ਗੁਪਤਾ ਨੇ ਮੌਕੇ ’ਤੇ ਦੋ ਦਰਜਨ ਤੋਂ ਵੱਧ ਐਲਈਡੀ ਸਟਰੀਟ ਲਾਈਟਾਂ ਜਾਰੀ ਕੀਤੀਆਂ ਅਤੇ ਸਟਰੀਟ ਲਾਈਟ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਇਸ ਇਲਾਕੇ ਵਿੱਚ ਜਲਦੀ ਹੀ ਸਟਰੀਟ ਲਾਈਟਾਂ ਲਗਾਈਆਂ ਜਾਣ ਅਤੇ ਸ਼ੁਰੂ ਕੀਤੀਆਂ ਜਾਣ। ਵਿਧਾਇਕ ਡਾ. ਗੁਪਤਾ ਨੇ ਇਲਾਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਾਲੇ ਦੇ ਅੰਦਰ ਕੂੜਾ ਨਾ ਸੁੱਟਣ। ਕੂੜਾ ਸਿਰਫ਼ ਨਗਰ ਨਿਗਮ ਦੇ ਕੂੜਾ ਚੁੱਕਣ ਵਾਲੇ ਵਾਹਨਾਂ ਨੂੰ ਹੀ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਲੋਕਾਂ ਦੀ ਸਰਕਾਰ ਹੈ। ਉਨ੍ਹਾਂ ਕਿਹਾ ਕਿ ਜਦੋਂ ਵੀ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅੱਗੇ ਕੇਂਦਰੀ ਵਿਧਾਨ ਸਭਾ ਹਲਕੇ ਦੇ ਵਿਕਾਸ ਲਈ ਕੋਈ ਮੰਗ ਕੀਤੀ ਜਾਂਦੀ ਹੈ ਤਾਂ ਉਹ ਪੂਰੀ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਉਹ ਲੋਕਾਂ ਨੂੰ ਸਾਰੀਆਂ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹਨ।

ਉਨ੍ਹਾਂ ਕਿਹਾ ਕਿ ਉਹ ਖੁਦ ਅਧਿਕਾਰੀਆਂ ਦੇ ਨਾਲ-ਨਾਲ ਲੋਕਾਂ ਵਿੱਚ ਜਾ ਰਹੇ ਹਨ ਅਤੇ ਲੋਕਾਂ ਦੀਆਂ ਸਮੱਸਿਆਵਾਂ ਸੁਣ ਰਹੇ ਹਨ ਅਤੇ ਉਨ੍ਹਾਂ ਦਾ ਹੱਲ ਲੱਭ ਰਹੇ ਹਨ। ਇਸ ਮੌਕੇ ਨਗਰ ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਕਿਹਾ ਕਿ ਵਿਧਾਇਕ ਡਾ. ਅਜੇ ਗੁਪਤਾ ਜੀ ਵੱਲੋਂ ਜੋ ਵੀ ਸਮੱਸਿਆਵਾਂ ਦੱਸੀਆਂ ਗਈਆਂ ਹਨ, ਉਨ੍ਹਾਂ ਨੂੰ ਆਉਣ ਵਾਲੇ ਦਿਨਾਂ ਵਿੱਚ ਹਰ ਹਾਲਤ ਵਿੱਚ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਾਲਿਆਂ ਦੀ ਸਫਾਈ, ਪੁਲੀਆਂ ਦੀ ਉਸਾਰੀ, ਸਟਰੀਟ ਲਾਈਟਾਂ ਲਗਾਉਣ ਅਤੇ ਹੋਰ ਕੰਮਾਂ ਸਬੰਧੀ ਨਿਗਮ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਜੇਕਰ ਨਾਲੇ ਦੀ ਸਫਾਈ ਲਈ ਕਿਸੇ ਹੋਰ ਵਿਭਾਗ ਦੀ ਲੋੜ ਹੈ ਤਾਂ ਉਸ ਵਿਭਾਗ ਨਾਲ ਵੀ ਪੂਰੇ ਤਾਲਮੇਲ ਨਾਲ ਕੰਮ ਕੀਤਾ ਜਾਵੇਗਾ। ਇਸ ਮੌਕੇ ਨਗਰ ਨਿਗਮ ਸੁਪਰਡੈਂਟ ਇੰਜੀਨੀਅਰ ਸੰਦੀਪ ਸਿੰਘ, ਨਿਗਮ ਸਿਹਤ ਅਧਿਕਾਰੀ ਡਾ. ਕਿਰਨ ਕੁਮਾਰ, ਕੌਂਸਲਰ ਵਿੱਕੀ ਦੱਤਾ, ਕੌਂਸਲਰ ਜਰਨੈਲ ਸਿੰਘ ਢੋਡ, ਅਸ਼ੋਕ ਲੱਧੜ, ਵਿਸ਼ਾਲ ਗਿੱਲ, ਸੁਖਵਿੰਦਰ ਸਿੰਘ, ਲਖਬੀਰ ਸਿੰਘ ਫੌਜੀ, ਬਲਦੇਵ ਸਿੰਘ, ਸੰਜੀਵ ਬੱਬਰ, ਨਿਸ਼ਾਨ ਸਿੰਘ, ਹਰਜੀਤ ਮੂਲੇਚੱਕ, ਸੁਦੇਸ਼ ਕੁਮਾਰ, ਗੋਮਪੀ, ਵਿੱਕੀ ਕੁਮਾਰ, ਗੁਰਦਾਸ ਜੀ, ਇਲਾਕੇ ਦੇ ਵੱਡੀ ਗਿਣਤੀ ਵਿੱਚ ਲੋਕ ਅਤੇ ਨਗਰ ਨਿਗਮ ਅਧਿਕਾਰੀ ਮੌਜੂਦ ਸਨ।

# ਲੈਂਡ ਪੂਲਿੰਗ ਨੀਤੀ ਵਿਰੁੱਧ ਰੂਪਨਗਰ ਬਾਈਪਾਸ ’ਤੇ ਕਿਸਾਨਾਂ ਨਾਲ ਮਿਲ ਕੇ ਭਾਜਪਾ ਪ੍ਰਧਾਨ ਅਜੈਵੀਰ ਸਿੰਘ ਲਾਲਪੁਰਾ ਦਾ ਜ਼ੋਰਦਾਰ ਪ੍ਰਦਰਸ਼ਨ

**ਰੂਪ ਨਗਰ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਰੂਪਨਗਰ ਦੇ ਬਾਈਪਾਸ ’ਤੇ ਸਥਿਤ ਸੁਰਜੀਤ ਹਸਪਤਾਲ ਨੇੜੇ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸ. ਅਜੈਵੀਰ ਸਿੰਘ ਲਾਲਪੁਰਾ ਦੀ ਅਗਵਾਈ ’ਚ ਲੈਂਡ ਪੂਲਿੰਗ ਨੀਤੀ ਖਿਲਾਫ਼ ਭਾਰੀ ਰੋਸ ਪ੍ਰਗਟਾਇਆ ਗਿਆ। ਇਸ ਪ੍ਰਦਰਸ਼ਨ ’ਚ ਸ਼ਾਮਪੁਰਾ, ਰੈਲੋਂ ਕਲਾ, ਗੁਰਦਾਸਪੁਰਾ, ਸਮਰਾਲਾ ਆਦਿ ਪਿੰਡਾਂ ਦੇ ਪ੍ਰਭਾਵਿਤ ਕਿਸਾਨ ਵੱਡੀ ਗਿਣਤੀ ’ਚ ਸ਼ਾਮਿਲ ਹੋਏ।

ਸ. ਲਾਲਪੁਰਾ ਨੇ ਆਪਣੇ ਭਾਸ਼ਣ ’ਚ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਪੂਰੀ ਤਰ੍ਹਾਂ ਦਿੱਲੀ ਦੇ ਆਪ ਆਗੂਆਂ — ਕੇਜਰੀਵਾਲ, ਮਨੀਸ਼ ਸਿਸੋਦੀਆ ਅਤੇ ਹੋਰ ਹਾਰੇ ਹੋਏ ਆਗੂਆਂ ਦੇ ਇਸ਼ਾਰਿਆਂ ’ਤੇ ਚੱਲ ਰਹੀ ਹੈ।

ਭਗਵੰਤ ਮਾਨ ਸਿਰਫ਼ ਮੁੱਖ ਮੰਤਰੀ ਦੀ ਕੁਰਸੀ ਤੇ ਬੈਠੇ ਹਨ, ਪਰ ਅਸਲ ਹਕੂਮਤ ਦਿੱਲੀ ਤੋਂ ਚਲ ਰਹੀ ਹੈ।

ਉਨ੍ਹਾਂ ਕਿਹਾ ਕਿ ਰੂਪਨਗਰ ਦੇ ਲੋਕ ਅੱਜ ਜਿਸ ਦਰਦ ਵਿੱਚੋਂ ਲੰਘ ਰਹੇ ਹਨ, ਉਹ 2022 ਦੀ ਗਲਤ ਚੋਣ ਦਾ ਨਤੀਜਾ ਹੈ। ਅਸੀਂ ਗਲਤ ਵਿਧਾਇਕ ਚੁਣੇ, ਹੁਣ ਸਜ਼ਾ ਕੱਟ ਰਹੇ ਹਾਂ। ਲੈਂਡ ਪੂਲਿੰਗ ਇੱਕ ਐਸੀ ਨੀਤੀ ਹੈ ਜੋ ਪਿੰਡਾਂ ਨੂੰ ਨਸ਼ਟ ਕਰ ਦੇਵੇਗੀ। ਇਹ ਕੋਈ ਕਾਨੂੰਨ ਨਹੀਂ, ਸਿਰਫ਼ ਕਾਗਜ਼ਾਂ ਦੀ ਖੇਡ ਹੈ। ਕਿਸਾਨਾਂ ਨੂੰ ਕੋਈ ਪੱਕਾ ਮੁਆਵਜ਼ਾ ਨਹੀਂ ਮਿਲਣਾ।

ਉਨ੍ਹਾਂ ਦੱਸਿਆ ਕਿ ਭਗਵੰਤ ਮਾਨ ਨੇ ਪਹਿਲਾਂ ਵੀ ਦਾਵਾ ਕੀਤਾ ਸੀ ਕਿ ਮੁਰਗੀਆਂ ਦੀ ਕੀਮਤ ਵੀ ਮਿਲੇਗੀ, ਪਰ ਹਕੀਕਤ ’ਚ ਕਿਸਾਨਾਂ ਨਾਲ ਧੋਖਾ ਹੋਇਆ।

ਅਸੀਂ ਮੂਰਖ ਨਹੀਂ, ਅਸੀਂ ਪੰਜਾਬੀ ਹਾਂ। ਸਰਕਾਰ ਵੱਡੀਆਂ ਜ਼ਮੀਨਾਂ ਲੈ ਰਹੀ ਹੈ ਤੇ ਬਦਲੇ ’ਚ ਨਕਸ਼ਿਆਂ ’ਚ ਛੋਟੇ-ਛੋਟੇ ਪਲਾਟ। ਕੀ ਇਹੀ ਇਨਸਾਫ਼ ਹੈ? — ਲਾਲਪੁਰਾ ਨੇ ਸਵਾਲ ਪੁੱਛਿਆ।




ਉਨ੍ਹਾਂ ਕਿਹਾ ਕਿ ਜਦ ਤੱਕ ਰੂਪਨਗਰ ਸ਼ਹਿਰ ਪੂਰੀ ਤਰ੍ਹਾਂ ਵਿਕਸਤ ਨਹੀਂ ਹੁੰਦਾ, ਤਦ ਤੱਕ ਨਵੇਂ ਜ਼ੋਨ ਬਣਾਉਣ ਦੀ ਗੱਲ ਠੱਗੀ ਤੋਂ ਘੱਟ ਨਹੀਂ।

ਉਨ੍ਹਾਂ ਸ਼ਹਿਰ ਦੀ ਟੁੱਟੀ ਸੜਕਾਂ, ਨਿਕੰਮੀ ਸਿਹਤ ਸੇਵਾਵਾਂ, ਅਸਥਾਈ ਸਟਾਫ਼ ਵਾਲੇ ਸਕੂਲ ਤੇ ਖਾਲੀ ਪਏ ਅਹੁਦੇ ਆਦਿ ਦੱਸ ਕੇ ਸਰਕਾਰ ਦੀ ਨੀਅਤ ’ਤੇ ਸਵਾਲ ਉਠਾਏ।

ਲਾਲਪੁਰਾ ਨੇ ਸਥਾਨਕ ਵਿਧਾਇਕ ’ਤੇ ਵੀ ਗੰਭੀਰ ਦੋਸ਼ ਲਾਏ ਅਤੇ ਕਿਹਾ ਕਿ ਜੇ ਉਹ ਵਾਕਈ ਕਿਸਾਨਾਂ ਦੇ ਹਿੱਤੈਸ਼ੀ ਹਨ ਤਾਂ ਤੁਰੰਤ ਅਸਤੀਫ਼ਾ ਦੇਣ ਜਾਂ ਆਪਣੀ ਪਾਰਟੀ ਦੇ ਆਗੂਆਂ ਨੂੰ ਕਹਿਣ ਕਿ ਪਹਿਲਾਂ ਉਹ ਆਪਣੀਆਂ ਜ਼ਮੀਨਾਂ ਲੈਂਡ ਪੂਲਿੰਗ ’ਚ ਦੇਣ।

ਉਨ੍ਹਾਂ ਕਿਹਾ ਕਿ ਉਨ੍ਹਾਂ ਕੋਲ ਇਕ ਮਾਹਿਰ ਕਾਨੂੰਨੀ ਟੀਮ ਹੈ ਜੋ ਲੋੜ ਪੈਣ ’ਤੇ ਕਿਸਾਨਾਂ ਦੀ ਹਰ ਤਰ੍ਹਾਂ ਮਦਦ ਕਰੇਗੀ। ਉਨ੍ਹਾਂ ਚੇਤਾਵਨੀ ਦਿੱਤੀ ਕਿ ਕੁਝ ‘ਬਰਸਾਤੀ ਡੱਡੂ’ ਜੋ ਦੂਜੇ ਜ਼ਿਲ੍ਹਿਆਂ ਤੋਂ ਆ ਕੇ ਚੋਣਾਂ ਹਾਰ ਗਏ, ਹੁਣ ਪਿੰਡਾਂ ’ਚ ਸਰਗਰਮ ਹੋ ਗਏ ਹਨ। “ਪਿਛਲੇ ਤਿੰਨ ਸਾਲਾਂ ’ਚ ਇਹ ਕਿੱਥੇ ਸਨ?, ਉਨ੍ਹਾਂ ਪੁੱਛਿਆ।

ਇਸ ਮੌਕੇ ’ਤੇ ਰੂਪਨਗਰ ਸ਼ਹਿਰ ਭਾਜਪਾ ਪ੍ਰਧਾਨ ਜਗਦੀਸ਼ ਚੰਦਰ ਕਜਲਾ ਨੇ ਕਿਹਾ, ਇਹ ਨੀਤੀ ਪੂਰੀ ਤਰ੍ਹਾਂ ਕਿਸਾਨ ਵਿਰੋਧੀ ਹੈ। ਰਾਕੇਸ਼ ਚੋਪੜਾ ਨੇ ਕਿਹਾ, ਇਹ ਸਕੀਮ ਸਿਰਫ਼ ਰੀਅਲ ਅਸਟੇਟ ਮਾਫੀਆ ਲਈ ਬਣਾਈ ਗਈ ਹੈ। ਕੇਹਰ ਸਿੰਘ ਨੇ ਕਿਹਾ, ਇਹ ਕਿਸਾਨ ਦੀ ਜ਼ਮੀਨ ਲੁੱਟਣ ਦੀ ਸਰਕਾਰੀ ਸਾਜ਼ਿਸ਼ ਹੈ। ਜਗਮੰਦੀਪ ਸਿੰਘ ਪੜੀ ਨੇ ਕਿਹਾ, ਅਸੀਂ ਆਪਣੀ ਜ਼ਮੀਨ ਕਿਸੇ ਵੀ ਕੀਮਤ ’ਤੇ ਨਹੀਂ ਦੇਵਾਂਗੇ।

ਕਿਸਾਨਾਂ ਨੇ ਵੀ ਇਕਸੁਰ ਹੋ ਕੇ ਐਲਾਨ ਕੀਤਾ ਕਿ ਜਦ ਤੱਕ ਇਹ ਨੀਤੀ ਵਾਪਸ ਨਹੀਂ ਲੈਂਦੇ, ਉਹ ਚੁੱਪ ਨਹੀਂ ਬੈਠਣਗੇ।

ਇਸ ਵਿਰੋਧ ’ਚ ਸਤਬੀਰ ਰਾਣਾ, ਹਿੰਮਤ ਸਿੰਘ ਗਿਰਨ, ਜਸਪਾਲ ਸਿੰਘ ਖੈਰਾਬਾਦ, ਗੁਰਪ੍ਰੀਤ ਸਿੰਘ ਰਸੂਲਪੁਰ, ਹਰਪ੍ਰੀਤ ਸਿੰਘ, ਮਨਦੀਪ ਸਿੰਘ ਸੈਣੀ, ਪ੍ਰਭਜੋਤ ਕੌਰ ਗੁਰਦਾਸਪੁਰਾ, ਟੋਨੀ ਵਰਮਾ, ਹਜ਼ੂਰਾ ਸਿੰਘ, ਬਿਕਰਮ ਸਿੰਘ, ਜੈਦੇਵ ਸਿੰਘ ਆਦਿ ਵੱਡੀ ਗਿਣਤੀ ’ਚ ਸ਼ਾਮਿਲ ਹੋਏ।

# ਗੁਰਮੀਤ ਸਿੰਘ ਖੁੱਡੀਆਂ ਵੱਲੋਂ ਝੋਨੇ ਦੇ ਮੱਧਰੇਪਨ ਦੇ ਰੋਗ ਨਾਲ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ

**ਮੋਰਿੰਡਾ, 26 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਤੀਬਾੜੀ ਮੰਤਰੀ ਪੰਜਾਬ, ਸ. ਗੁਰਮੀਤ ਸਿੰਘ ਖੁੱਡੀਆਂ ਵੱਲੋਂ ਝੋਨੇ ਦੇ ਮੱਧਰੇਪਨ ਦੇ ਰੋਗ ਨਾਲ ਪ੍ਰਭਾਵਿਤ ਪਿੰਡ ਮੜੌਲੀਕਲਾਂ, ਕਕਰਾਲੀ ਅਤੇ ਪਪਰਾਲੀ ਦਾ ਦੌਰਾ ਕੀਤਾ ਗਿਆ ਅਤੇ ਕਿਸਾਨਾਂ ਨਾਲ ਬਿਮਾਰੀ ਸੰਬੰਧੀ ਗੱਲ-ਬਾਤ ਕੀਤੀ। ਇਸ ਮੌਕੇ ਕੈਬਿਨੇਟ ਮੰਤਰੀ ਨੇ ਮੀਡੀਆ ਨੂੰ ਸੰਬੋਧਿਤ ਕਰਦਿਆਂ ਦੱਸਿਆ ਕਿ ਪਿਛਲੇ ਕੁਝ ਦਿਨਾਂ ਤੋਂ ਜ਼ਿਲ੍ਹਾ ਰੂਪਨਗਰ ਵਿੱਚ ਕਿਸਾਨਾਂ ਵੱਲੋਂ ਝੋਨੇ ਦੀ ਫਸਲ ‘ਤੇ ਮਧਰੇਪਨ ਦੇ ਰੋਗ ਸਬੰਧੀ ਲੱਛਣ ਦੱਸੇ ਗਏ। ਇਹ ਸੂਚਨਾ ਪ੍ਰਾਪਤ ਹੋਣ ‘ਤੇ ਕ੍ਰਿਸ਼ੀ ਵਿਗਿਆਨ ਕੇਂਦਰ ਅਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਰੂਪਨਗਰ ਦੇ ਮਾਹਰਾਂ ਵੱਲੋਂ ਸਾਂਝੇ ਤੌਰ ‘ਤੇ ਪਿੰਡ ਅਸਮਾਨਪੁਰ ਬਲਾਕ ਰੋਪੜ ਦੇ ਕਿਸਾਨ ਸ਼੍ਰੀ ਗੁਰਮੀਤ ਸਿੰਘ ਅਤੇ ਸ਼੍ਰੀ ਅਵਤਾਰ ਸਿੰਘ ਦੇ ਖੇਤਾਂ ਸਮੇਤ ਕਈ ਪਿੰਡਾਂ ਦਾ ਨਿਰੀਖਣ ਕੀਤਾ ਗਿਆ ਸੀ।

ਉਨ੍ਹਾਂ ਦੱਸਿਆ ਕਿ ਇਸ ਸਮੇਂ ਜ਼ਿਲ੍ਹਾ ਰੂਪਨਗਰ ਵਿੱਚ ਸਭ ਤੋਂ ਜ਼ਿਆਦਾ ਇਸ ਬਿਮਾਰੀ ਨਾਲ ਰਕਬਾ ਪ੍ਰਭਾਵਿਤ ਹੋਇਆ ਹੈ। ਜਿਸ ਨੂੰ ਮੌਕੇ ‘ਤੇ ਜਾਇਜ਼ਾ ਲੈਣ ਉਪਰੰਤ ਮਾਹਿਰਾਂ ਨਾਲ ਸਲਾਹ ਕਰਕੇ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਜੋ ਆਉਣ ਵਾਲੇ ਸਮੇਂ ਦੌਰਾਨ ਇਸ ਵਾਇਰਸ ‘ਤੇ ਕਾਬੂ ਪਾਇਆ ਜਾ ਸਕੇ।

ਇਸ ਸਮੇਂ ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਇਸ ਸਮੇਂ ਇਹ ਬਿਮਾਰੀ ਕਾਬੂ ਹੇਠ ਹੈ ਅਤੇ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਲਗਾਤਾਰ ਖੇਤਾਂ ਦਾ ਦੌਰਾ ਲਾਜ਼ਮੀ ਕਰਨ ਅਤੇ ਲੋੜੀਂਦੇ ਕੀਟਨਾਸ਼ਕਾਂ ਦਾ ਪ੍ਰਬੰਧ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।

ਉਨ੍ਹਾਂ ਦੱਸਿਆ ਕਿ ਖੇਤੀਬਾੜੀ ਮਾਹਰਾਂ ਵਲੋਂ ਪ੍ਰਭਾਵਿਤ ਖੇਤਾਂ ਦੀ ਸਮੀਖਿਆ ਕਰਦੇ ਹੋਏ ਪਾਇਆ ਗਿਆ ਕਿ ਝੋਨੇ ਦੀ ਪੀ.ਆਰ. 128 ਅਤੇ ਪੀ.ਆਰ. 131 ਕਿਸਮ ਦੀ ਖੇਤ ਵਿੱਚ ਲਵਾਈ ਉਪਰੰਤ ਫਸਲ ਦੀ ਪ੍ਰਗਤੀ ਦੇਖੀ ਗਈ, ਜਿਸ ਵਿੱਚ ਕਮੇਟੀ ਵੱਲੋਂ ਇਹ ਪਾਇਆ ਗਿਆ ਕਿ ਕੁਝ ਕੁ ਪੌਦੇ ਸਾਊਥਰਨ ਰਾਇਸ ਬਲੈਕ ਸਟ ?ਰੀਕਡ ਡਵਾਰਫ ਵਾਇਰਸ (ਐਸ ਆਰ ਬੀ ਐਸ ਡੀ ਵੀ) ਨਾਂ ਦੀ ਬਿਮਾਰੀ ਨਾਲ ਗ੍ਰਸਤ ਦੇਖੇ ਗਏ।

ਉਨ੍ਹਾਂ ਦੱਸਿਆ ਕਿ ਮਾਹਰਾਂ ਅਨੁਸਾਰ ਖੇਤ ਵਿੱਚ ਲੱਗੇ ਹੋਏ ਪੌਦਿਆਂ ਦਾ ਜੜ੍ਹਤੰਤਰ ਸਿਹਤਮੰਦ ਪੌਦਿਆਂ ਦੇ ਮੁਕਾਬਲੇ ਬਹੁਤ ਘੱਟ ਵਿਕਸਿਤ ਹੋਇਆ ਹੈ ਇਸ ਤੋਂ ਇਲਾਵਾ ਪੌਦਿਆਂ ਦੇ ਪੱਤੇ ਸੂਈਨੁਮਾ ਆਕਾਰ ਵਿੱਚ ਤਿੱਖੇ ਹਨ ਅਤੇ ਇਸ ਦੇ ਤਣਿਆਂ ਉੱਤੇ ਵੀ ਐਸਕੇਪ ਰੂਟ (ਬਚਾਊ ਜੜ੍ਹ ਤੰਤਰ) ਵਿਕਸਿਤ ਹੋਈਆਂ ਨਜ਼ਰ ਆ ਰਹੀਆਂ ਹਨ ਜਿਨ੍ਹਾਂ ਤੋਂ ਇਸ ਵਾਇਰਸ ਦੇ ਹਮਲੇ ਦਾ ਖਦਸ਼ਾ ਜਾਹਰ ਕੀਤਾ ਜਾ ਰਿਹਾ ਹੈ।

ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਸਮੀਖਿਆ ਕਮੇਟੀ ਵੱਲੋਂ ਪ੍ਰਭਾਵਿਤ ਪੌਦਿਆਂ ਦੇ ਨਮੂਨੇ ਪੁਸ਼ਟੀ ਲਈ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਨੂੰ ਭੇਜੇ ਗਏ ਸਨ। ਅਧਿਕਾਰੀਆਂ ਵੱਲੋਂ ਜਿ ?ਲ੍ਹੇ ਦੇ ? ਕਿਸਾਨਾਂ ਨੂੰ ਅਪੀਲ ਕੀਤੀ ਗਈ ਹੈ ਕਿ ਰੋਜਾਨਾ ਆਪਣੇ-ਆਪਣੇ ਖੇਤ ਦਾ ਨਿਰੀਖਣ ਕਰਦੇ ਰਹਿਣ ਅਤੇ ਖਾਸ ਕਰਕੇ ਪਨੀਰੀ ਦਾ ਵੀ ਨਿਰੀਖਣ ਕਰਦੇ ਰਹਿਣ ਕਿਉਂਕਿ ਸਿਹਤਮੰਦ ਪਨੀਰੀ ਹੀ ਵਧੀਆ ਝਾੜ ਦੇ ਸਕਦੀ ਹੈ।

ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੱਸਿਆ ਕਿ ਵਿਭਾਗ ਵੱਲੋਂ ਲਗਾਤਾਰ ਕਿਸਾਨਾਂ ਦੇ ਖੇਤਾਂ ਦਾ ਦੌਰਾ ਕੀਤਾ ਜਾ ਰਿਹਾ ਹੈ ਅਤੇ ਕਿਸਾਨਾਂ ਨੂੰ ਇਸ ਵਾਇਰਸ ਨੂੰ ਅੱਗੇ ਫੈਲ੍ਹਣ ਤੋਂ ਰੋਕਦ ਲਈ ਕੀਟਨਾਸ਼ਕਾਂ ਦਾ ਸਪਰੇਅ ਕਰਨਾ ਜਿਸ ਵਿੱਚ ਮੁੱਖ ਤੌਰ ਤੇ ਚਿੱਟੀ ਪਿੱਠ ਵਾਲੇ ਟਿੱਡੇ ਦੀ ਸਮੇਂ ਸਿਰ ਕਾਬੂ ਕਰਨ ਲਈ ਯੂਨੀਵਰਸਿਟੀ ਵੱਲੋਂ ਸਿਫਾਰਿਸ਼ ਕੀਤੀਆਂ ਦਵਾਈਆਂ ਦੀ ਸਪਰੇਅ ਕਰਵਾਈ ਜਾ ਰਹੀ ਹੈ।

ਜੁਆਇੰਟ ਡਾਇਰੈਕਟਰ ਸ. ਨਰਿੰਦਰ ਸਿੰਘ ਬੈਨੀਪਾਲ ਦੱਸਿਆ ਕਿ ਆਤਮਾ ਸਕੀਮ ਅਧੀਨ ਬਲਾਕ ਮੋਰਿੰਡਾ ਅਤੇ ਸ਼ ?ਰੀ ਚਮਕੌਰ ਸਾਹਿਬ ਦੇ ਪਿੰਡਾਂ ਵਿੱਚ ਕੀਟਾਂ ਦੇ ਪ੍ਰਬੰਧ ਵਿਸ਼ੇਸ਼ ਜਾਗਰੂਕ ਕੈਂਪ ਮਾਹਿਰਾਂ ਵੱਲੋਂ ਲਗਾਏ ਜਾ ਰਹੇ ਹਨ।

ਮੁੱਖ ਖੇਤੀਬਾੜੀ ਅਫ਼ਸਰ ਰਾਕੇਸ਼ ਕੁਮਾਰ ਦੱਸਿਆ ਕਿ ਯੂਨੀਵਰਸਿਟੀ ਨਾਲ ਤਾਲ-ਮੇਲ ਕਰਕੇ ਇਸ ਵਾਇਰਸ ਦੀ ਮੋਨੀਟਰਿੰਗ ਕੀਤੀ ਜਾ ਰਹੀ ਹੈ ਅਤੇ ਕਿਸਾਨਾਂ ਨੂੰ ਘਬਰਾਉਣ ਦੀ ਜ਼ਰੂਰਤ ਨਹੀਂ ਹੈ, ਜੇਕਰ ਨੁਕਸਾਨ 5 ਤੋਂ 10 ਪ੍ਰਤੀਸ਼ਤ ਹੀ ਹੈ ਤਾਂ ਇਸ ਵਾਇਰਸ ਨੂੰ ਅੱਗੇ ਵਧਣ ਤੋਂ ਰੋਕਿਆ ਜਾ ਸਕਦਾ ਹੈ।

ਇਸ ਮੌਕੇ ‘ਤੇ ਉਪ ਮੰਡਲ ਮੈਜਿਸਟ ?ਰੇਟ ਮੋਰਿੰਡਾ ਸ. ਸੁਖਪਾਲ ਸਿੰਘ, ਸ਼ਹਿਰੀ ਪ੍ਰਧਾਨ ਮੋਰਿੰਡਾ ਨਵਦੀਪ ਸਿੰਘ ਟੋਨੀ, ਨਗਰ ਕੌਂਸਲ ਮੋਰਿੰਡਾ ਦੇ ਪ੍ਰਧਾਨ ਜਗਦੇਵ ਭਟੋਆ, ਰਾਜਿੰਦਰ ਸਿੰਘ ਰਾਜਾ, ਖੇਤੀਬਾੜੀ ਅਫਸਰ, ਗੁਰਕ੍ਰਿਪਾਲ ਸਿੰਘ ਬਾਲਾ, ਖੇਤੀਬਾੜੀ ਵਿਕਾਸ ਅਫਸਰ, ਲਵਪ੍ਰੀਤ ਸਿੰਘ , ਖੇਤੀਬਾੜੀ ਵਿਕਾਸ ਅਫਸਰ, ਸ਼ ?ਰੀ ਸੁੱਖਸਾਗਰ ਸਿੰਘ ਅਤੇ ਵਿਭਾਗ ਦਾ ਫੀਲਡ ਸਟਾਫ, ਏਡੀਓ ਲਵਪ੍ਰੀਤ ਸਿੰਘ, ਏਡੀਓ ਸੁਖਸਾਗਰ ਸਿੰਘ, ਸਰਪੰਚ ਗੁਰਮੀਤ ਸਿੰਘ ਹਾਜ਼ਰ ਸਨ।

# ਮੁਕਾਬਲੇ ਦੌਰਾਨ 3 ਗੈਂਗਸਟਰ ਕਾਬੂ; ਗੈਂਗਸਟਰ ਵਲੋਂ ਅੰਮ੍ਰਿਤਸਰ ਵਿਖੇ ਇੱਕ ਵਿਅਕਤੀ ਦਾ ਗੋਲੀਆਂ ਮਾਰ ਕੇ ਕਤਲ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ

**ਰੂਪ ਨਗਰ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਰੂਪਨਗਰ ਪੁਲਿਸ ਨੇ ਵੱਡੀ ਸਫ਼ਲਤਾ ਹਾਸਲ ਕਰਦੇ ਹੋਏ ਖੰਡਰ ਇਮਾਰਤ ਵਿੱਚ ਛਿਪੇ ਹੋਏ 3 ਗੈਂਗਸਟਰਾਂ ਨੂੰ ਫਾਈਰਿੰਗ ਮੁਕਾਬਲੇ ਦੌਰਾਨ ਕਾਬੂ ਕੀਤਾ, ਜਿਨ੍ਹਾਂ ਵੱਲੋਂ 4 ਜੁਲਾਈ, 2025 ਨੂੰ ਅੰਮ੍ਰਿਤਸਰ (ਰੂਰਲ) ਵਿਖੇ ਇੱਕ ਵਿਅਕਤੀ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ।

ਇਸ ਸੰਬਧੀ ਜਾਣਕਾਰੀ ਦਿੰਦਿਆਂ ਸੀਨੀਅਰ ਪੁਲਿਸ ਕਪਤਾਨ ਰੂਪਨਗਰ ਸ. ਗੁਲਨੀਤ ਸਿੰਘ ਖੁਰਾਣਾ ਨੇ ਦੱਸਿਆ ਕਿ ਪੰਜਾਬ ਪੁਲਿਸ ਵੱਲੋਂ ਗੈਰ ਸਮਾਜੀ ਅਨਸਰਾਂ/ਗੈਂਗਸਟਰਾਂ ਖਿਲਾਫ ਛੇੜੀ ਗਈ ਮੁਹਿੰਮ ਅਧੀਨ ਕਪਤਾਨ ਪੁਲਿਸ (ਡਿਟੈਕਟਿਵ) ਗੁਰਦੀਪ ਸਿੰਘ ਗੋਸਲ, ਉਪ ਕਪਤਾਨ ਪੁਲਿਸ (ਸਬ ਡਵੀਜ਼ਨ ਸ੍ਰੀ ਅਨੰਦਪੁਰ ਸਾਹਿਬ) ਅਜੇ ਸਿੰਘ ਦੀ ਅਗਵਾਈ ਹੇਠ ਇੰਚਾਰਜ ਸੀ.ਆਈ.ਏ. ਰੂਪਨਗਰ ਇੰਸਪੈਕਟਰ ਮਨਫੂਲ ਸਿੰਘ ਅਤੇ ਮੁੱਖ ਅਫਸਰ ਥਾਣਾ ਨੂਰਪੁਰ ਬੇਦੀ ਇੰਸਪੈਕਟਰ ਸੁਨੀਲ ਕੁਮਾਰ ਦੀ ਟੀਮ ਨੇ ਬਹੁਤ ਅਹਿਮ ਕਾਮਯਾਬੀ ਹਾਸਲ ਹੋਈ।

ਉਨ੍ਹਾਂ ਦੱਸਿਆ ਕੀ ਜਦੋਂ ਇੰਚਾਰਜ ਸੀ.ਆਈ.ਏ. ਰੂਪਨਗਰ ਨੂੰ ਭਿੰਡਰ ਨਗਰ ਏਰੀਏ ਵਿੱਚ ਸਤਲੁਜ ਦਰਿਆ ਵਾਲੀ ਸਾਈਡ ਵੱਲ ਇਕ ਖੰਡਰ ਇਮਾਰਤ ਵਿਚ ਤਿੰਨ ਅਪਰਾਧ ਪਿਛੋਕੜ ਵਾਲੇ ਵਿਅਕਤੀ ਛੁਪੇ ਹੋਣ ਦੀ ਸੂਚਨਾ ਮਿਲੀ, ਜਿਸ ‘ਤੇ ਦੋਨਾਂ ਟੀਮਾਂ ਵਲੋਂ ਮਿਲ ਕੇ ਖੰਡਰ ਇਮਾਰਤ ਨੂੰ ਘੇਰਾ ਪਾਇਆ ਗਿਆ ਤਾਂ ਕਰੀਬ 01.30 ਵਜੇ ਦੇ ਬਿਲਡਿੰਗ ਦੇ ਅੰਦਰੋਂ ਇੱਕ ਵਿਅਕਤੀ ਨੇ ਪੁਲਿਸ ਪਾਰਟੀ ਨੂੰ ਦੇਖ ਕੇ ਫਾਇਰ ਕਰਨੇ ਸ਼ੁਰੂ ਕਰ ਦਿੱਤੇ, ਜੋ ਪੁਲੀਸ ਪਾਰਟੀ ਦੀ ਗੱਡੀ ਬਲੈਰੋ ਵਿੱਚ ਵੱਜੇ। ਪੁਲਿਸ ਪਾਰਟੀ ਵਲੋਂ ਜਵਾਬੀ ਕਾਰਵਾਈ ਦੌਰਾਨ ਫਾਈਰਿੰਗ ਕੀਤੀ ਗਈ ਅਤੇ ਪੁਲਿਸ ਪਾਰਟੀ ਨੇ ਉਨ੍ਹਾਂ ਨੂੰ ਦੌਰਾਨੇ ਮੁੱਠਭੇੜ ਕਾਬੂ ਕੀਤਾ ਗਿਆ।



ਸ. ਗੁਲਨੀਤ ਸਿੰਘ ਖੁਰਾਣਾ ਨੇ ਦੱਸਿਆ ਕਿ ਇਨ੍ਹਾਂ ਕਾਬੂ ਕੀਤੇ ਗੈਂਗਸਟਰਾਂ ਦੇ ਨਾਮ ਗੁਰਵਿੰਦਰ ਸਿੰਘ ਉਰਫ਼ ਭੋਲਾ ਵਾਸੀ ਪਿੰਡ ਚੰਨਣਕੇ ਥਾਣਾ ਮਹਿਤਾ ਚੌਂਕ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ, ਨਵਤੇਜ ਸਿੰਘ ਉਰਫ ਤੇਜੀ ਵਾਸੀ ਪਿੰਡ ਜੱਬੋਵਾਲ ਥਾਣਾ ਬਾਬਾ ਬਕਾਲਾ ਜ਼ਿਲ੍ਹਾ ਅੰਮ੍ਰਿਤਸਰ, ਗੁਰਪ੍ਰੀਤ ਸਿੰਘ ਉਰਫ ਗੋਪੀ ਵਾਸੀ ਪਿੰਡ ਸਰਾਂ ਥਾਣਾ ਮੱਤੇਵਾਲ ਜ਼ਿਲ੍ਹਾ ਅੰਮ੍ਰਿਤਸਰ ਹਨ।

ਉਨ੍ਹਾਂ ਦੱਸਿਆ ਕਿ ਹੋਈ ਫਾਈਰਿੰਗ ਦੌਰਾਨ ਗੁਰਵਿੰਦਰ ਸਿੰਘ ਉਰਫ਼ ਭੋਲਾ ਦੇ ਸੱਜੇ ਪੱਟ ਵਿੱਚ ਗੋਲੀ ਲੱਗੀ ਹੋਈ ਸੀ, ਜਿਸਨੂੰ ਇਲਾਜ ਲਈ ਐਂਬੂਲੈਂਸ ਰਾਹੀਂ ਸਰਕਾਰੀ ਹਸਪਤਾਲ ਰੂਪਨਗਰ ਵਿਖੇ ਭੇਜਿਆ ਗਿਆ ਸੀ, ਜੋ ਹੁਣ ਜੇਰੇ ਇਲਾਜ ਪੀਜੀਆਈ ਚੰਡੀਗੜ੍ਹ ਵਿਖੇ ਦਾਖਲ ਹੈ। ਉਨ੍ਹਾਂ ਦੱਸਿਆ ਕਿ ਦੋਸ਼ੀਆਂ ਖਿਲਾਫ ਮੁਕੱਦਮਾ ਨੰਬਰ 93 ਮਿਤੀ 25.07.2025 ਅ/ਧ 109, 3(5) ਬੀਐਨਐਸ × 25-54-50 ਆਰਮਜ਼ ਐਕਟ ਥਾਣਾ ਨੂਰਪੁਰ ਬੇਦੀ ਰਜਿਸਟਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਦੋਸ਼ੀ ਗੁਰਵਿੰਦਰ ਸਿੰਘ ਪਾਸੋਂ ਇਕ 9 ਐਮਐਮ ਗਲੋਕ ਪਿਸਟਲ ਸਮੇਤ ਮੈਗਜ਼ੀਨ, 01 ਜਿੰਦਾ ਕਾਰਤੂਸ ਅਤੇ 03 ਖੋਲ ਬਰਾਮਦ ਕੀਤੇ ਗਏ।

ਐੱਸਐੱਸਪੀ ਰੂਪਨਗਰ ਨੇ ਦੱਸਿਆ ਕਿ ਹੁਣ ਤੱਕ ਦੋਸ਼ੀਆਂ ਦੀ ਡੂੰਘਾਈ ਨਾਲ ਪੁੱਛਗਿੱਛ ਕਰਨ ਤੇ ਪਤਾ ਲੱਗਾ ਕਿ ਦੋਸ਼ੀਆਂ ਨੇ 04 ਜੁਲਾਈ 2025 ਨੂੰ ਜੁਗਰਾਜ ਸਿੰਘ ਪੁੱਤਰ ਸੁਖਜਿੰਦਰ ਸਿੰਘ ਵਾਸੀ ਪਿੰਡ ਚੰਨਣਕੇ ਥਾਣਾ ਮਹਿਤਾ ਚੌਂਕ ਜਿਲ੍ਹਾ ਅੰਮ੍ਰਿਤਸਰ (ਰੂਰਲ) ਉਮਰ ਕਰੀਬ 28 ਸਾਲ ਦਾ ਵਕਤ ਕਰੀਬ 7.45 ਵਜੇ ਦੇ ਗੁਰੂਦੁਆਰਾ ਬਾਬਾ ਬੁੱਢਾ ਸਾਹਿਬ ਚੰਨਣਕੇ ਦੇ ਗੇਟ ਦੇ ਸਾਹਮਣੇ ਪਿੰਡ ਚੰਨਣਕੇ ਵਿਖੇ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਹੈ।

ਉਨ੍ਹਾਂ ਦੱਸਿਆ ਕਿ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਇਹ ਵੱਖ-ਵੱਖ ਥਾਂਵਾ ਤੋਂ ਹੁੰਦੇ ਹੋਏ ਜ਼ਿਲ੍ਹਾ ਰੂਪਨਗਰ ਵਿੱਚ ਛਿਪ ਗਏ ਸਨ ਅਤੇ ਪੁਲਿਸ ਵੱਲੋਂ ਇਨ੍ਹਾਂ ਨੂੰ ਫੜਨ ਲਈ ਨਿਰੰਤਰ ਛਾਪੇਮਾਰੀ ਕੀਤੀ ਜਾ ਰਹੀ ਸੀ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਦੋਸ਼ੀਆ ਖਿਲਾਫ ਮੁਕੱਦਮਾ ਨੰਬਰ 76 ਮਿਤੀ 04.07.2025 ਅ/ਧ 103(1), 3(5), ਬੀਐਨਐਸ-2023, 25/54/59 ਆਰਮਜ਼ ਐਕਟ ਥਾਣਾ ਮਹਿਤਾ ਅੰਮ੍ਰਿਤਸਰ (ਰੂਰਲ) ਦਰਜ ਰਜਿਸਟਰ ਹੈ ਅਤੇ ਇਹ ਵਿਅਕਤੀ ਮੁਕੱਦਮੇ ਵਿਚ ਲੋੜੀਂਦੇ ਹਨ।

ਉਨ੍ਹਾਂ ਦੱਸਿਆ ਕਿ ਦੋਸ਼ੀਆਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ, ਜਿਨ੍ਹਾ ਪਾਸੋਂ ਹੋਰ ਵੀ ਵੱਡੇ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਵਾਈਸ ਚਾਂਸਲਰਾਂ ਦੀ ਮੀਟਿੰਗ ਵਿੱਚ ਅਕਾਦਮਿਕ ਅਤੇ ਖੋਜ ਸਹਿਯੋਗ ਨੂੰ ਇੱਕ ਨਵਾਂ ਪਹਿਲੂ ਮਿਲਿਆ



**ਬਠਿੰਡਾ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਕੇਂਦਰੀ ਯੂਨੀਵਰਸਿਟੀ, ਬਠਿੰਡਾ (ਸੀਯੂ ਪੰਜਾਬ) ਨੇ ਵੀਰਵਾਰ ਨੂੰ ਵਾਈਸ-ਚਾਂਸਲਰ ਪ੍ਰੋ. ਰਾਘਵੇਂਦਰ ਪ੍ਰਸਾਦ ਤਿਵਾੜੀ ਦੀ ਅਗਵਾਈ ਹੇਠ ਪੰਜਾਬ ਦੀਆਂ ਪ੍ਰਮੁੱਖ ਰਾਜ ਯੂਨੀਵਰਸਿਟੀਆਂ ਦੇ ਵਾਈਸ-ਚਾਂਸਲਰਾਂ ਦੀ ਇੱਕ ਉੱਚ-ਪੱਧਰੀ ਮੀਟਿੰਗ ਕੀਤੀ ਗਈ। ਮੀਟਿੰਗ ਦਾ ਉਦੇਸ਼ ਰਾਜ ਵਿੱਚ ਅਕਾਦਮਿਕ ਉੱਤਮਤਾ ਅਤੇ ਖੋਜ ਵਿੱਚ ਆਪਸੀ ਸਹਿਯੋਗ ਨੂੰ ਉਤਸ਼ਾਹਿਤ ਕਰਨਾ ਸੀ। ਪੈਨਲ ਵਿੱਚ ਪ੍ਰੋਫੈਸਰ ਰਾਜੀਵ ਸੂਦ, ਵਾਈਸ ਚਾਂਸਲਰ, ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ (ਬੀਐਫਯੂਐਚਐਸ), ਫਰੀਦਕੋਟ; ਪ੍ਰੋਫੈਸਰ ਐਸ.ਕੇ. ਮਿਸ਼ਰਾ, ਵਾਈਸ ਚਾਂਸਲਰ, ਸਰਦਾਰ ਬੇਅੰਤ ਸਿੰਘ ਸਟੇਟ ਯੂਨੀਵਰਸਿਟੀ (ਐਸਬੀਐਸਐਸਯੂ), ਗੁਰਦਾਸਪੁਰ; ਅਤੇ ਪ੍ਰੋਫੈਸਰ ਗੁਰਿੰਦਰ ਪਾਲ ਸਿੰਘ, ਕਾਰਜਕਾਰੀ ਵਾਈਸ ਚਾਂਸਲਰ ਅਤੇ ਰਜਿਸਟਰਾਰ, ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ (ਐਮਆਰਐਸਪੀਟੀਯੂ), ਬਠਿੰਡਾ ਸ਼ਾਮਲ ਸਨ।

ਇਸ ਮੌਕੇ ਵੀਸੀ ਪ੍ਰੋ. ਰਾਘਵੇਂਦਰ ਪ੍ਰਸਾਦ ਤਿਵਾੜੀ ਨੇ ਯੂਨੀਵਰਸਿਟੀ ਦੀ ਪ੍ਰਗਤੀ ਯਾਤਰਾ ਅਤੇ ਪ੍ਰਮੁੱਖ ਪ੍ਰਾਪਤੀਆਂ ਬਾਰੇ ਵਿਸਤ੍ਰਿਤ ਪੇਸ਼ਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਸੀਯੂ ਪੰਜਾਬ ਨੇ ਨੈਕ ਤੋਂ ਏ ਪਲੱਸ ਗ੍ਰੇਡ ਪ੍ਰਾਪਤ ਕੀਤਾ ਹੈ, ਅਤੇ ਪਿਛਲੇ ਛੇ ਸਾਲਾਂ ਤੋਂ ਲਗਾਤਾਰ (2024 ਵਿੱਚ 83ਵਾਂ) ਐਨ.ਆਈ.ਆਰ.ਐਫ. ਰੈਂਕਿੰਗ ਵਿੱਚ ਚੋਟੀ ਦੀਆਂ 100 ਯੂਨੀਵਰਸਿਟੀਆਂ ਵਿੱਚ ਦਰਜਾ ਪ੍ਰਾਪਤ ਕੀਤਾ ਹੈ। ਇਸ ਤੋਂ ਇਲਾਵਾ, ਯੂਨੀਵਰਸਿਟੀ ਨੇ ਹੁਣ ਤੱਕ 3,900 ਤੋਂ ਵੱਧ ਸਕੋਪਸ ਸੂਚੀਬੱਧ ਖੋਜ ਪ੍ਰਕਾਸ਼ਨ ਪ੍ਰਕਾਸ਼ਿਤ ਕੀਤੇ ਹਨ, ਅਤੇ ?95 ਕਰੋੜ ਤੋਂ ਵੱਧ ਦੇ ਖੋਜ ਪ੍ਰੋਜੈਕਟ ਪ੍ਰਾਪਤ ਕੀਤੇ ਹਨ। ਉਨ੍ਹਾਂ ਨੇ ਐਨਈਪੀ-2020 ਦੇ ਤਹਿਤ ਯੂਨੀਵਰਸਿਟੀ ਵਿੱਚ ਲਾਗੂ ਕੀਤੀਆਂ ਗਈਆਂ ਪਹਿਲਕਦਮੀਆਂ ਜਿਵੇਂ ਕਿ ਐਲਓਸੀਐਫ, ਏਬੀਸੀ ਫਰੇਮਵਰਕ, ਇੰਟਰਨਸ਼ਿਪ-ਲਿੰਕਡ ਪ੍ਰੋਗਰਾਮ ਅਤੇ ਮੂਕਸ ’ਤੇ ਵੀ ਚਾਨਣਾ ਪਾਇਆ। ਸੀ ਯੂ ਪੰਜਾਬ ਵਿਖੇ ਪਹੁੰਚੇ ਰਾਜ ਯੂਨੀਵਰਸਿਟੀਆਂ ਦੇ ਵੀ.ਸੀ. ਨੇ ਪੰਜਾਬ ਕੇਂਦਰੀ ਯੂਨੀਵਰਸਿਟੀ ਵੱਲੋਂ ਕੀਤੇ ਗਏ ਸਕਾਰਾਤਮਕ ਉਪਰਾਲਿਆਂ ਦੀ ਸ਼ਲਾਘਾ ਕੀਤੀ, ਖਾਸ ਕਰਕੇ ਬਠਿੰਡਾ ਅਤੇ ਉੱਤਰੀ ਭਾਰਤ ਲਈ ਉੱਚ ਸਿੱਖਿਆ ਸੰਸਥਾਵਾਂ ਦੇ ਸੰਘ ਦੀ ਸਥਾਪਨਾ ਰਾਹੀਂ ਸਹਿਯੋਗ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਗਏ ਉਪਰਾਲਿਆਂ ਦੀ। ਉਨ੍ਹਾਂ ਨੇ ਵਿਦਿਆਰਥੀਆਂ ਲਈ ਸਿੱਖਦੇ ਹੋਏ ਕਮਾਓ,, ਨਵੇਂ ਨਿਯੁਕਤ ਫੈਕਲਟੀ ਨੂੰ ਰਿਸਰਚ ਸਟਾਰਟ-ਅੱਪ ਗ੍ਰਾਂਟਾਂ, ਅਤੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਕਾਨਫਰੰਸਾਂ ਵਿੱਚ ਪੇਪਰ ਪੇਸ਼ ਕਰਨ ਲਈ ਅਧਿਆਪਕਾਂ ਅਤੇ ਖੋਜਕਰਤਾਵਾਂ ਨੂੰ ਯਾਤਰਾ ਗ੍ਰਾਂਟਾਂ ਵਰਗੇ ਵਧੀਆ ਅਭਿਆਸਾਂ ਦੀ ਵੀ ਸ਼ਲਾਘਾ ਕੀਤੀ।

ਪ੍ਰੋ. ਤਿਵਾੜੀ ਨੇ ਯੂਨੀਵਰਸਿਟੀ ਦੇ ਨਵੀਨਤਾ ਵਾਤਾਵਰਣ ਪ੍ਰਣਾਲੀ ਨੂੰ ਉਤਸ਼ਾਹਿਤ ਕਰਨ ਲਈ ਸ਼ੁਰੂ ਕੀਤੇ ਆਈ-ਟੀਬੀਆਈ ਨਿਧੀ ਇਨਕਿਊਬੇਟਰ, ਡੀਬੀਟੀ-ਏ-ਯੁਵਾ ਕੇਂਦਰ ਅਤੇ ਏਆਈਸੀਟੀਈ-ਆਈਡੀਆ ਲੈਬ ਵਰਗੇ ਪ੍ਰਮੁੱਖ ਨਵੀਨਤਾ ਕੇਂਦਰਾਂ ਨੂੰ ਉਜਾਗਰ ਕੀਤਾ। ਉਨ੍ਹਾਂ ਦੱਸਿਆ ਕਿ ਸੀਯੂ ਪੰਜਾਬ ਨੂੰ ਹੁਨਰ ਵਿਕਾਸ ਅਤੇ ਉੱਦਮਤਾ ਮੰਤਰਾਲੇ ਦੁਆਰਾ ਇੱਕ ਡੀਮਡ ਅਵਾਰਡਿੰਗ ਬਾਡੀ ਵਜੋਂ ਮਨੋਨੀਤ ਕੀਤਾ ਗਿਆ ਹੈ, ਜਿਸ ਨਾਲ ਯੂਨੀਵਰਸਿਟੀ ਨੂੰ ਹੁਨਰ ਅਧਾਰਤ ਪ੍ਰੋਗਰਾਮ ਸ਼ੁਰੂ ਕਰਨ ਦੀ ਖੁਦਮੁਖਤਿਆਰੀ ਮਿਲੀ ਹੈ।

# ਮਾਮਲਾ ਬਠੋਈ ਕਲਾਂ ਵਿਖੇ ਪੰਚਾਇਤੀ ਜਮੀਨ ਦਾ ਐਸ.ਸੀ. ਭਾਈਚਾਰੇ ਦੇ ਹਿੱਸੇ ਦੀ ਪੰਚਾਇਤੀ ਸ਼ਾਮਲਾਟ ਜਮੀਨ ਦੇ ਕਬਜੇ ਨਾ ਦਿੱਤੇ ਜਾਣਾ

**ਪਟਿਆਲਾ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਸ਼ਾਸ਼ਨ ਦੇ ਉੱਚ ਅਧਿਕਾਰੀਆਂ ਵੱਲੋਂ ਦਿੱਤੇ ਗਏ ਭਰੋਸੇ ਦੇ ਬਾਵਜੂਦ ਪਿੰਡ ਬਠੋਈ ਕਲਾਂ ਦੇ ਐਸ.ਸੀ. ਭਾਈਚਾਰੇ ਦੀ 1/3 ਹਿੱਸੇ ਦੀ ਪੰਚਾਇਤੀ ਸ਼ਾਮਲਾਟ ਜਮੀਨ ਦਾ ਕਬਜਾ ਪ੍ਰਸ਼ਾਸ਼ਨ ਵਲੋਂ ਨਾ ਦੁਵਾਉਣ ਅਤੇ ਕਿਸਾਨ ਜਥੇਬੰਦੀ ਦੀ ਸਹਿ ਤੇ ਜਮੀਨ ਤੇ ਨਜਾਇਜ ਕਬਜਾਧਾਰੀਆਂ ਵੱਲੋਂ ਮਜਦੂਰਾਂ, ਐਸ.ਸੀ. ਭਾਈਚਾਰੇ ਨੂੰ ਜਾਤੀਸੂਚਕ ਗਾਲਾਂ ਕੱਢ ਬੁਰੀ ਤਰ੍ਹਾਂ ਨਾਲ ਇਨ੍ਹਾਂ ਦੀ ਮਾਰਕੁੱਟ ਕਰਨ ਵਾਲੇ ਦੋਸ਼ੀਆਂ ਦੀਆਂ ਗ੍ਰਿਫਤਾਰੀਆਂ ਨਾ ਕੀਤੇ ਜਾਣ ਤੇ ਪਿੰਡ ਦੀ ਧਰਮਸ਼ਾਲਾ ਵਿਖੇ ਐਸ.ਸੀ. ਭਾਈਚਾਰੇ ਵਲੋਂ ਕੀਤੀ ਗਈ ਵਿਸ਼ਾਲ ਜਨ ਸਭਾ ਦੌਰਾਨ 18 ਅਗਸਤ ਨੂੰ ਡਿਪਟੀ ਕਮਿਸ਼ਨਰ ਪਟਿਆਲਾ ਦਫਤਰ ਤੇ ਰੋਸ ਵਜੋਂ ਸੂਬਾ ਪੱਧਰੀ ਧਰਨਾ ਦੇਣ ਦਾ ਐਲਾਨ ਕੀਤਾ ਗਿਆ। ਜਨ ਸਭਾ ਵਿੱਚ ਪੰਜਾਬ ਦੀਆਂ ਦਲਿਤ ਵਰਗ ਨਾਲ ਸਬੰਧਤ ਵੱਖ—ਵੱਖ ਸਮਾਜਿਕ, ਰਾਜਨੀਤਿਕ, ਧਾਰਮਿਕ ਇਨਸਾਫ ਪਸੰਦ ਅਤੇ ਅੰਬੇਡਕਰਵਾਦੀ ਜਥੇਬੰਦੀਆਂ ਦੇ ਆਗੂਆਂ ਵਲੋਂ ਸ਼ਮੂਲੀਅਤ ਕੀਤੀ ਗਈ। ਇਸ ਮੌਕੇ ਅਜੈਬ ਸਿੰਘ ਬਠੋਈ ਪ੍ਰਧਾਨ ਨਰੇਗਾ ਵਰਕਰ ਫਰੰਟ ਪੰਜਾਬ, ਦਰਸ਼ਨ ਸਿੰਘ ਮੈਣ ਯੂਥ ਵਿੰਗ ਪ੍ਰਧਾਨ ਵਾਲਮੀਕਿ ਤੀਰਥ ਅੰਮ੍ਰਿਤਸਰ, ਡਾ. ਦਲਜੀਤ ਸਿੰਘ ਚੌਹਾਨ ਸੂਬਾ ਪ੍ਰਧਾਨ, ਰਾਜ ਸਿੰਘ ਟੋਡਰਵਾਲ ਪ੍ਰਧਾਨ ਜਬਰ ਜੁਲਮ ਵਿਰੋਧੀ ਫਰੰਟ ਅਤੇ ਅਵਤਾਰ ਸਿੰਘ ਸਹੋਤਾ ਪ੍ਰਧਾਨ ਜਮੀਨ ਅਧਿਕਾਰ ਸੰਘਰਸ਼ ਮੋਰਚਾ ਅਤੇ ਗੁਰਦੀਪ ਸਿੰਘ ਕਾਲੀ ਖੰਨਾ ਵਲੋਂ ਸਾਂਝੇ ਤੌਰ ਤੇ ਕਿਹਾ ਗਿਆ ਕਿ ਬੀਤੇ ਦਿਨੀ ਬਠੋਈ ਕਲਾਂ ਵਿਖੇ ਪੰਚਾਇਤੀ ਸ਼ਾਮਲਾਟ ਜਮੀਨ ਦੀ ਬੋਲੀ ਬਾਅਦ ਬੀ.ਡੀ.ਪੀ.ਓ. ਦਫ਼ਤਰ ਵਿੱਚ ਕੁੱਝ ਜਨਰਲ ਵਰਗ ਦੇ ਲੋਕਾਂ ਵਲੋਂ ਪ੍ਰਸ਼ਾਸ਼ਨ ਅਧਿਕਾਰੀਆਂ ਦੀ ਹਾਜਰੀ ਵਿੱਚ ਐਸ.ਸੀ. ਭਾਈਚਾਰੇ ਦੇ ਲੋਕਾਂ ਨਾਲ ਕੁੱਟਮਾਰ ਕੀਤੀ ਗਈ ਅਤੇ ਜਾਤੀ ਸੂਚਕ ਗਾਲਾਂ ਕੱਢ ਜਲੀਲ ਕੀਤਾ ਗਿਆ ਸੀ। ਜਿਸ ਸਬੰਧ ਵਿੱਚ ਦੋਸ਼ੀਆਂ ਤੇ ਸਖਤ ਕਾਰਵਾਈ ਅਤੇ ਐਸ.ਸੀ. ਭਾਈਚਾਰੇ ਨੂੰ ਉਨ੍ਹਾਂ ਦੇ ਹਿੱਸੇ ਦੇ ਜਮੀਨ ਦੇ ਕਬਜੇ ਦਵਾਉਣ ਲਈ ਪ੍ਰਸ਼ਾਸ਼ਨ ਅਧਿਕਾਰੀਆਂ ਨਾਲ ਮੀਟਿੰਗਾਂ ਕਰ ਮੰਗ ਪੱਤਰ ਵੀ ਦਿੱਤੇ ਗਏ ਸਨ। ਨਤੀਜੇ ਵਜੋਂ 11 ਨਾਮਜਦ ਦੋਸ਼ੀਆਂ ਵਿਰੁੱਧ ਐਸ.ਸੀ. ਐਸ.ਟੀ. ਅਧੀਨ ਮਾਮਲੇ ਦਰਜ ਹੋਣ ਦੇ ਬਾਵਜੂਦ ਅੱਜ ਤੱਕ ਕਿਸੇ ਵਿਅਕਤੀ ਦੀ ਗ੍ਰਿਫਤਾਰੀ ਨਹੀਂ ਹੋਈ ਅਤੇ ਨਾਂ ਹੀ ਪੰਚਾਇਤੀ ਜਮੀਨ ਦੇ ਕਬਜੇ ਲੈ ਕੇ ਦਿੱਤੇ ਗਏ। ਜਦੋਂ ਕਿ ਸਾਢੇ 11 ਲੱਖ ਰੁਪਏ ਐਸ.ਸੀ. ਭਾਈਚਾਰੇ ਵਲੋਂ ਸਰਕਾਰੀ ਬੋਲੀ ਦੀ ਫੀਸ ਪਹਿਲਾਂ ਤੋਂ ਜਮ ?ਹਾਂ ਕਰਵਾਈ ਜਾ ਚੁੱਕੀ ਹੈ। ਸੰਵਿਧਾਨਿਕ ਤੌਰ ਤੇ ਜਿਹੜੇ ਅਧਿਕਾਰ ਅਨੁਸੂਚਿਤ ਜਾਤੀ ਨੂੰ ਦਿੱਤੇ ਗਏ ਹਨ ਉਨ੍ਹਾਂ ਦੀ ਪ੍ਰਾਪਤੀ ਕਰਵਾਉਣ ਵਿੱਚ ਸਰਕਾਰ ਫੇਲ ਸਾਬਤ ਹੋਈ ਹੈ। ਇਸ ਬੇਇਨਸਾਫੀ ਨੂੰ ਲੈ ਕੇ ਦਲਿਤ ਸਮਾਜ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।



ਉਨ੍ਹਾਂ ਸਮੂਹ ਦਲਿਤ ਭਾਈਚਾਰੇ, ਜੱਥੇਬੰਦੀਆਂ ਨੂੰ 18 ਅਗਸਤ ਨੂੰ ਡਿਪਟੀ ਕਮਿਸ਼ਨਰ ਦਫਤਰ ਵਿਖੇ ਧਰਨੇ ਵਿੱਚ ਸ਼ਾਮਲ ਹੋਣ ਦੀ ਪੁਰਜੋਰ ਅਪੀਲ ਕੀਤੀ ਹੈ। ਇਸ ਮੌਕੇ ਕਾਮਰੇਡ ਹਰੀ ਸਿੰਘ, ਸ਼ਮਸ਼ੇਰ ਸਿੰਘ ਨੂਰਖੇੜੀਆਂ, ਸਤਿਗੁਰ ਸਿੰਘ ਸਾਬਕਾ ਸਰਪੰਚ, ਮੁਖਤਿਆਰ ਸਿੰਘ, ਨਾਇਬ ਸਿੰਘ, ਵਿਕਰਮਜੀਤ ਸਿੰਘ, ਸੁੱਚਾ ਸਿੰਘ, ਕਰਮਜੀਤ ਕੌਰ ਪੰਚ, ਜ਼ਸਪਾਲ ਕੌਰ ਪੰਚ, ਦੀਪੂ ਬਾਲੀ, ਕਰਨ ਰਾਜਪੂਤ, ਆਦਿ ਹਾਜਰ ਸਨ।

# 31 ਜੁਲਾਈ ਤੋਂ ਪਹਿਲਾਂ ਪ੍ਰਾਪਰਟੀ ਟੈਕਸ ਜਮ੍ਹਾ ਕਰਵਾਉਣ ’ਤੇ ਵਿਆਜ਼ ਅਤੇ ਜੁਰਮਾਨੇ ਤੋਂ ਮਿਲੇਗੀ 100 ਫੀਸਦੀ ਛੋਟ

**ਹੁਸ਼ਿਆਰਪੁਰ, 26 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕਮਿਸ਼ਨਰ ਨਗਰ ਨਿਗਮ ਹੁਸ਼ਿਆਰਪੁਰ ਜਯੋਤੀ ਬਾਲਾ ਮੱਟੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 15.05.2025 ਨੂੰ ਜਾਰੀ ਕੀਤੇ ਨੋਟੀਫਿਕੇਸ਼ਨ ਰਾਹੀਂ ਪ੍ਰਾਪਰਟੀ ਟੈਕਸ ਦੀ ਵਨ ਟਾਇਮ ਸੈਟਲਮੈਂਟ (ਓ. ਟੀ. ਐਸ) ਪਾਲਿਸੀ ਅਧੀਨ ਹਰੇਕ ਅਦਾਰੇ (ਜਿਵੇਂ ਕਿ -ਘਰੇਲੂ,ਵਪਾਰਕ, ਇੰਡਸਟਰੀਅਲ) ਦੇ ਮੌਜੂਦਾ ਅਤੇ ਪੁਰਾਣੇ ਟੈਕਸ ਨੂੰ ਮਿਤੀ 31.07.2025 ਤੱਕ ਜਮ ?ਹਾਂ ਕਰਵਾਉਣ ’ਤੇ ਜ਼ੁਰਮਾਨੇ ਅਤੇ ਵਿਆਜ਼ ਤੋਂ 100 ਫੀਸਦੀ ਮੁਆਫੀ ਦਿਤੀ ਗਈ ਹੈ। ਇਸ ਲਈ ਉਨ੍ਹਾਂ ਆਮ ਜਨਤਾ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੀ ਪ੍ਰਾਪਰਟੀ (ਜਿਵੇਂ ਕਿ -ਘਰੇਲੂ, ਵਪਾਰਕ, ਇੰਡਸਟ ?ਰੀਅਲ ) ਦਾ ਬਣਦਾ ਮੂਲ ਪ੍ਰਾਪਰਟੀ ਟੈਕਸ ਨਗਰ ਨਿਗਮ ਹੁਸ਼ਿਆਰਪੁਰ ਵਿਖੇ ਮਿਤੀ 31.07.2025 ਤੋਂ ਪਹਿਲਾਂ ਬਿਨਾਂ ਵਿਆਜ਼ ਅਤੇ ਜ਼ੁਰਮਾਨੇ ਤੋਂ ਜਮ ?ਹਾ ਕਰਵਾ ਕੇ ਸਰਕਾਰ ਦੀ ਇਸ ’ਵਨ ਟਾਇਮ ਸੈਟਲਮੈਂਟ’ ਸਕੀਮ ਦਾ ਵੱਧ ਤੋਂ ਵੱਧ ਲਾਭ ਉਠਾਇਆ ਜਾਵੇ।

ਉਨ੍ਹਾਂ ਦੱਸਿਆ ਕਿ ਜਨਤਾ ਨੂੰ ਇਸ ਸਕੀਮ ਦਾ ਲਾਭ ਦੇਣ ਲਈ ਨਗਰ ਨਿਗਮ ਵੱਲੋਂ ਸ਼ਨੀਵਾਰ ਅਤੇ ਐਤਵਾਰ ਨੂੰ ਵੀ ਸਵੇਰੇ 10 ਤੋਂ ਬਾਅਦ ਦੁਪਹਿਰ 3 ਵਜੇ ਤੱਕ ਪ੍ਰਾਪਰਟੀ ਟੈਕਸ ਬ੍ਰਾਂਚ ਖੁੱਲ੍ਹੀ ਰੱਖੀ ਜਾ ਰਹੀ ਹੈ।

# ਡੀ.ਸੀ ਨੇ ਸੁਨੇਤ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਵਿਖੇ 25.5 ਲੱਖ ਰੁਪਏ ਦੇ ਅਕਾਦਮਿਕ ਬਲਾਕ ਦਾ ਕੀਤਾ ਉਦਘਾਟਨ



**ਲੁਧਿਆਣਾ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ, ਸੁਨੇਤ ਵਿਖੇ ਇੱਕ ਨਵੇਂ ਅਕਾਦਮਿਕ ਬਲਾਕ ਦਾ ਉਦਘਾਟਨ ਕੀਤਾ ਜੋ ਕਿ ਜ਼ਿਲ੍ਹੇ ਵਿੱਚ ਵਿਦਿਅਕ ਬੁਨਿਆਦੀ ਢਾਂਚੇ ਨੂੰ ਵਧਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ। 25.5 ਲੱਖ ਰੁਪਏ ਦੀ ਲਾਗਤ ਨਾਲ ਬਣੇ ਇਸ ਅਤਿ-ਆਧੁਨਿਕ ਬਲਾਕ ਨੂੰ ਨਹਿਰੂ ਸਿਧਾਂਤ ਕੇਂਦਰ ਟਰੱਸਟ ਦੁਆਰਾ ਫੰਡ ਦਿੱਤਾ ਗਿਆ ਸੀ।

ਉਦਘਾਟਨ ਸਮਾਰੋਹ ਵਿੱਚ ਨਹਿਰੂ ਸਿਧਾਂਤ ਕੇਂਦਰ ਟਰੱਸਟ ਦੇ ਪ੍ਰਧਾਨ ਅਤੇ ਭਾਰਤੀ ਇੰਟਰਪ੍ਰਾਈਜ਼ਿਜ਼ ਦੇ ਉਪ-ਚੇਅਰਮੈਨ ਰਾਕੇਸ਼ ਭਾਰਤੀ ਮਿੱਤਲ, ਉਪ ਪ੍ਰਧਾਨ ਸੁਨੀਲ ਗੁਪਤਾ, ਜਨਰਲ ਸਕੱਤਰ ਬਿਪਿਨ ਗੁਪਤਾ ਅਤੇ ਟਰੱਸਟ ਦੇ ਹੋਰ ਪ੍ਰਸਿੱਧ ਮੈਂਬਰ ਅਤੇ ਸਥਾਨਕ ਪ੍ਰਸ਼ਾਸਨ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ। ਆਪਣੇ ਸੰਬੋਧਨ ਵਿੱਚ ਡਿਪਟੀ ਕਮਿਸ਼ਨਰ ਜੈਨ ਨੇ ਰਾਕੇਸ਼ ਭਾਰਤੀ ਮਿੱਤਲ ਅਤੇ ਨਹਿਰੂ ਸਿਧਾਂਤ ਕੇਂਦਰ ਟਰੱਸਟ ਦਾ ਸਕੂਲ ਵਿੱਚ ਉਨ੍ਹਾਂ ਦੇ ਉਦਾਰ ਯੋਗਦਾਨ ਲਈ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਆਧੁਨਿਕ ਸਹੂਲਤਾਂ ਨਾਲ ਲੈਸ ਨਵਾਂ ਅਕਾਦਮਿਕ ਬਲਾਕ ਵਿਦਿਆਰਥੀਆਂ ਨੂੰ ਸਮਾਰਟ ਅਤੇ ਨਵੀਨਤਾਕਾਰੀ ਸਿੱਖਿਆ ਤੱਕ ਪਹੁੰਚ ਕਰਨ ਦੇ ਸਮਰੱਥ ਬਣਾਏਗਾ ਜਿਸ ਨਾਲ ਉਹ ਨਿੱਜੀ ਸੰਸਥਾਵਾਂ ਦੇ ਆਪਣੇ ਸਾਥੀਆਂ ਨਾਲ ਮੁਕਾਬਲਾ ਕਰਨ ਦੇ ਯੋਗ ਹੋਣਗੇ।

ਜੈਨ ਨੇ ਕਿਹਾ, ÷ਇਹ ਪਹਿਲ ਸਰਕਾਰੀ ਅਤੇ ਨਿੱਜੀ ਸਕੂਲ ਸਿੱਖਿਆ ਵਿਚਕਾਰ ਪਾੜੇ ਨੂੰ ਪੂਰਾ ਕਰਨ ਲਈ ਇੱਕ ਮਹੱਤਵਪੂਰਨ ਕਦਮ ਹੈ, ਇਹ ਯਕੀਨੀ ਬਣਾਉਣਾ ਕਿ ਸਾਡੇ ਵਿਦਿਆਰਥੀਆਂ ਨੂੰ ਗੁਣਵੱਤਾ ਵਾਲੇ ਸਿੱਖਣ ਦੇ ਵਾਤਾਵਰਣ ਤੱਕ ਪਹੁੰਚ ਹੋਵੇ।÷ ਉਨ੍ਹਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਦੀ ਵਿਦਿਅਕ ਬੁਨਿਆਦੀ ਢਾਂਚੇ ਨੂੰ ਹੋਰ ਬਿਹਤਰ ਬਣਾਉਣ ਦੀ ਵਚਨਬੱਧਤਾ 'ਤੇ ਵੀ ਚਾਨਣਾ ਪਾਇਆ। ਜੈਨ ਨੇ ਕਿਹਾ, ÷ਸਾਡਾ ਟੀਚਾ ਇੱਕ ਅਜਿਹਾ ਮਾਹੌਲ ਬਣਾਉਣਾ ਹੈ ਜਿੱਥੇ ਵਿਦਿਆਰਥੀ ਪ੍ਰਫੁੱਲਤ ਹੋ ਸਕਣ ਅਤੇ ਮੁਕਾਬਲੇ ਵਾਲੀ ਦੁਨੀਆ ਵਿੱਚ ਸਫਲ ਹੋਣ ਲਈ ਲੋੜੀਂਦੇ ਹੁਨਰ ਵਿਕਸਤ ਕਰ ਸਕਣ।÷

ਰਾਕੇਸ਼ ਭਾਰਤੀ ਮਿੱਤਲ ਨੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਟਰੱਸਟ ਦੇ ਵਿਦਿਅਕ ਵਿਕਾਸ ਪ੍ਰਤੀ ਸਮਰਪਣ ਦੀ ਪੁਸ਼ਟੀ ਕੀਤੀ ਅਤੇ ਐਲਾਨ ਕੀਤਾ ਕਿ ਨਹਿਰੂ ਸਿਧਾਂਤ ਕੇਂਦਰ ਟਰੱਸਟ ਨੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ, ਸੁਨੇਤ ਨੂੰ ਅਪਣਾਇਆ ਹੈ ਅਤੇ ਸਿੱਖਣ ਦੇ ਅਨੁਭਵ ਨੂੰ ਵਧਾਉਣ ਲਈ ਪੂਰੀ ਤਰ੍ਹਾਂ ਲੈਸ ਸਮਾਰਟ ਕਲਾਸਰੂਮ ਪ੍ਰਦਾਨ ਕਰੇਗਾ। ਉਨ੍ਹਾਂ ਨੇ ਇਸ ਪ੍ਰੋਜੈਕਟ ਨੂੰ ਹਕੀਕਤ ਬਣਾਉਣ ਵਿੱਚ ਟਰੱਸਟ, ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗੀ ਯਤਨਾਂ ਦੀ ਵੀ ਪ੍ਰਸ਼ੰਸਾ ਕੀਤੀ।

# ਨਸ਼ਾ ਛੱਡਣ ਦੇ ਚਾਹਵਾਨ ਜ਼ਿਲ੍ਹੇ ਦੇ ਨਸ਼ਾ ਛੁਡਾਊ ਕੇਂਦਰ ਵਿੱਚ ਆਪਣਾ ਇਲਾਜ ਮੁਫਤ ਵਿੱਚ ਕਰਵਾਉਣ:ਬਲਬੀਰ ਸਿੰਘ ਪਨੂੰ



**ਬਟਾਲਾ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਨਸ਼ਿਆਂ ਦੇ ਖਾਤਮੇ ਲਈ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਦੇ ਵਿਰੁੱਧ' ਮੁਹਿੰਮ ਦੇ ਤਹਿਤ ਜ਼ਿਲ੍ਹੇ ਵਿੱਚ ਸਰਕਾਰੀ ਨਸ਼ਾ ਛੁਡਾਊ ਕੇਂਦਰ ਚੱਲ ਰਹੇ ਹਨ, ਜਿੱਥੇ ਨਸ਼ੇ ਛੱਡਣ ਦੇ ਚਾਹਵਾਨ ਦਾ ਇਲਾਜ ਬਿਲਕੁਲ ਮੁਫਤ ਕੀਤਾ ਜਾਂਦਾ ਹੈ ਤੇ ਉਸਦਾ ਖਾਣ ਪੀਣ, ਦਵਾਈਆਂ ਰਹਿਣ ਸਹਿਣ ਆਦਿ ਸਾਰੀਆਂ ਸਹੂਲਤਾਂ ਮੁਫਤ ਹਨ। ਇਸ ਤੋਂ ਇਲਾਵਾ ਨਸ਼ਾ ਛੱਡਣ ਵਾਲੇ ਸਮੇਂ ਦੌਰਾਨ ਉਸਦੇ ਮਨਪਸੰਦ ਕਿੱਤੇ ਨਾਲ ਸਬੰਧਿਤ ਸਿਖਲਾਈ ਦਿੱਤੀ ਜਾਵੇਗੀ ਤਾਂ ਜੋ ਨਸ਼ਾ ਛੱਡਣ ਉਪਰੰਤ ਆਪਣਾ ਰੁਜ਼ਗਾਰ ਕਰ ਸਕੇ ਤੇ ਰੁਜ਼ਗਾਰ ਪ੍ਰਾਪਤੀ ਵਿੱਚ ਵੀ ਉਨ੍ਹਾਂ ਦੀ ਮਦਦ ਕੀਤੀ ਜਾਵੇਗੀ। ਇਹ ਪ੍ਰਗਟਾਵਾ ਹਲਕਾ ਇੰਚਾਰਜ ਬਲਬੀਰ ਸਿੰਘ ਪਨੂੰ ਨੇ ਪਿੰਡ ਸ਼ੰਕਰਪੁਰਾ ਅਤੇ ਸੈਦਪੁਰ ਖੁਰਦ ਵਿਖੇ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਹੋਈ ਇਕੱਤਰਤਾ ਦੌਰਾਨ ਸ਼ਮੂਲੀਅਤ ਕੀਤੀ। ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ ਨੂੰ ਨਸ਼ਿਆਂ ਵਿਰੁੱਧ ਇੱਕਜੁੱਟ ਹੋ ਕੇ ਲੜਨ ਦੀ ਦੀ ਸਹੁੰ ਵੀ ਚੁਕਾਈ।

ਇਸ ਮੌਕੇ ਬਲਬੀਰ ਸਿੰਘ ਪਨੂੰ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ਾ ਸਾਰੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਖਤਮ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਨਸ਼ਾਂ ਤਸਕਰਾਂ ਦੀ ਸੂਚਨਾ ਪਿੰਡ ਵਾਸੀ ਪੁਲਿਸ ਨੂੰ ਦੇਣ ਜਾਂ ਫਿਰ ਉਨ੍ਹਾਂ ਨੂੰ ਇੱਕ ਪਰਚੀ ਤੇ ਨਾਮ ਲਿਖ ਕੇ ਦੇ ਦਿਓ ਸੂਚਨਾ ਦੇਣ ਵਾਲੇ ਦਾ ਨਾਮ ਤੇ ਪਹਿਚਾਣ ਗੁਪਤ ਰੱਖੀ ਜਾਵੇਗੀ ਜਾਂ ਫਿਰ ਪਿੰਡ ਵਾਸੀ ਪੰਜਾਬ ਸਰਕਾਰ ਵੱਲੋਂ ਜਾਰੀ ਵਟਸਐਪ ਨੰ: 97791-00200 ਤੇ ਵੀ ਭੇਜ ਸਕਦੇ ਹਨ।

ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਦੀ ਜਾਣਕਰੀ ਦੇਣ ਤੋਂ ਬਾਅਦ ਘਬਰਾਉਣ ਦੀ ਲੋੜ ਨਹੀਂ ਉਹ ਪਿੰਡ ਵਾਸੀਆਂ ਦੇ ਨਾਲ ਖੜ੍ਹੇ ਹਨ। ਉਨ੍ਹਾਂ ਕਿਹਾ ਕਿ ਨਸ਼ਾ ਕਰਨ ਵਾਲੇ ਨਾਲ ਸਾਨੂੰ ਹਮਦਰਦੀ ਭਰਿਆਂ ਵਰਤਾਰਾ ਰੱਖਣਾ ਚਾਹੀਦਾ ਹੈ ਤੇ ਉਸਨੂੰ ਸਮਝਾਉਣਾ ਚਾਹੀਦਾ ਹੈ ਤੇ ਉਸਦੇ ਇਲਾਜ ਬਾਰੇ ਉਸਨੂੰ ਜਾਗਰੂਕ ਕਰਨਾ ਚਾਹੀਦਾ ਹੈ।

ਇਸ ਮੌਕੇ ਕੈਪਟਨ ਗੁਰਮੀਤ ਸਿੰਘ, ਸਰਪੰਚ ਨਿੰਦਰ ਕੌਰ, ਮੈਂਬਰ ਪੰਚਾਇਤ ਬਲਵਿੰਦਰ ਸਿੰਘ, ਮੈਂਬਰ ਪੰਚਾਇਤ ਗੁਰਵਿੰਦਰ ਸਿੰਘ, ਮੈਂਬਰ ਪੰਚਾਇਤ ਹਰਵਿੰਦਰ ਸਿੰਘ, ਮੈਂਬਰ ਪੰਚਾਇਤ ਸੋਭਾ ਸਿੰਘ, ਮੈਂਬਰ ਪੰਚਾਇਤ ਮੁੱਖਰਾਜ ਸਿੰਘ, ਸਰਪੰਚ ਪੁਸ਼ਵਿੰਦਰ ਕੌਰ ਸ਼ੰਕਰਪੁਰਾ, ਪੰਚ ਨਵਦੀਪ ਸਿੰਘ, ਪੰਚ ਗੁਰਜੀਤ ਕੌਰ, ਪੰਚ ਗੁਰਦੇਵ ਸਿੰਘ, ਪੰਚ ਰਾਜ, ਪੰਚ ਅਮਰਜੀਤ ਕੌਰ, ਪੰਚ ਲਵਪ੍ਰੀਤ ਕੌਰ, ਪੰਚ ਪਲਵਿੰਦਰ ਕੌਰ, ਸੁਖਬੀਰ ਸਿੰਘ, ਰਸ਼ਪਾਲ ਸਿੰਘ, ਫੌਜੀ ਸੁਰਿੰਦਰ ਸਿੰਘ, ਪ੍ਰਿੰਸੀਪਲ ਮੁਖਤਿਆਰ ਸਿੰਘ ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ, ਬਲਾਕ ਪ੍ਰਧਾਨ ਮਲਜਿੰਦਰ ਸਿੰਘ, ਬਲਾਕ ਪ੍ਰਧਾਨ ਹਰਦੀਪ ਸਿੰਘ, ਬਲਾਕ ਪ੍ਰਧਾਨ ਜਗਜੀਤ ਸਿੰਘ, ਸਰਪੰਚ ਹਰਦੀਪ ਸਿੰਘ, ਸਰਪੰਚ ਕਰਮਜੀਤ ਸਿੰਘ, ਗਗਨਦੀਪ ਸਿੰਘ ਕੋਟਲਾ ਬਾਮਾ, ਰਘਬੀਰ ਸਿੰਘ ਅਠਵਾਲ, ਸਰਪੰਚ ਗੁਰਬਿੰਦਰ ਸਿੰਘ ਕਾਦੀਆਂ, ਸਰਪੰਚ ਕਰਨ ਬਾਠ ਵਾਈਸ ਕੁਆਰਡੀਨੇਟਰ ਗੁਰਪ੍ਰਤਾਪ ਸਿੰਘ ਆਦਿ ਹਾਜ਼ਰ ਸਨ।

# ਪੰਜਾਬ ਸਰਕਾਰ ਦੇ ਨਿਰਦੇਸ਼ਾਂ ਤਹਿਤ ਨਸ਼ਾ ਛੱਡ ਰਹੇ ਨੌਜਵਾਨਾਂ ਦੇ ਮੁੜ ਵਸੇਬੇ ਲਈ ਜ਼ਿਲ੍ਹਾ ਪ੍ਰਸ਼ਾਸਨ ਯਤਨਸ਼ੀਲ




**ਮੋਗਾ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬੇ ਦੇ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜਿੱਥੇ ਨਸ਼ਾ ਤਸਕਰਾਂ ਉੱਪਰ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ ਉੱਥੇ ਨਸ਼ਾ ਛੱਡ ਰਹੇ ਨੌਜਵਾਨਾਂ ਦੇ ਮੁੜ ਵਸੇਬੇ ਲਈ ਯਤਨ ਜੰਗੀ ਪੱਧਰ ਤੇ ਜਾਰੀ ਹਨ। ਨਸ਼ਾ ਛੱਡ ਰਹੇ ਨੌਜਵਾਨਾਂ ਨੂੰ ਨਵੀਂ ਜਿੰਦਗੀ ਦੇ ਕੇ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਵਿੱਚ ਯੋਗਦਾਨ ਦੇਣ ਲਈ ਜ਼ਿਲ੍ਹਾ ਪ੍ਰਸ਼ਾਸਨ ਮੋਗਾ ਇਸ ਖੇਤਰ ਵਿੱਚ ਲਗਾਤਾਰ ਉਪਰਾਲੇ ਕਰ ਰਿਹਾ ਹੈ।

ਇਹਨਾਂ ਉਪਰਾਲਿਆਂ ਦੀ ਲੜੀ ਤਹਿਤ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰ ਜਨੇਰ ਵਿਖੇ 56 ਸਿਖਿਆਰਥੀਆਂ ਨੂੰ ਇਲੈਕਟ ?ੀਸ਼ੀਨ ਟ ?ੇਨਿੰਗ ਕੋਰਸ ਮੁਫਤ ਕਰਵਾਇਆ ਗਿਆ। ਅੱਜ ਤਿੰਨ ਮਹੀਨਿਆਂ ਦੇ ਪੂਰੇ ਹੋਏ ਇਸ ਕੋਰਸ ਤੋਂ ਬਾਅਦ ਡਿਪਟੀ ਕਮਿਸ਼ਨਰ ਮੋਗਾ ਸ਼ ?ਰੀ ਸਾਗਰ ਸੇਤੀਆ ਵੱਲੋਂ ਸਿਖਿਆਰਥੀਆਂ ਨੂੰ ਸਰਟੀਫਿਕੇਟਾਂ ਦੀ ਵੰਡ ਕੀਤੀ। ਉਹ ਅੱਜ ਵਿਸ਼ੇਸ਼ ਤੌਰ ਤੇ ਨਸ਼ਾ ਛੁਡਾਊ ਕੇਂਦਰ ਵਿਖੇ ਨਸ਼ਾ ਛੱਡ ਰਹੇ ਨੌਜਵਾਨਾਂ ਕੋਲ ਪਹੁੰਚੇ।

ਉਹਨਾਂ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਨਸ਼ਾ ਛੱਡ ਰਹੇ ਨੌਜਵਾਨਾਂ ਦੀ ਜਿੰਦਗੀ ਨੂੰ ਮੁੜ ਤੋਂ ਰੰਗਲਾ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵਚਨਬੱਧ ਹੈ।

ਪੰਜਾਬ ਹੁਨਰ ਵਿਕਾਸ ਮਿਸ਼ਨ ਤਹਿਤ ਉਹਨਾਂ ਨੂੰ ਇਹ ਮੁਫਤ ਕੋਰਸ ਦਾ ਲਾਹਾ ਦਿੱਤਾ ਗਿਆ ਹੈ। ਉਹਨਾਂ ਕਿਹਾ ਕਿ ਇਹਨਾਂ ਬੱਚਿਆ ਨੂੰ ਜਲਦੀ ਇਲੈਕਟ ?ੀਸ਼ਨ ਕਿੱਟਾਂ ਮੁਹੱਈਆ ਕਰਵਾਈਆਂ ਜਾਣਗੀਆਂ ਜਿਹੜੀਆਂ ਕਿ ਉਹਨਾਂ ਦੇ ਸਵੈ ਰੋਜਗਾਰ ਵਿੱਚ ਮੱਦਦ ਕਰਨਗੀਆਂ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਯੋਗ ਉਮੀਦਵਾਰਾਂ ਦੀ ਨੌਕਰੀ ਲਈ ਵੀ ਯਤਨ ਕੀਤੇ ਜਾਣਗੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਰੈਡ ਕਰਾਸ ਨਸ਼ਾ ਛੁਡਾਊ ਕੇਂਦਰ ਜਨੇਰ ਵਿੱਚ ਹਫਤਾ ਪਹਿਲਾਂ ਆਰਸੇਟੀ ਜਰੀਏ 35 ਨੌਜਵਾਨਾਂ ਦੇ ਬੈਚ ਨੂੰ ਫਾਸਟਫੂਡ ਟਰੇਨਿੰਗ ਦੀ ਸ਼ੁਰੂਆਤ ਕਰਵਾਈ ਗਈ ਹੈ। ਉਹਨਾਂ ਕਿਹਾ ਕਿ ਪੰਜਾਬ ਹੁਨਰ ਵਿਕਾਸ ਮਿਸ਼ਨ ਤਹਿਤ ਨਸ਼ਾ ਛੱਡਣ ਵਾਲੇ ਨੌਜਵਾਨਾਂ ਨੂੰ ਭਵਿੱਖ ਵਿੱਚ ਵੀ ਇਹ ਟ ?ੇਨਿੰਗਾਂ ਦਿੱਤੀਆਂ ਜਾਣਗੀਆਂ ਤਾਂ ਕਿ ਉਹਨਾਂ ਦੇ ਮੁੜ ਵਸੇਬੇ ਦਾ ਪੂਰਨ ਪ੍ਰਬੰਧ ਹੋ ਸਕੇ। ਡਿਪਟੀ ਕਮਿਸ਼ਨਰ ਇਸ ਮੌਕੇ ਨਸ਼ਾ ਛੱਡ ਚੁੱਕੇ ਨੌਜਵਾਨਾਂ ਨੂੰ ਸਪੈਸ਼ਲ ਮਿਲੇ ਅਤੇ ਉਹਨਾਂ ਦੀ ਹੌਂਸਲਾ ਅਫਜਾਈ ਕੀਤੀ। ਇਸ ਮੌਕੇ ਜ਼ਿਲ੍ਹਾ ਰੋਜ਼ਗਾਰ ਅਫ਼ਸਰ ਡਿੰਪਲ ਥਾਪਰ, ਆਰਸੇਟੀ ਤੋਂ ਗੌਰਵ, ਪੰਜਾਬ ਹੁਨਰ ਵਿਕਾਸ ਮਿਸ਼ਨ ਦੇ ਮੈਨੇਜਰ ਮਨਪ੍ਰੀਤ ਕੌਰ ਤੇ ਪੁਸ਼ਰਾਜ ਝਾਜਰਾ, ਐਸ.ਡੀ.ਓ. ਪੰਚਾਇਤੀ ਰਾਜ ਰੋਹਿਤ ਸਿੰਗਲਾ, ਦਰਸ਼ਨ ਸਿੰਘ ਟ ?ੇਨਰ, ਰੈੱਡ ਕਰਾਸ ਸੈਂਟਰ ਜਨੇਰ ਦੇ ਡਾਇਰੈਕਟਰ ਹਰਪ੍ਰੀਤ ਅਤੇ ਇੰਚਾਰਜ ਵੀਰਪਾਲ ਕੌਰ ਹਾਜਰ ਸਨ।

# ਚੇਅਰਮੈਨ ਰਮਨ ਬਹਿਲ ਨੇ ਬੱਸ ਸਟੈਂਡ ਗੁਰਦਾਸਪੁਰ ਵਿਖੇ ਨਵੇਂ ਬਣਨ ਵਾਲੇ ਆਮ ਆਦਮੀ ਕਲੀਨਿਕ ਦੀ ਸ਼ੁਰੂਆਤ ਕਰਵਾਈ



**ਗੁਰਦਾਸਪੁਰ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਰਮਨ ਬਹਿਲ ਵੱਲੋਂ ਅੱਜ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਜੀ ਬੱਸ ਅੱਡੇ ਵਿੱਚ ਨਵੇਂ ਬਣਨ ਵਾਲੇ ਆਮ ਆਦਮੀ ਕਲੀਨਿਕ ਦੀ ਸ਼ੁਰੂਆਤ ਕਰਵਾਈ ਗਈ। ਪੰਜਾਬ ਸਰਕਾਰ ਵੱਲੋਂ ਇਸ ਕਲੀਨਿਕ ਦੀ ਉਸਾਰੀ ਉੱਪਰ 25 ਲੱਖ ਰੁਪਏ ਖ਼ਰਚੇ ਜਾਣਗੇ।

ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਚੇਅਰਮੈਨ ਸ੍ਰੀ ਰਮਨ ਬਹਿਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 1.75 ਕਰੋੜ ਰੁਪਏ ਦੀ ਲਾਗਤ ਨਾਲ ਗੁਰਦਾਸਪੁਰ ਸ਼ਹਿਰ ਵਿੱਚ 7 ਹੋਰ ਨਵੇਂ ਆਮ ਆਦਮੀ ਕਲੀਨਿਕ ਬਣਾਏ ਜਾ ਰਹੇ ਹਨ, ਜਿਨ੍ਹਾਂ ਵਿਚੋਂ 5 ਆਮ ਆਦਮੀ ਕਲੀਨਿਕਾਂ ਦੀ ਉਸਾਰੀ ਦਾ ਕੰਮ ਸ਼ੁਰੂ ਹੋ ਗਿਆ ਹੈ।ਸ੍ਰੀ ਬਹਿਲ ਨੇ ਦੱਸਿਆ ਕਿ ਇਹ ਨਵੇਂ 7 ਆਮ ਆਦਮੀ ਕਲੀਨਿਕ ਗੁਰਦਾਸਪੁਰ ਸ਼ਹਿਰ ਦੇ ਨਵੇਂ ਬੱਸ ਸਟੈਂਡ, ਗੀਤਾ ਭਵਨ, ਅੱਖਾਂ ਦਾ ਹਸਪਤਾਲ (ਨੇੜੇ ਸਰਕਾਰੀ ਆਈ.ਟੀ.ਆਈ.), ਪੀ.ਐੱਚ.ਸੀ ਘੁਰਾਲਾ, ਕਮਿਊਨਿਟੀ ਹਾਲ ਨਬੀਪੁਰ, ਕੋਰਟ ਕੰਪਲੈਕਸ ਅਤੇ ਬਾਬੋਵਾਲ ਵਿਖੇ ਬਣਾਏ ਜਾ ਰਹੇ ਹਨ।

ਚੇਅਰਮੈਨ ਸ੍ਰੀ ਰਮਨ ਬਹਿਲ ਨੇ ਅੱਗੇ ਦੱਸਿਆ ਕਿ ਇਨ੍ਹਾਂ ਆਮ ਆਦਮੀ ਕਲੀਨਿਕਾਂ ਦੀ ਇਮਾਰਤ ਵਿੱਚ ਡਾਕਟਰ ਰੂਮ, ਫਾਰਮੇਸੀ ਰੂਮ, ਮਰੀਜ਼ਾਂ ਲਈ ਵੇਟਿੰਗ ਰੂਮ, ਇੱਕ ਐਡੀਸ਼ਨਲ ਰੂਮ ਬਣਾਏ ਜਾਣਗੇ। ਇਸ ਤੋਂ ਇਲਾਵਾ ਆਮ ਆਦਮੀ ਕਲੀਨਿਕਾਂ ਵਿੱਚ ਸਮੁੱਚਾ ਫ਼ਰਨੀਚਰ, ਤਿੰਨ ਏ.ਸੀ. ਅਤੇ ਆਰ.ਓ. ਸਮੇਤ ਵਾਟਰ ਕੂਲਰ ਵੀ ਲਗਾਏ ਜਾਣਗੇ। ਉਨ੍ਹਾਂ ਕਿਹਾ ਕਿ ਇਹ ਕਲੀਨਿਕ ਆਧੁਨਿਕ ਸਹੂਲਤਾਂ ਨਾਲ ਪੂਰੀ ਤਰ੍ਹਾਂ ਲੈਸ ਹੋਣਗੇ ਅਤੇ ਇੱਥੇ ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਦਾ ਮੁਫ਼ਤ ਇਲਾਜ ਕੀਤਾ ਜਾਵੇਗਾ।ਚੇਅਰਮੈਨ ਸ੍ਰੀ ਰਮਨ ਬਹਿਲ ਨੇ ਦੱਸਿਆ ਕਿ ਇਸ ਸਮੇਂ ਜ਼ਿਲ੍ਹਾ ਗੁਰਦਾਸਪੁਰ ਵਿੱਚ 62 ਆਮ ਆਦਮੀ ਕਲੀਨਿਕ ਆਪਣੀ ਸੇਵਾਵਾਂ ਦੇ ਰਹੇ ਹਨ ਅਤੇ ਇਨ੍ਹਾਂ ਕਲੀਨਿਕਾਂ ਵਿੱਚੋਂ 25 ਲੱਖ ਤੋਂ ਵੱਧ ਨਾਗਰਿਕ ਇਲਾਜ ਸਹੂਲਤਾਂ ਲੈ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਆਮ ਆਦਮੀ ਕਲੀਨਿਕ ਵਿੱਚ 46 ਤਰ੍ਹਾਂ ਦੇ ਟੈਸਟਾਂ ਦੀ ਮੁਫ਼ਤ ਸਹੂਲਤ ਉਪਲਬਧ ਹੈ ਅਤੇ 103 ਤਰ੍ਹਾਂ ਦੀਆਂ ਦਵਾਈਆਂ ਮੁਫ਼ਤ ਦਿੱਤੀਆਂ ਜਾਂਦੀਆਂ ਹਨ।

ਚੇਅਰਮੈਨ ਸ੍ਰੀ ਰਮਨ ਬਹਿਲ ਨੇ ਕਿਹਾ ਕਿ ਉਨ੍ਹਾਂ ਨੇ ਬੀਤੇ ਤਿੰਨ ਸਾਲਾਂ ਦੇ ਸਮੇਂ ਦੌਰਾਨ ਗੁਰਦਾਸਪੁਰ ਨੂੰ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਮੋਹਰੀ ਬਣਾਉਣ ਲਈ ਪੂਰੀ ਸੁਹਿਰਦਤਾ ਨਾਲ ਯਤਨ ਕੀਤੇ ਹਨ।

ਉਨ੍ਹਾਂ ਕਿਹਾ ਕਿ ਜ਼ਿਲ੍ਹਾ ਹਸਪਤਾਲ ਬੱਬਰੀ ਵਿਖੇ ਵੀ ਜਲਦੀ ਹੀ ਨਵੇਂ ਪ੍ਰੋਜੈਕਟ ਸ਼ੁਰੂ ਹੋ ਜਾਣਗੇ ਜੋ ਸਮੁੱਚੇ ਖੇਤਰ ਲਈ ਬਹੁਤ ਲਾਹੇਵੰਦ ਸਾਬਤ ਹੋਣਗੇ। ਸ੍ਰੀ ਬਹਿਲ ਨੇ ਸਿਹਤ ਖੇਤਰ ਵਿੱਚ ਸੁਧਾਰਾਂ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦਾ ਧੰਨਵਾਦ ਕੀਤਾ ਹੈ।

ਇਸ ਮੌਕੇ ਪੰਜਾਬ ਮੰਡੀ ਬੋਰਡ ਦੇ ਐਕਸੀਅਨ ਬਲਦੇਵ ਸਿੰਘ ਬਾਜਵਾ, ਸਰਪੰਚ ਗੁਰਜੀਵ ਸਿੰਘ ਬੱਬਰੀ, ਸਰਪੰਚ ਜਗਦੀਪ ਸਿੰਘ, ਸਰਪੰਚ ਅਮਨਦੀਪ ਸਿੰਘ, ਸਰਪੰਚ ਜਤਿੰਦਰਪਾਲ ਸਿੰਘ, ਜੋਤੀ ਹੱਲਾ ਅਤੇ ਬਲਾਕ ਪ੍ਰਧਾਨ ਰਣਜੀਤ ਸਿੰਘ ਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਚੇਅਰਮੈਨ ਰਮਨ ਬਹਿਲ ਤੇ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਜੇਤੂ ਖਿਡਾਰੀਆਂ ਨੂੰ ਇਨਾਮਾਂ ਦੀ ਵੰਡ ਕੀਤੀ



**ਗੁਰਦਾਸਪੁਰ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਗੁਰਦਾਸਪੁਰ ਵਾਸੀਆਂ ਨੂੰ ਸਵਿਮਿੰਗ ਪੂਲ ਦੇ ਰੂਪ ਵਿੱਚ ਇੱਕ ਹੋਰ ਖ਼ੂਬਸੂਰਤ ਤੋਹਫ਼ਾ ਦਿੱਤਾ ਗਿਆ ਹੈ। ਜਮਨੇਜ਼ੀਅਮ ਹਾਲ ਦੇ ਸਪੋਰਟਸ ਕੰਪਲੈਕਸ ਵਿੱਚ ਨਵੇਂ ਬਣੇ ਸਵਿਮਿੰਗ ਪੂਲ ਦੇ ਉਦਘਾਟਨ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹਾ ਪੱਧਰੀ ਸਵਿਮਿੰਗ ਮੁਕਾਬਲੇ ਕਰਵਾਏ ਗਏ। ਇਨ੍ਹਾਂ ਜ਼ਿਲ੍ਹਾ ਪੱਧਰੀ ਸਵਿਮਿੰਗ ਮੁਕਾਬਲਿਆਂ ਵਿੱਚ ਅੰਡਰ 14 ਲੜਕੇ ਤੇ ਲੜਕੀਆਂ, ਅੰਡਰ 17 ਲੜਕੇ ਤੇ ਲੜਕੀਆਂ, ਅੰਡਰ 19 ਲੜਕੇ ਤੇ ਲੜਕੀਆਂ ਦੇ 50 ਮੀਟਰ ਫ਼ਰੀ ਸਟਾਈਲ, 50 ਮੀਟਰ ਬੈਕ ਸਟ ?ੋਕ, 50 ਮੀਟਰ ਬਟਰ ਫਲਾਈ ਅਤੇ 50 ਮੀਟਰ ਬਰੈਸਟ ਸਟ ?ੋਕ ਦੇ ਮੁਕਾਬਲੇ ਕਰਵਾਏ ਗਏ, ਜਿਸ ਵਿੱਚ 50 ਤੋਂ ਵੱਧ ਖਿਡਾਰੀਆਂ ਨੇ ਭਾਗ ਲਿਆ।

ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਰਮਨ ਬਹਿਲ, ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਅਤੇ ਵਧੀਕ ਡਿਪਟੀ ਕਮਿਸ਼ਨਰ ਡਾ. ਹਰਜਿੰਦਰ ਸਿੰਘ ਬੇਦੀ ਵੱਲੋਂ ਸਵਿਮਿੰਗ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਹਾਸਲ ਕਰਨ ਵਾਲੇ ਖਿਡਾਰੀ ਨੂੰ 3100 ਰੁਪਏ, ਦੂਸਰੇ ਸਥਾਨ 'ਤੇ ਰਹਿਣ ਵਾਲੇ ਖਿਡਾਰੀ ਨੂੰ 2100 ਰੁਪਏ ਅਤੇ ਤੀਸਰਾ ਸਥਾਨ ਹਾਸਲ ਕਰਨ ਵਾਲੇ ਖਿਡਾਰੀ ਨੂੰ 1100 ਰੁਪਏ ਨਗਦ ਇਨਾਮ ਤੇ ਮੈਡਲਾਂ ਨਾਲ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਸਾਰੇ ਪ੍ਰਤੀਯੋਗੀਆਂ ਨੂੰ ਸਵਿਮਿੰਗ ਕੈਪ ਅਤੇ ਸਵਿਮਿੰਗ ਗੋਗਲਸ ਵੀ ਦਿੱਤੀਆਂ ਗਈਆਂ।

ਇਸ ਮੌਕੇ ਖਿਡਾਰੀਆਂ ਦੀ ਹੌਸਲਾ ਅਫ਼ਜਾਈ ਕਰਦਿਆਂ ਚੇਅਰਮੈਨ ਸ੍ਰੀ ਰਮਨ ਬਹਿਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਗੁਰਦਾਸਪੁਰ ਸ਼ਹਿਰ ਵਾਸੀਆਂ ਨੂੰ ਸਵਿਮਿੰਗ ਪੂਲ ਦਾ ਇੱਕ ਖ਼ੂਬਸੂਰਤ ਤੋਹਫ਼ਾ ਦਿੱਤਾ ਗਿਆ ਹੈ ਜਿਸ ਲਈ ਉਹ ਮਾਨ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਧੰਨਵਾਦੀ ਹਨ। ਉਨ੍ਹਾਂ ਕਿਹਾ ਕਿ ਗੁਰਦਾਸਪੁਰ ਦੇ ਖਿਡਾਰੀ ਹੁਣ ਸਵਿਮਿੰਗ ਦੇ ਖੇਤਰ ਵਿੱਚ ਵੀ ਵੱਡੀਆਂ ਮੱਲ੍ਹਾਂ ਮਾਰਨਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਦੇ ਇਹ ਯਤਨ ਜਾਰੀ ਰਹਿਣਗੇ।

ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਇਹ ਸਵਿਮਿੰਗ ਪੂਲ ਬੱਚਿਆਂ ਲਈ ਬਿਲਕੁਲ ਮੁਫ਼ਤ ਹੋਵੇਗਾ।

ਉਨ੍ਹਾਂ ਕਿਹਾ ਕਿ ਸਵਿਮਿੰਗ ਪੂਲ ਵਿੱਚ ਪ੍ਰੈਕਟਿਸ ਕਰਨ ਦੌਰਾਨ ਸੁਰੱਖਿਆ ਨਿਯਮਾਂ ਦੀ ਪਾਲਣਾ ਲਾਜ਼ਮੀ ਤੌਰ 'ਤੇ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਖੇਡ ਵਿਭਾਗ ਵੱਲੋਂ ਇੱਥੇ ਸਵਿਮਿੰਗ ਦੇ ਕੋਚ ਨਿਯੁਕਤ ਕੀਤੇ ਗਏ ਹਨ ਜੋ ਬੱਚਿਆਂ ਨੂੰ ਸਵਿਮਿੰਗ ਦੀ ਸਿਖਲਾਈ ਦੇਣਗੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਖੇਡਾਂ ਨਾਲ ਜੋੜਨ ਅਤੇ ਜੋ ਨੌਜਵਾਨ/ਬੱਚੇ ਸਵਿਮਿੰਗ ਕਰਨ ਦੇ ਚਾਹਵਾਨ ਹਨ ਉਹ ਇਸ ਨੂੰ ਜ਼ਰੂਰ ਜੁਆਇਨ ਕਰਨ।

ਇਸ ਤੋਂ ਪਹਿਲਾਂ ਵਧੀਕ ਡਿਪਟੀ ਕਮਿਸ਼ਨਰ ਡਾ. ਹਰਜਿੰਦਰ ਸਿੰਘ ਬੇਦੀ, ਐੱਸ.ਡੀ.ਐੱਮ. ਦੀਨਾਨਗਰ ਜਸਪਿੰਦਰ ਸਿੰਘ ਭੁੱਲਰ, ਐੱਸ.ਡੀ.ਐੱਮ. ਗੁਰਦਾਸਪੁਰ ਮਨਜੀਤ ਸਿੰਘ, ਸਹਾਇਕ ਕਮਿਸ਼ਨਰ ਰੁਪਿੰਦਰਪਾਲ ਸਿੰਘ, ਜ਼ਿਲ੍ਹਾ ਖੇਡ ਅਫ਼ਸਰ ਸਿਮਰਨਜੀਤ ਸਿੰਘ ਰੰਧਾਵਾ ਅਤੇ ਸਮਾਜ ਸੇਵੀ ਗੁਰਪ੍ਰਤਾਪ ਸਿੰਘ ਪੰਨੂ ਨੇ ਵੀ ਖਿਡਾਰੀਆਂ ਦੀ ਹੌਂਸਲਾ ਅਫ਼ਜਾਈ ਕੀਤੀ। ਇਸ ਮੌਕੇ ਸਰਪੰਚ ਗੁਰਜੀਵ ਸਿੰਘ ਬੱਬਰੀ, ਸਰਪੰਚ ਜਗਦੀਪ ਸਿੰਘ, ਸਰਪੰਚ ਅਮਨਦੀਪ ਸਿੰਘ, ਸਰਪੰਚ ਜਤਿੰਦਰਪਾਲ ਸਿੰਘ, ਜੋਤੀ ਹੱਲਾ ਅਤੇ ਬਲਾਕ ਪ੍ਰਧਾਨ ਰਣਜੀਤ ਸਿੰਘ ਤੇ ਗਾਈਡੈਂਸ ਕੌਂਸਲਰ ਪਰਮਿੰਦਰ ਸਿੰਘ ਸੈਣੀ ਆਦਿਸਨ।

# ਪੰਜਾਬੀ ਭਾਸ਼ਾ ਪ੍ਰਤੀ ਰੁਝਾਨ ਵਧਾਉਣ ਲਈ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕਿਤਾਬਾਂ ਦੀ ਵਿਸ਼ੇਸ਼ ਪ੍ਰਦਰਸ਼ਨੀ ਲਗਾਈ ਗਈ



**ਰੂਪ ਨਗਰ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ, ਪਟਿਆਲਾ ਦੇ ਆਦੇਸ਼ਾਂ ਅਨੁਸਾਰ ਜ਼ਿਲਾ ਭਾਸ਼ਾ ਦਫਤਰ ਰੂਪਨਗਰ ਦੇ ਕਲਰਕ ਸ੍ਰੀ ਕੁਲਵੰਤ ਸਿੰਘ ਵੱਲੋਂ ਪੰਜਾਬੀ ਭਾਸ਼ਾ ਦੇ ਪ੍ਰਚਾਰ-ਪਸਾਰ ਲਈ ਵਿਸ਼ੇਸ਼ ਯਤਨ ਕਰਦਿਆਂ ਕਿਤਾਬਾਂ ਦੀ ਪ੍ਰਦਰਸ਼ਨੀ ਲਗਾਈ ਗਈ। ਇਹ ਪ੍ਰਦਰਸ਼ਨੀ ਡਿਪਟੀ ਕਮਿਸ਼ਨਰ ਦਫ਼ਤਰ ਰੂਪਨਗਰ ਦੇ ਕੰਪਲੈਕਸ ਸਾਹਮਣੇ ਲਗਾਈ ਗਈ, ਜਿਸਦਾ ਉਦੇਸ਼ ਆਉਣ-ਜਾਣ ਵਾਲੇ ਲੋਕਾਂ, ਕਰਮਚਾਰੀਆਂ ਅਤੇ ਪਾਠਕਾਂ ਨੂੰ ਪੰਜਾਬੀ ਸਾਹਿਤ ਵੱਲ ਆਕਰਸ਼ਿਤ ਕਰਨਾ ਸੀ।

ਇਸ ਪ੍ਰਦਰਸ਼ਨੀ ਵਿੱਚ ਜ਼ਿਲ੍ਹੇ ਦੇ ਮਾਨਯੋਗ ਡਿਪਟੀ ਕਮਿਸ਼ਨਰ ਸਾਹਿਬ, ਸ੍ਰੀ ਵਰਜੀਤ ਵਾਲਿਆ ਜੀ ਵੱਲੋਂ ਕਿਤਾਬਾਂ ਦੀ ਪ੍ਰਦਰਸ਼ਨੀ ਵਿੱਚ ਸਮੂਹਲੀਅਤ ਕੀਤੀ ਗਈ ਅਤੇ ਉਹਨਾਂ ਵੱਲੋਂ ਜਿਲ੍ਹੇ ਦੀਆਂ ਸਰਵਜਨਿਕ ਥਾਵਾਂ ਤੇ ਵੱਧ ਤੋਂ ਵੱਧ ਪ੍ਰਦਰਸ਼ਨੀਆਂ ਲਗਾਉਣ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਨੇ ਪ੍ਰਦਰਸ਼ਿਤ ਕੀਤੀਆਂ ਪੰਜਾਬੀ ਕਿਤਾਬਾਂ ਦੀ ਸਰਾਹਨਾ ਕੀਤੀ ਅਤੇ ਭਾਸ਼ਾ ਪ੍ਰਤੀ ਆਪਣਾ ਪਿਆਰ ਪ੍ਰਗਟ ਕੀਤਾ ਇਸ ਤੋਂ ਇਲਾਵਾ ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਪੂਜਾ ਸਿਆਲ ਗਰੇਵਾਲ ਜੀ ਨੇ ਵੀ ਭਾਸ਼ਾ ਵਿਭਾਗ ਦੀਆਂ ਕਿਤਾਬਾਂ ਖਰੀਦ ਕੇ ਹੋਰ ਪਾਠਕਾਂ ਨੂੰ ਕਿਤਾਬਾਂ ਖਰੀਦਣ ਲਈ ਉਤਸ਼ਾਹਿਤ ਕੀਤਾ।

ਸਮੂਹ ਅਧਿਕਾਰੀਆਂ, ਕਰਮਚਾਰੀਆਂ ਅਤੇ ਆਮ ਪਬਲਿਕ ਨੇ ਵੀ ਇਸ ਪ੍ਰਦਰਸ਼ਨੀ ਵਿੱਚ ਕਾਫੀ ਦਿਲਚਸਪੀ ਦਿਖਾਈ। ਇਸ ਦੌਰਾਨ ਸਾਹਿਤਕਾਰਾਂ, ਪੰਜਾਬੀ ਭਾਸ਼ਾ ਪ੍ਰੇਮੀਆਂ ਅਤੇ ਦਫਤਰੀ ਕੰਮਾਂ ਕਾਰਾਂ ਲਈ ਆਏ ਹੋਏ ਲੋਕਾਂ ਨੇ ਵੀ ਪ੍ਰਦਰਸ਼ਨੀ ਨੂੰ ਦੇਖ ਕੇ ਪੰਜਾਬੀ ਭਾਸ਼ਾ ਪ੍ਰਤੀ ਆਪਣਾ ਸਨੇਹ ਅਤੇ ਸਮਰਪਣ ਦਰਸਾਇਆ। ਇਹ ਦੱਸਣਾ ਵੀ ਮਹੱਤਵਪੂਰਨ ਹੈ ਕਿ ਇਹ ਪ੍ਰਦਰਸ਼ਨੀ ਪੰਜਾਬੀ ਸਾਹਿਤ ਅਤੇ ਭਾਸ਼ਾ ਨਾਲ ਲੋਕਾਂ ਦੇ ਨਿੱਘੇ ਤਾਲੁਕ ਵਧਾਉਣ ਵਿੱਚ ਮਦਦਗਾਰ ਸਾਬਤ ਹੋ ਰਹੀ ਹੈ। ਜ਼ਿਲਾ ਭਾਸ਼ਾ ਦਫਤਰ, ਰੂਪਨਗਰ ਵੱਲੋਂ ਭਵਿੱਖ ਵਿੱਚ ਵੀ ਐਸੀਆਂ ਗਤੀਵਿਧੀਆਂ ਕਰਵਾਈਆਂ ਜਾਣਗੀਆਂ ਤਾਂ ਜੋ ਪੰਜਾਬੀ ਭਾਸ਼ਾ ਨੂੰ ਉੱਚੇ ਪੱਧਰ ਤੇ ਮਜਬੂਤ ਕੀਤਾ ਜਾ ਸਕੇ।

# ਪ੍ਰਧਾਨਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਲਈ ਰਜਿਸਟਰੇਸ਼ਨ ਦੀ ਅੰਤਿਮ ਮਿਤੀ 15 ਅਗਸਤ

**ਫਾਜ਼ਿਲਕਾ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਿਲਾ ਅਤੇ ਬਾਲ ਵਿਕਾਸ ਮੰਤਰਾਲਾ, ਭਾਰਤ ਸਰਕਾਰ ਜੀ ਵਲੋਂ ਪ੍ਰਾਪਤ ਪੱਤਰ ਅਨੁਸਾਰ ਮਾਨਯੋਗ ਪ੍ਰਧਾਨਮੰਤਰੀ ਵਲੋਂ ਪ੍ਰਧਾਨਮੰਤਰੀ ਰਾਸ਼ਟਰੀ ਬਾਲ ਪੁਰਸਕਰ (PMRBP) ਹਰ ਸਾਲ ਉਹਨਾਂ ਬੱਚਿਆਂ ਨੂੰ ਦਿੱਤਾ ਜਾਂਦਾ ਹੈ

ਜਿਨ੍ਹਾਂ ਬੱਚਿਆਂ ਨੇ ਅਸਾਧਾਰਨ ਬਹਾਦਰੀ ਦਾ ਕੰਮ ਕੀਤਾ ਹੋਵੇ, ਸਪੇਸ਼ਲ ਬੱਚੇ ਜਿਨ੍ਹਾ ਵਿੱਚ ਅਸਾਧਾਰਨ ਯੋਗਤਾਵਾਂ ਨਾਲ ਵਿਸੇਸ਼ ਅਸਾਧਾਰਣ ਉਪਲਬਧੀਆਂ ਹਾਸਿਲ ਕੀਤੀਆਂ ਹੋਣ।

ਉਹ ਅਸਧਾਰਨ ਬੱਚੇ ਜਿਨ੍ਹਾ ਨੇ ਖੇਡਾਂ, ਸਮਾਜ ਸੇਵਾ, ਵਿਗਿਆਨ ਅਤੇ ਤਕਨਾਲੋਜੀ, ਵਾਤਾਵਰਣ, ਕਲਾ ਅਤੇ ਸੱਭਿਆਚਾਰ ਅਤੇ ਨਵੀਨਤਾ ਦੇ ਖੇਤਰਾਂ ਵਿੱਚ, ਜੋ ਕਿ ਰਾਸ਼ਟਰੀ ਪੱਧਰ 'ਤੇ ਮਾਨਤਾ ਦੇ ਹੱਕਦਾਰ ਹਨ । ਜੋ ਬੱਚੇ ਭਾਰਤ ਦੇ ਨਾਗਰਿਕ ਹਨ ਅਤੇ ਅਰਜੀ ਦੇਣ ਦੀ ਅੰਤਿਮ ਮਿਤੀ ਤੱਕ 18 ਸਾਲ ਤੋਂ ਘੱਟ ਉਮਰ ਦੇ ਹਨ ਅਤੇ ਮੰਗੀ ਗਈ ਯੋਗਤਾ ਵਾਲੇ ਬੱਚੇ ਪ੍ਰਧਾਨਮੰਤਰੀ ਰਾਸ਼ਟਰੀ ਬਾਲ ਪੁਰਸਕਾਰ (PMRBP) ਦੀ ਵੈਬਸਾਈਟ https://awards.gov.in ਤੇ ਆਪਣਾ ਰਜਿਸਟ ?ੇਸ਼ਨ ਕਰ ਸਕਦੇ ਹਨ9 ਵੈਬਸਾਇਟ ਤੇ ਰਜਿਸਟ ?ੇਸ਼ਨ ਦੀ ਅੰਤਿਮ ਮਿਤੀ 15.08.2025 ਤੱਕ ਹੈ9 ਅਵਾਰਡ ਵਿੱਚ ਇੱਕ ਮੈਡਲ ਹੁੰਦਾ ਹੈ, ਜੋ ਕਿ ਮਾਨਯੋਗ ਪ੍ਰਧਾਨਮੰਤਰੀ ਜੀ ਵਲੋਂ ਦਿਤਾ ਜਾਂਦਾ ਹੈ 9

ਇਸ ਤੋਂ ਇਲਾਵਾਂ ਵੀਰਤਾ ਪੁਰਸਕਾਰ ਲਈ ਚਰਚਿਤ "ਭਾਰਤੀ ਬਾਲ ਕਲਿਆਣ ਪਰਿਸ਼ਦ"ਨੂੰ ਮਹਿਲਾ ਅਤੇ ਬਾਲ ਵਿਕਾਸ ਮੰਤਰਾਲਾ, ਭਾਰਤ ਸਰਕਾਰ ਵਲੋਂ ਕੋਈ ਮਾਨਤਾ ਜਾਂ ਸਹਾਇਤਾ ਦਿਤੀ ਜਾਂਦੀ ਹੈ ਇਸ ਲਈ "ਭਾਰਤੀ ਬਾਲ ਕਲਿਆਣ ਪਰਿਸ਼ਦ"ਵਲੋਂ ਜਾਰੀ ਕਿਸੇ ਵੀ ਤਰ੍ਹਾ ਦੇ ਰਾਸ਼ਟਰੀ ਬਾਲ ਪੁਰਸਕਰ ਲਈ ਰਜਿਸਟ ?ੇਸ਼ਨ ਨਾ ਕੀਤਾ ਜਾਵੇ 9 ਸਿਰਫ ਪ੍ਰਧਾਨਮੰਤਰੀ ਰਾਸ਼ਟਰੀ ਬਾਲ ਪੁਰਸਕਰ (PMRBP) ਦੀ ਵੈਬਸਾਈਟ https://awards.gov.in ਤੇ ਆਪਣਾ ਰਜਿਸਟ ?ੇਸ਼ਨ ਕਰ ਸਕਦੇ ਹਨ 9

ਮਾਨਯੋਗ ਡਿਪਟੀ ਕਮਿਸ਼ਨਰ ਫਾਜ਼ਿਲਕਾ ਨੇ ਅਪੀਲ ਕੀਤੀ ਹੈ ਕਿ ਇਹ ਪੁਰਸ਼ਾਰ ਪਹਿਲਾ ਰਾਸ਼ਟਰੀ ਪੁਰਸਕਾਰ ਹੈ ਇਸ ਲਈ ਜਿਲ੍ਹੇ ਦੇ ਅਜਿਹੇ ਬੱਚਿਆਂ ਦਾ ਰਜਿਸਟਰੇਸ਼ਨ ਕਰਵਾਇਆ ਜਾਵੇ ਤਾਂ ਜੋਨ ਇਨ੍ਹਾ ਬੱਚਿਆਂ ਨੂੰ ਇੱਕ ਵਖਰੀ ਪਹਿਚਾਨ ਮਿਲ ਸਕੇ9 ਵਧੇਰੀ ਜਾਣਕਾਰੀ ਲਈ ਰੀਤੂ ਬਾਲਾ ਜਿਲ੍ਹਾ ਬਾਲ ਸੁਰੱਖਿਆ ਅਫਸਰ ਫਾਜ਼ਿਲਕਾ, ਕਮਰਾ ਨੰ 405, ਤੀਜੀ ਮੰਜਿਲ ਮੋਬਾਇਲ ਨੰ 9501008979 ਤੇ ਸੰਪਰਕ ਕੀਤਾ ਜਾ ਸਕਦਾ ਹੈ

# ਡੀ.ਏ.ਵੀ ਸਕੂਲ ਤੇ ਚੌਧਰੀ ਬਲਬੀਰ ਸਿੰਘ ਪਬਲਿਕ ਸਕੂਲ ਵਿਖੇ ਕਰਵਾਇਆ ਕਰੀਅਰ ਗਾਈਡੈਂਸ ਪ੍ਰੋਗਰਾਮ



**ਹੁਸ਼ਿਆਰਪੁਰ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ ਰਮਨਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ-ਕਮ-ਮਾਡਲ ਕਰੀਅਰ ਸੈਂਟਰ ਹੁਸ਼ਿਆਰਪੁਰ ਵਲੋਂ ਡੀ.ਏ.ਵੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹੁਸ਼ਿਆਰਪੁਰ ਅਤੇ ਚੌਧਰੀ ਬਲਬੀਰ ਸਿੰਘ ਪਬਲਿਕ ਸਕੂਲ ਹੁਸ਼ਿਆਰਪੁਰ ਵਿਖੇ ਦਸਵੀਂ, ਗਿਆਰਵੀਂ ਅਤੇ ਬਾਰ੍ਹਵੀਂ ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਭਵਿੱਖ ਦੇ ਕਰੀਅਰ ਚੋਣ ਸਬੰਧੀ ਕਰੀਅਰ ਗਾਈਡੈਂਸ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।

ਪ੍ਰੋਗਰਾਮ ਦੀ ਸ਼ੁਰੂਆਤ ਕਰਦੇ ਹੋਏ ਕਰੀਅਰ ਕਾਊਂਸਲਰ ਵਿਸ਼ਾਲ ਚਾਵਲਾ ਨੇ ਵਿਦਿਆਰਥੀਆਂ ਨੂੰ ਰੋਜ਼ਗਾਰ ਬਿਊਰੋ ਦੀ ਮਹੱਤਤਾ ਬਾਰੇ ਦੱਸਦੇ ਹੋਏ ਰੋਜ਼ਗਾਰ ਬਿਊਰੋ ਰਾਹੀਂ ਦਿੱਤੀਆਂ ਜਾਂਦੀਆਂ ਸਹੂਲਤਾਂ, ਜਿਵੇਂ ਕਿ ਬੱਚਿਆਂ ਦੇ ਭਵਿੱਖ ਦੇ ਕਰੀਅਰ ਲਈ ਕੀਤੀ ਜਾਂਦੀ ਕਰੀਅਰ ਕਾਊਂਸਲਿੰਗ, ਵੱਖ-ਵੱਖ ਸਟ ?ੀਮਾਂ ਦੀ ਪੜ੍ਹਾਈ, ਆਈ.ਟੀ.ਆਈ ਕੋਰਸ, ਡਿਪਲੋਮਾ ਅਤੇ ਡਿਗਰੀ ਕੋਰਸਾਂ ਬਾਰੇ ਜਾਣਕਾਰੀ ਦਿੱਤੀ।

ਇਸੇ ਤਰ੍ਹਾਂ ਪਲੇਸਮੈਂਟ ਸੈੱਲ ਦੁਆਰਾ ਕੀਤੇ ਜਾਂਦੇ ਨੌਕਰੀਆਂ ਦੇ ਉਪਰਾਲੇ, ਰੋਜ਼ਗਾਰ ਬਿਊਰੋ ਰਾਹੀਂ ਦਿੱਤੀ ਜਾਂਦੀ ਮੁਫ਼ਤ ਇੰਟਰਨੈੱਟ ਸੁਵਿਧਾ, ਸਵੈ-ਰੋਜ਼ਗਾਰ ਸਕੀਮਾਂ, ਸ਼ਾਰਟ-ਟਰਮ ਤਕਨੀਕੀ ਕੋਰਸਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਪੰਜਾਬ ਸਰਕਾਰ ਦੀਆਂ ਵੱਖ-ਵੱਖ ਨੌਕਰੀਆਂ ਅਤੇ ਬੈਂਕਿੰਗ ਸੈਕਟਰ ਦੀਆਂ ਨੌਕਰੀਆਂ ਬਾਰੇ ਵੀ ਜਾਣਕਾਰੀ ਦਿੱਤੀ।

ਇਸ ਉਪਰੰਤ ਫੂਡ ਕ੍ਰਾਫਟ ਇੰਸਟੀਚਿਊਟ ਤੋਂ ਅਸ਼ਵਨੀ ਕੁਮਾਰ ਕੁੰਡਲ ਨੇ ਵਿਦਿਆਰਥੀਆਂ ਨੂੰ ਹੋਟਲ ਮੈਨੇਜਮੈਂਟ ਦੇ ਸਰਟੀਫਿਕੇਟ, ਡਿਪਲੋਮਾ ਅਤੇ ਡਿਗਰੀ ਕੋਰਸਾਂ ਬਾਰੇ ਜਾਣਕਾਰੀ ਦਿੱਤੀ।

ਇਸ ਦੇ ਨਾਲ ਹੀ ਉਨ੍ਹਾਂ ਸਰਕਾਰ ਵਲੋ ਮੁਫ਼ਤ ਚਲਾਏ ਜਾਂਦੇ ਕੋਰਸਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਕੋਰਸਾਂ ਨੂੰ ਕਰਨ ਉਪਰੰਤ ਵਿਦਿਆਰਥੀ ਆਪਣਾ ਖ਼ੁਦ ਦਾ ਕੰਮ ਸਥਾਪਿਤ ਕਰਨ ਅਤੇ ਦੂਸਰਿਆ ਨੂੰ ਰੋਜ਼ਗਾਰ ਦੇਣ ਦੇ ਕਾਬਲ ਹੋ ਸਕਦੇ ਹਨ।

ਡਿਪਾਰਟਮੈਂਟ ਆਫ ਕਰੀਅਰ ਗਾਈਡੈਂਸ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਫਗਵਾੜਾ ਵਰੁਣ ਨਈਅਰ ਨੇ ਵਿਦਿਅਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਉਹ ਕੋਰਸ ਕਰਨੇ ਚਾਹੀਦੇ ਹਨ, ਜਿਸ ਦੀ ਅਜੋਕੇ ਸਮੇ ਵਿਚ ਜਰੂਰਤ ਹੈ।

ਇਸ ਨਾਲ ਉਹ ਨਾ ਸਿਰਫ ਆਪਣੇ ਮਨਪਸੰਦ ਖੇਤਰ ਵਿਚ ਨੌਕਰੀ ਲੱਭ ਸਕਦੇ ਹਨ, ਸਗੋਂ ਜੇ ਚਾਹੁਣ ਤਾਂ ਆਪਣਾ ਕਾਰੋਬਾਰ ਵੀ ਸੁਰੂ ਕਰ ਸਕਦੇ ਹਨ ।ਇਸ ਕਰੀਅਰ ਗਾਈਡੈਂਸ ਪ੍ਰੋਗਰਾਮ ਦੌਰਾਨ ਸਬੰਧਤ ਦੋਵਾਂ ਸਕੂਲ ਦੇ ਸਮੂਹ ਸਟਾਫ ਅਤੇ 180 ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ ਪੂਰਵਕ ਭਾਗ ਲਿਆ।

ਇਸ ਮੌਕੇ ਪ੍ਰਿੰਸੀਪਲ ਡੀ.ਏ.ਵੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਜੇਸ਼ ਕੁਮਾਰ ਅਤੇ ਪ੍ਰਿੰਸੀਪਲ ਚੌਧਰੀ ਬਲਬੀਰ ਸਿੰਘ ਪਬਲਿਕ ਸਕੂਲ ਹੁਸ਼ਿਆਰਪੁਰ ਏ.ਐਸ. ਬੇਦੀ ਨੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਹੁਸ਼ਿਆਰਪੁਰ ਦਾ ਦਿਲੋਂ ਧੰਨਵਾਦ ਕਰਦੇ ਹੋਏ ਭਵਿੱਖ ਵਿਚ ਵੀ ਇਸ ਤਰ੍ਹਾਂ ਦੇ ਸੈਮੀਨਾਰ ਲਗਾਉਣ ਲਈ ਕਿਹਾ।

# ਨਿੱਜੀ ਹਸਪਤਾਲ ਦੇ ਡਾਕਟਰ ਦਾ ਚਾਕੂ ਮਾਰ ਕੇ ਕਤਲ



**ਜੀਂਦ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜੀਂਦ ਜ਼ਿਲ੍ਹੇ ਵਿੱਚ ਬਦਮਾਸ਼ਾਂ ਨੇ ਵੀਰਵਾਰ ਦੇਰ ਰਾਤ ਭਾਜਪਾ ਦੇ ਸਾਬਕਾ ਮੰਡਲ ਪ੍ਰਧਾਨ ਦੇ ਪੁੱਤਰ ਅਤੇ ਸਫੀਦੋਂ ਦੇ ਨਿੱਜੀ ਹਸਪਤਾਲ ਦੇ ਸੰਚਾਲਕ ਡਾ. ਵਿਕਾਸ ਸ਼ਰਮਾ ਦਾ ਚਾਕੂ ਮਾਰ ਕੇ ਕਤਲ ਕਰ ਦਿੱਤਾ।

ਇਹ ਵਾਰਦਾਤ ਉਸ ਸਮੇਂ ਹੋਈ ਜਦੋਂ ਡਾ. ਵਿਕਾਸ ਸ਼ਰਮਾ ਆਪਣੇ ਰਿਸ਼ਤੇਦਾਰ ਅਤੇ ਇੱਕ ਡਾਕਟਰ ਦੋਸਤ ਨਾਲ ਘਰ ਪਰਤ ਰਹੇ ਸਨ।

ਦੱਸਿਆ ਜਾ ਰਿਹਾ ਹੈ ਕਿ ਡਾ. ਵਿਕਾਸ ਆਪਣੇ ਰਿਸ਼ਤੇਦਾਰ ਅਤੇ ਦੋਸਤ ਨਾਲ ਰਾਤ ਕਰੀਬ 11 ਵਜੇ ਸਫੀਦੋਂ ਦੇ ਰਾਮਪੁਰਾ ਰੋਡ ਤੋਂ ਲੰਘ ਰਹੇ ਸਨ ਤਾਂ ਅਣਪਛਾਤੇ ਹਮਲਾਵਰਾਂ ਨੇ ਉਨ੍ਹਾਂ ਨੂੰ ਘੇਰ ਲਿਆ।

ਪਹਿਲਾਂ ਬਹਿਸ ਹੋਈ ਅਤੇ ਫਿਰ ਬਦਮਾਸ਼ਾਂ ਨੇ ਚਾਕੂਆਂ ਨਾਲ ਤੇਜ਼ੀ ਨਾਲ ਹਮਲਾ ਕਰ ਦਿੱਤਾ। ਇਸ ਵਿੱਚ ਡਾ. ਵਿਕਾਸ ਸ਼ਰਮਾ ਨੂੰ ਗੰਭੀਰ ਸੱਟਾਂ ਲੱਗੀਆਂ ਅਤੇ ਬਾਅਦ ਵਿੱਚ ਉਨ੍ਹਾਂ ਦੀ ਮੌਤ ਹੋ ਗਈ, ਜਦੋਂ ਕਿ ਉਨ੍ਹਾਂ ਦੇ ਦੋਵੇਂ ਸਾਥੀ ਗੰਭੀਰ ਰੂਪ ਵਿੱਚ ਜ਼ਖਮੀ ਹਨ। ਇਸ ਵਾਰਦਾਤ ਤੋਂ ਬਾਅਦ ਜ਼ਖਮੀਆਂ ਨੂੰ ਪਾਣੀਪਤ ਦੇ ਨਿੱਜੀ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਵਿਕਾਸ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲੀਸ ਅਧਿਕਾਰੀਆਂ ਵੱਲੋਂ ਇਸ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਮ੍ਰਿਤਕ ਡਾ. ਵਿਕਾਸ ਸ਼ਰਮਾ ਦੇ ਪਿਤਾ ਅਤੇ ਸਫੀਦੋਂ ਭਾਜਪਾ ਦੇ ਸਾਬਕਾ ਮੰਡਲ ਪ੍ਰਧਾਨ ਸ਼ਿਵ ਕੁਮਾਰ ਨੇ ਸਫੀਦੋਂ ਦੇ ਭਾਜਪਾ ਵਿਧਾਇਕ ਰਾਮਕੁਮਾਰ ਗੌਤਮ ਨੂੰ ਕੋਸਦੇ ਹੋਏ ਕਿਹਾ ਕਿ ਉਨ੍ਹਾਂ ਨੇ ਰਾਤ ਨੂੰ ਵਿਧਾਇਕ ਨਾਲ ਗੱਲ ਕੀਤੀ ਸੀ।

ਵਿਧਾਇਕ ਨੇ ਕਿਹਾ ਕਿ ਉਹ ਸਵੇਰੇ ਗੱਲ ਕਰਨਗੇ। ਵਿਕਾਸ ਸ਼ਰਮਾ ਦੇ ਪਿਤਾ ਨੇ ਕਿਹਾ ਕਿ ਉਨ੍ਹਾਂ ਦੇ ਇਕਲੌਤੇ ਪੁੱਤਰ ਦਾ ਕਤਲ ਹੋ ਗਿਆ ਅਤੇ ਵਿਧਾਇਕ ਨੂੰ ਉਨ੍ਹਾਂ ਨਾਲ ਗੱਲ ਕਰਨ ਦੀ ਫੁਰਸਤ ਨਹੀਂ। ਸ਼ਿਵ ਕੁਮਾਰ ਨੇ ਕਿਹਾ ਕਿ ਮੌਜੂਦਾ ਮੁੱਖ ਮੰਤਰੀ ਨਾਇਬ ਸੈਣੀ ਤੋਂ ਹਰਿਆਣਾ ਸੰਭਾਲਿਆ ਨਹੀਂ ਜਾ ਰਿਹਾ। ਸੈਣੀ ਨਾਲੋਂ ਮਨੋਹਰ ਲਾਲ ਬਿਹਤਰ ਸਨ। ਭਾਜਪਾ ਨੇਤਾ ਸ਼ਿਵ ਕੁਮਾਰ ਇੱਥੇ ਹੀ ਨਹੀਂ ਰੁਕੇ। ਉਨ੍ਹਾਂ ਕਿਹਾ ਕਿ ਜੀਂਦ ਵਿੱਚ ਪੁਲੀਸ ਥਾਣੇ ਵਿਕ ਰਹੇ ਹਨ।

ਜੀਂਦ ਜ਼ਿਲ੍ਹੇ ਵਿੱਚ ਕਤਲ ਦੀਆਂ ਵਾਰਦਾਤਾਂ ਰੁਕਣ ਦਾ ਨਾਮ ਨਹੀਂ ਲੈ ਰਹੀਆਂ। ਪਿਛਲੇ ਡੇਢ ਮਹੀਨੇ ਦੌਰਾਨ ਜ਼ਿਲ੍ਹੇ ਵਿੱਚ 10 ਕਤਲ ਹੋ ਚੁੱਕੇ ਹਨ।

ਜੀਂਦ ਪੁਲੀਸ ਬਦਮਾਸ਼ਾਂ ਅਤੇ ਅਪਰਾਧੀਆਂ 'ਤੇ ਲਗਾਮ ਲਗਾਉਣ ਵਿੱਚ ਪੂਰੀ ਤਰ੍ਹਾਂ ਅਸਮਰੱਥ ਸਾਬਿਤ ਹੋ ਰਹੀ ਹੈ।

ਇਸ ਨਾਲ ਲੋਕਾਂ ਦਾ ਭਰੋਸਾ ਜੀਂਦ ਪੁਲੀਹ ਤੋਂ ਉੱਠਣ ਲੱਗਾ ਹੈ। ਸੋਨੀਪਤ ਦੇ ਕਾਂਗਰਸ ਸੰਸਦ ਮੈਂਬਰ ਸਤਪਾਲ ਬ੍ਰਹਮਚਾਰੀ ਅਤੇ ਹਿਸਾਰ ਦੇ ਕਾਂਗਰਸ ਸੰਸਦ ਮੈਂਬਰ ਜੈਪ੍ਰਕਾਸ਼ ਅਤੇ ਸਫੀਦੋਂ ਦੇ ਸਾਬਕਾ ਵਿਧਾਇਕ ਸੁਭਾਸ਼ ਗਾਂਗੋਲੀ ਨੇ ਕਿਹਾ ਕਾਨੂੰਨ ਵਿਵਸਥਾ ਦਾ ਜਨਾਜ਼ਾ ਨਿਕਲ ਚੁੱਕਿਆ ਹੈ।

# ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਦੀ ਚੋਣ ਤੋਂ ਦੋ ਮਹੀਨੇ ਬਾਅਦ ਹੀ ਅੰਦਰੂਨੀ ਕਲ੍ਹਾ ਦਾ ਸ਼ਿਕਾਰ

**ਕਰਨਾਲ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਵਿੱਚ ਸਿੱਖਾਂ ਨੇ ਆਪਣੀ ਵੱਖਰੀ ਚੁਣੀ ਹੋਈ ਸੰਸਥਾ - ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ (Haryana Sikh Gurdwara Management Committee - HSGMC) ਹਾਸਲ ਕਰਨ ਲਈ ਤਿੰਨ ਦਹਾਕਿਆਂ ਤੋਂ ਵੱਧ ਸਮੇਂ ਤੱਕ ਸੰਘਰਸ਼ ਤੇ ਕਾਨੂੰਨੀ ਲੜਾਈਆਂ ਲੜੀਆਂ ਅਤੇ ਉਨ੍ਹਾਂ ਨੂੰ ਇਸ ਕਾਰਜ ਲਈ ਭਾਰੀ ਭਾਈਚਾਰਕ ਲਾਮਬੰਦੀ ਵੀ ਕਰਨੀ ਪਈ। ਇਸ ਦੇ ਬਾਵਜੂਦ ਮੌਜੂਦਾ ਪ੍ਰਧਾਨ ਦੀ ਚੋਣ ਅਤੇ ਨਵੇਂ ਅਹੁਦੇਦਾਰਾਂ ਦੇ ਐਲਾਨ ਤੋਂ ਮਹਿਜ਼ ਦੋ ਮਹੀਨਿਆਂ ਤੋਂ ਵੀ ਘੱਟ ਸਮੇਂ ਦੌਰਾਨ ਹੀ ਸੂਬੇ ਦੇ ਸਿੱਖ ਭਾਈਚਾਰੇ ਨੂੰ ਸੰਸਥਾ ਸੰਕਟ ਵਿੱਚ ਫਸੀ ਦਿਖਾਈ ਦੇ ਰਹੀ ਹੈ। ਕਮੇਟੀ ਦੇ ਪਿਛਲੇ ਬਜਟ ਵਿੱਚ ਕਥਿਤ ਮਾਲੀ ਗੜਬੜ ਦੇ ਦੋਸ਼ ਲਗਾਏ ਜਾਣ ਤੋਂ ਬਾਅਦ ਇਸ 'ਚ ਅੰਦਰੂਨੀ ਫੁੱਟ ਉੱਭਰ ਆਈ ਹੈ।

ਹਰਿਆਣਾ ਵਿੱਚ ਗੁਰਦੁਆਰਿਆਂ ਦੇ ਪ੍ਰਬੰਧਨ ਲਈ ਵੱਖਰੀ ਕਮੇਟੀ ਦੀ ਮੰਗ 1990ਵਿਆਂ ਅਖੀਰ ਵਿੱਚ ਸ਼ੁਰੂ ਹੋਈ, ਜਦੋਂ ਭਾਈਚਾਰੇ ਦੇ ਮੈਂਬਰਾਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਤੋਂ ਵੱਖਰੀ ਕਮੇਟੀ ਦੀ ਮੰਗ ਕੀਤੀ। ਇਸ ਤੋਂ ਪਹਿਲਾਂ ਹਰਿਆਣਾ ਦੇ ਇਤਿਹਾਸਕ ਗੁਰਦੁਆਰਿਆਂ ਦਾ ਪ੍ਰਬੰਧ ਐਸਜੀਪੀਸੀ ਹੀ ਕਰਦੀ ਸੀ। ਸਾਲ 2005 ਦੀਆਂ ਹਰਿਆਣਾ ਵਿਧਾਨ ਸਭਾ ਚੋਣਾਂ ਦੌਰਾਨ ਇਸ ਮੁੱਦੇ ਨੇ ਜ਼ੋਰ ਫੜਿਆ ਅਤੇ ਕਾਂਗਰਸ ਨੇ ਹਰਿਆਣਾ ਦੇ ਸਿੱਖਾਂ ਦੀ ਇਹ ਮੰਗ ਪੂਰੀ ਕਰਨ ਦਾ ਵਾਅਦਾ ਕੀਤਾ।

ਸਾਲ 2020 ਵਿੱਚ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਪ੍ਰਧਾਨ ਬਣੇ। ਇਸ ਦੌਰਾਨ 2022 ਵਿੱਚ ਸੁਪਰੀਮ ਕੋਰਟ ਨੇ ਐਕਟ ਦੀ ਸੰਵਿਧਾਨਕ ਵਾਜਬੀਅਤ ਨੂੰ ਬਰਕਰਾਰ ਰੱਖਿਆ, ਜਿਸ ਨਾਲ ਭਾਜਪਾ ਸਰਕਾਰ ਲਈ ਇੱਕ ਹੋਰ ਐਡਹਾਕ ਕਮੇਟੀ ਨਿਯੁਕਤ ਕਰਨ ਦਾ ਰਾਹ ਪੱਧਰਾ ਹੋ ਗਿਆ।ਇਸ ਤਹਿਤ ਯਮੁਨਾਨਗਰ ਦੇ ਕਰਮਜੀਤ ਸਿੰਘ ਨੂੰ ਪ੍ਰਧਾਨ ਚੁਣਿਆ ਗਿਆ। ਬਾਅਦ ਵਿਚ ਕਰਮਜੀਤ ਸਿੰਘ ਦੀ ਥਾਂ ਭੁਪਿੰਦਰ ਸਿੰਘ ਅਸੰਧ ਨੇ ਪ੍ਰਧਾਨ ਵਜੋਂ ਜ਼ਿੰਮੇਵਾਰੀ ਸੰਭਾਲੀ। ਆਖ਼ਰ ਤਿੰਨ ਦਹਾਕੇ ਲੰਬੇ ਅੰਦੋਲਨ ਦੌਰਾਨ ਕਾਨੂੰਨੀ, ਸਿਆਸੀ ਅਤੇ ਭਾਈਚਾਰਕ ਸੰਘਰਸ਼ਾਂ ਤੋਂ ਬਾਅਦ 19 ਜਨਵਰੀ, 2025 ਨੂੰ ਪਹਿਲੀ ਵਾਰ ਕਮੇਟੀ ਦੀਆਂ ਆਮ ਚੋਣਾਂ ਹੋਈਆਂ।

ਪਹਿਲੀ ਵਾਰ ਹੋਈ ਸਿੱਧੀ ਚੋਣ ਵਿੱਚ ਸੂਬੇ ਭਰ ਦੇ ਸਿੱਖ ਭਾਈਚਾਰੇ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਕਮੇਟੀ ਦੇ 40 ਮੈਂਬਰਾਂ ਦੀ ਚੋਣ ਕੀਤੀ। ਚੋਣਾਂ ਵਿਚ 22 ਆਜ਼ਾਦ ਮੈਂਬਰ ਜੇਤੂ ਰਹੇ ਜਦੋਂਕਿ ਝੀਂਡਾ ਦੇ ਪੰਥਕ ਦਲ ਦੇ 9, ਹਰਿਆਣਾ ਸਿੱਖ ਪੰਥਕ ਦਲ ਦੇ 6 ਅਤੇ ਦੀਦਾਰ ਸਿੰਘ ਨਲਵੀ ਦੀ ਸਿੱਖ ਸਮਾਜ ਸੰਸਥਾ ਦੇ 3 ਮੈਂਬਰ ਚੁਣ ਗਏ।ਚੋਣ ਤੋਂ ਬਾਅਦ ਕੁਝ ਆਜ਼ਾਦ ਮੈਂਬਰਾਂ ਨੇ ਅਕਾਲ ਪੰਥਕ ਮੋਰਚਾ ਬਣਾਇਆ ਅਤੇ ਛੇ ਮੈਂਬਰਾਂ ਵਾਲੇ ਸਿੱਖ ਪੰਥਕ ਦਲ ਨਾਲ ਗੱਠਜੋੜ ਕੀਤਾ, ਪਰ ਬਾਅਦ ਵਿੱਚ ਕੁਝ ਮੈਂਬਰਾਂ ਨੇ ਸਮੂਹ ਛੱਡ ਦਿੱਤਾ ਅਤੇ ਇੱਕ ਹੋਰ ਸਮੂਹ ਦਾ ਸਮਰਥਨ ਕੀਤਾ। ਇਸ ਦੌਰਾਨ ਸਦਨ ਨੇ ਨੌਂ ਹੋਰ ਮੈਂਬਰਾਂ ਨੂੰ ਕੋ-ਆਪਟ ਕੀਤਾ ਅਤੇ ਮੈਂਬਰਾਂ ਦੀ ਗਿਣਤੀ 49 ਹੋ ਗਈ। ਇਸ ਦੌਰਾਨ ਜਨਰਲ ਹਾਊਸ ਨੇ ਝੀਂਡਾ ਨੂੰ ਕਮੇਟੀ ਦਾ ਪ੍ਰਧਾਨ ਚੁਣ ਲਿਆ।

# ਸਿਰਦਰਦ ਨਾ ਬਣ ਜਾਵੇ ਅੱਡੀ ਦਾ ਦਰਦ



ਅੱਡੀਆਂ ਸਾਡੇ ਸਰੀਰ ਦਾ ਮਹੱਤਵਪੂਰਨ ਅੰਗ ਹੁੰਦੀਆਂ ਹਨ ਜੋ ਸਾਰੇ ਸਰੀਰ ਦਾ ਭਾਰ ਆਪਣੇ ਉੱਪਰ ਲੈ ਕੇ ਚਲਦੀਆਂ ਹਨ। ਲਗਾਤਾਰ ਦਰਦ 'ਚ ਰਹਿਣ ਵਾਲੀਆਂ ਅੱਡੀਆਂ ਨਾਲ ਸਾਡੇ ਪੂਰੇ ਸਰੀਰਿਕ ਤੇ ਮਾਨਸਿਕ ਅਵਸਥਾ 'ਤੇ ਜ਼ਿਆਦਾ ਪ੍ਰਭਾਵ ਪੈਂਦਾ ਹੈ। ਇਸ ਲਈ ਦਰਦ ਨਾਲ ਪੀੜਿਤ ਰਹਿਣ ਵਾਲੀਆਂ ਅੱਡੀਆਂ ਨੂੰ ਇਲਾਜ ਤੇ ਦੇਖਭਾਲ ਦੀ ਲੋੜ ਪੈਂਦੀ ਹੈ।

## ਪਲਾਂਟਰ ਫੇਸੀਟਿਸ

ਜਦੋਂ ਅੱਡੀ ਦਾ ਦਰਦ ਪਲਾਂਟਰ ਫੇਸੀਟਿਸ ਕਰ ਕੇ ਹੁੰਦਾ ਹੈ ਤਾਂ ਲਾਪਰਵਾਹੀ ਨਾਲ ਉਹ ਵੱਡੀ ਸਮੱਸਿਆ ਬਣ ਜਾਂਦਾ ਹੈ। ਦਰਅਸਲ, ਪਲਾਂਟਰ ਫੇਸੀਟਿਸ ਪੈਰਾਂ ਦੇ ਥੱਲੇ ਹੋਣ ਵਾਲੀ ਇਕ ਦਰਦਨਾਕ ਸੋਜ ਹੈ। ਇਸਦਾ ਦਰਦ ਸਭ ਤੋਂ ਜ਼ਿਆਦਾ ਹੁੰਦਾ ਹੈ, ਜਦੋਂ ਤੁਸੀਂ ਸਵੇਰੇ ਪਹਿਲਾਂ ਪੈਰ ਜ਼ਮੀਨ 'ਤੇ ਰੱਖਦੇ ਹੋ ਜਾਂ ਲਗਾਤਾਰ ਕੁਝ ਦੇਰ ਬੈਠੇ ਜਾਂ ਲੰਮੇ ਪਏ ਰਹਿਣ ਤੋਂ ਬਾਅਦ ਖੜ੍ਹੇ ਹੁੰਦੇ ਹੋ। ਉਂਝ ਹੀ ਇਹ ਦਰਦ ਚਲਣ 'ਤੇ ਕੁਝ ਹੀ ਮਿੰਟਾਂ ਬਾਅਦ ਘੱਟ ਹੋ ਜਾਂਦਾ ਹੈ ਪਰ ਜ਼ਿਆਦਾ ਦੇਰ ਤਕ ਚੱਲਣ ਜਾਂ ਖੜ੍ਹੇ ਹੋਣ ਨਾਲ ਇਹ ਦਰਦ ਫੇਰ ਆ ਜਾਂਦਾ ਹੈ। ਸਕਦਾ ਹੈ ਪਰ ਮਧੂਮੇਹ ਨਾਲ ਪੀੜਿਤ ਲੋਕਾਂ, ਮੋਟੇ ਲੋਕਾਂ, ਗਰਭਵਤੀ ਔਰਤਾਂ, ਬਾਲੀਵੁੱਡ ਤੇ ਟੈਨਿਸ ਖਿਡਾਰੀਆਂ ਆਦਿ 'ਚ ਇਸ ਦਰਦ ਦਾ ਸ਼ੱਕ ਜ਼ਿਆਦਾ ਹੁੰਦਾ ਹੈ। ਜੇ ਇਸ ਤੋਂ ਬਾਅਦ ਵੀ ਅੱਡੀਆਂ ਦਾ ਦਰਦ ਲਗਾਤਾਰ ਬਣਿਆ ਰਹਿੰਦਾ ਹੈ ਤਾਂ ਇਸ ਲਈ ਮਾਹਿਰਾਂ ਦੀ ਸਲਾਹ ਲੈਣੀ ਚਾਹੀਦੀ ਹੈ। ਦਰਦ 'ਚ ਅਚਾਨਕ ਹੀ ਵਾਧਾ ਹੋਣਾ ਅਤੇ ਖੇਡ ਆਦਿ ਗਤੀਵਿਧੀਆਂ 'ਚ ਪਰੇਸ਼ਾਨੀ ਹੋਣਾ, ਪੈਦਲ ਚੱਲਣ ਨਾਲ ਵੀ ਅੱਡੀਆਂ 'ਚ ਦਰਦ ਰਹਿਣਾ, ਚਿੰਤਾ ਦੀ ਗੱਲ ਹੈ ਅੱਡੀ ਤੋਂ ਗੋਡਿਆਂ ਤਕ ਜਾਣ ਵਾਲੀ ਲੱਤ ਦੀਆਂ ਖਿੱਚੀਆਂ ਹੋਈਆਂ ਮਾਸਪੇਸ਼ੀਆਂ ਵੀ ਅੱਡੀ ਦੇ ਦਰਦ ਦਾ ਕਾਰਨ ਹੋ ਸਕਦੀਆਂ ਹਨ।

ਮੋਟਾਪਾ ਤੇ ਜ਼ਿਆਦਾ ਭਾਰ ਵਾਲੇ ਵਿਅਕਤੀ ਜਾਂ ਗਰਭਵਤੀ ਔਰਤਾਂ 'ਚ ਵੀ ਅੱਡੀਆਂ 'ਤੇ ਜ਼ਿਆਦਾ ਦਬਾਅ ਪੈਣ ਦਾ ਜੋਖ਼ਿਮ ਹੁੰਦਾ ਹੈ। ਲਗਾਤਾਰ ਦਬਾਅ ਦੇ ਚਲਦੇ ਉਨ੍ਹਾਂ 'ਚ ਫੈਕਚਰ ਦੇ ਹੋਣ ਦੇ ਕਰ ਕੇ ਵੀ ਲਗਾਤਾਰ ਦਰਦ ਰਹਿਣ ਲਗਦਾ ਹੈ। ਉਥੇ ਹੀ ਕੁਝ ਗ਼ਲਤ ਗਤੀਵਿਧੀਆਂ ਜਾਂ ਯੋਗ ਆਦਿ ਨਾਲ ਵੀ ਪ੍ਰਭਾਵ ਹੋ ਸਕਦਾ ਹੈ। ਤੀਸਰਾ ਮੁੱਖ ਕਾਰਨ ਕਾਲਸੇਨਿਅਲ ਐਡੋਫਿਸਾਈਟਿਸ ਹੈ ਜੋ ਕਿ ਇਕ ਅਜਿਹੀ ਪ੍ਰਸਥਿਤੀ ਹੈ ਜਿਹੜੀ ਕਿ ਲੜਕਿਆਂ ਨੂੰ 6 ਤੋਂ 10 ਸਾਲ ਦੀ ਉਮਰ 'ਚ ਪ੍ਰਭਾਵਿਤ ਕਰਦੀ ਹੈ।

### ਕੀ ਹੈ ਇਲਾਜ?

- ਹੀਲ ਵਾਲੀਆਂ ਚੱਪਲਾਂ ਨਹੀਂ ਪਹਿਨਣੀਆਂ ਚਾਹੀਦੀਆਂ। ਇਕ ਮੱਧ ਉੱਚੀ ਅੱਡੀ ਦੇ ਜੁੱਤੇ ਜਾਂ ਸੈਂਡਲ ਪਹਿਨੋ।
- ਟੁੱਟੀ, ਸਖ਼ਤ ਅਤੇ ਘਿਸੀਆਂ ਹੋਈਆਂ ਚੱਪਲਾਂ ਨਾ ਪਹਿਨੋ।

ਸਾਧਾਰਨ ਤੌਰ 'ਤੇ ਜੋ ਲੜਕੇ ਮੋਟਾਪੇ ਦਾ ਸ਼ਿਕਾਰ ਹੁੰਦੇ ਹਨ ਜਾਂ ਬਹੁਤ ਜ਼ਿਆਦਾ ਪਤਲੇ ਹੁੰਦੇ ਹਨ ਉਨ੍ਹਾਂ 'ਚ ਇਸ ਤਰ੍ਹਾਂ ਦੀ ਮੁਸ਼ਕਿਲ ਹੋ ਜਾਂਦੀ ਹੈ। ਵੱਖ-ਵੱਖ ਪ੍ਰਕਾਰ ਦੀ ਸਟ੍ਰੈਚਿੰਗ ਐਕਸਰਸਾਇਜ਼ ਅਤੇ ਆਰਾਮਦਾਇਕ ਜੁੱਤੀਆਂ ਪਹਿਨਣ ਇਸ ਨੂੰ ਘੱਟ ਕੀਤਾ ਜਾ ਸਕਦਾ ਹੈ। ਪਲਾਂਟਰ ਫੇਸੀਆ 'ਚ ਉਪਯੁਕਤ ਐਥਲੇਟਿਕ ਜੁੱਤੇ ਮਰੀਜ਼ਾਂ ਲਈ ਜ਼ਰੂਰੀ ਹੈ। ਇਸ ਤੋਂ ਇਲਾਵਾ ਜੇ ਤੁਸੀਂ ਕਿਸੇ ਵਿਸ਼ੇਸ਼ ਹਾਲਤ 'ਚ ਦਰਦ ਤੋਂ ਪਰੇਸ਼ਾਨ ਹੋ ਤਾਂ ਉਸ ਚੀਜ਼ ਨੂੰ ਵਾਰ-ਵਾਰ ਨਾ ਕਰੋ, ਜਿਸ ਨਾਲ ਦਰਦ ਹੁੰਦਾ ਹੈ। ਉੱਥੇ ਇਸਦੇ ਨਾਲ ਹੀ ਉਪਯੁਕਤ ਐਥਲੈਟਿਕਸ ਜੁੱਤੇ ਪਹਿਨਣਾ ਜ਼ਰੂਰੀ ਹੈ।

### ਕਾਰਨ

- ਇਸਦਾ ਸਭ ਤੋਂ ਵੱਡਾ ਕਾਰਨ ਹੈ- ਮੋਟਾਪਾ
- ਹੋਰ ਕਾਰਨ ਹਨ - ਗਠੀਆ ਅਤੇ ਮਧੂਮੇਹ। ਇਹ ਬਜ਼ੁਰਗ ਮਰੀਜ਼ਾਂ 'ਚ ਆਮ ਹੈ।
- ਘਿਸੇ ਹੋਏ, ਗ਼ਲਤ ਜੁੱਤੇ, ਖ਼ਰਾਬ ਫੀਟਿੰਗ ਜਾਂ ਖ਼ਰਾਬ ਗੁਣਵੱਤਾ ਦੇ ਜੁੱਤੇ ਸਮੱਸਿਆ ਵਧਾ ਸਕਦੇ ਹਨ।
- ਲੰਬੇ ਸਮੇਂ ਤਕ ਚੱਲਣ ਵਾਲੇ ਜਾਂ ਖੜ੍ਹੇ ਹੋਣ ਨਾਲ ਵੀ ਇਹ ਦਰਦ ਹੋ ਸਕਦਾ ਹੈ।
- ਜ਼ਿਆਦਾ ਆਰਾਮ ਵੀ ਇਸ ਦਰਦ ਦਾ ਕਾਰਨ ਹੋ ਸਕਦਾ ਹੈ। ਇਸ ਲਈ ਇਨ੍ਹਾਂ ਗੱਲਾਂ ਦਾ ਧਿਆਨ ਰੱਖੋ। •

# ਜੰਕ ਫੂਡ ਸਹੀ ਜਾਂ ਗ਼ਲਤ

ਖਾਣ ਪੀਣ ਨਾਲ ਆਦਤਾਂ 'ਚ ਤਬਦੀਲੀ ਆਉਂਦੀ ਰਹਿੰਦੀ ਹੈ। ਲੋਕ ਸੁਆਦ ਲਈ ਆਪਣੀ ਸਿਹਤ ਨੂੰ ਵੀ ਦਾਅ 'ਤੇ ਲਗਾ ਦਿੰਦੇ ਹਾਂ। ਪਹਿਲਾਂ ਬੱਚਿਆਂ ਦੇ ਟਿਫਿਨ 'ਚ ਆਲੂ-ਗੋਭੀ ਦੇ ਪਰੌਂਠੇ ਮਿਲਦੇ ਸੀ ਪਰ ਅੱਜ-ਕੱਲ੍ਹ ਘਰ ਦਾ ਖਾਣਾ ਆਊਟ ਆਫ਼ ਫੈਸ਼ਨ ਜਿਹਾ ਬਣਦਾ ਜਾ ਰਿਹਾ ਹੈ। ਕੈਨਟੀਨ ਤੋਂ ਮਿਲਣ ਵਾਲੇ ਸਮੋਸੇ, ਮੈਗੀ, ਬਰੈਡ ਪਕੌੜੇ ਖਾਣਾ ਜ਼ਿਆਦਾ ਪਸੰਦ ਕਰਦੇ ਹਨ। ਇਸ ਤਰ੍ਹਾਂ ਦੇ ਖਾਣ ਪੀਣ ਨਾਲ ਉਨ੍ਹਾਂ 'ਤੇ ਤਣਾਅ, ਕਬਜ਼, ਐਸਿਡੀਟੀ ਵਰਗੀ ਬਿਮਾਰੀਆਂ ਵੀ ਹੋਣੀਆਂ ਸ਼ੁਰੂ ਹੋ ਜਾਂਦੀਆਂ ਹਨ। ਜੇ ਘਰ ਦਾ ਖਾਣਾ ਖਾਧਾ ਜਾਵੇ ਤਾਂ 70 ਫ਼ੀਸਦੀ ਲੋਕਾਂ ਦੀਆਂ



ਬਿਮਾਰੀਆਂ ਆਪਣੇ ਆਪ ਹੀ ਖ਼ਤਮ ਹੋ ਜਾਣ। ਜੋ ਨੌਜਵਾਨ ਘਰ ਤੋਂ ਬਾਹਰ ਰਹਿ ਕੇ ਪੜ੍ਹਾਈ ਜਾਂ ਨੌਕਰੀ ਕਰਦੇ ਹਨ ਉਹ ਜ਼ਿਆਦਾ ਜੰਕ ਫ਼ੂਡ ਖਾਂਦੇ ਹਨ ਤੇ ਉਨ੍ਹਾਂ ਨੂੰ ਇਸ ਤਰ੍ਹਾਂ ਦੀਆਂ ਬਿਮਾਰੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਖਾਣ ਪੀਣ ਦੀਆਂ ਬਦਲ ਦੀਆਂ ਆਦਤਾਂ ਅੱਜ ਦੇ ਨੌਜਵਾਨਾਂ ਲਈ ਬਹੁਤ ਹੀ ਹਾਨੀਕਾਰਕ ਹੈ। ਠੀਕ ਰਹਿਣ ਲਈ ਜ਼ਰੂਰੀ ਹੈ ਪੌਸ਼ਟਿਕ ਭੋਜਨ ਨੂੰ ਖਾਧਾ ਜਾਵੇ ਤੇ ਜੰਕ ਫ਼ੂਡ ਨੂੰ ਬਾਏ ਬੋਲ ਦਿੱਤਾ ਜਾਵੇ ਕਿਉਂਕਿ ਜੇ ਸਾਡੀ ਸਿਹਤ ਠੀਕ ਹੈ ਤਾਂ ਹੀ ਅਸੀਂ ਆਪਣੇ ਜੀਵਨ ਨੂੰ ਵਧੀਆ ਤਰੀਕੇ ਨਾਲ ਬਤੀਤ ਕਰ ਸਕਦੇ ਹਾਂ। •



# ਜ਼ੀਰੇ ਦਾ ਕਮਾਲ

ਜ਼ੀਰਾ ਸਿਹਤ ਲਈ ਬਹੁਤ ਹੀ ਲਾਭਦਾਇਕ ਹੈ। ਇਹ ਖਾਣੇ 'ਚ ਇਸਤੇਮਾਲ ਹੋਣ ਵਾਲਾ ਪਦਾਰਥ ਹੈ ਇਸ ਨੂੰ ਜੇ ਅਸੀਂ ਸਹੀਂ ਤਰੀਕੇ ਨਾਲ ਜਾਣ ਲਈਏ ਤਾਂ ਕਦੀ ਵੀ ਬਿਮਾਰ ਨਾ ਹੋਈਏ। ਜ਼ੀਰਾ ਕਿਸ ਤਰ੍ਹਾਂ ਸਾਡੇ ਸਰੀਰ ਨੂੰ ਫ਼ਾਇਦਾ ਦਿੰਦਾ ਹੈ। ਵਿਟਾਮਿਨ ਏ ਈ ਨਾ ਭਰਪੂਰ ਵਿਟਾਮਿਨ ਈ ਪਾਇਆ ਜਾਂਦਾ ਹੈ ਜੋ ਸਿਹਤ ਲਈ ਬਹੁਤ ਹੀ ਲਾਭਦਾਇਕ ਹੈ ਇਸ 'ਚ ਕੁਝ ਇਸ ਤਰ੍ਹਾਂ ਦੇ ਤੱਤ ਹਨ ਜੋ ਸਿਹਤ ਨੂੰ ਚੁਸਤ ਬਣਾਉਂਦੇ ਹਨ। ਜੇ ਕਿਸੇ ਦੇ ਮੂੰਹ 'ਤੇ ਕਿਸੇ ਵੀ ਤਰ੍ਹਾਂ ਦੇ ਦਾਗ, ਪਿੰਪਲ ਜਾਂ ਥਬੇ ਜਾਂ ਇੰਫ਼ੈਕਸ਼ਨ ਹੋ ਗਈ ਹੋਵੇ ਤਾਂ ਥੋੜ੍ਹਾ ਜਿਹਾ ਜ਼ੀਰਾ ਪੀਸ ਕੇ ਕਿਸੇ ਵੀ ਫ਼ੇਸ ਪੈਕ 'ਚ ਮਿਲਾ ਕੇ ਆਪਣੇ ਮੂੰਹ 'ਤੇ ਲਗਾਉਣ ਨਾਲ ਅਰਾਮ ਮਿਲਦਾ ਹੈ। ਇਸ 'ਚ ਵਿਟਾਮਿਨ ਈ ਹੋਣ ਕਰਕੇ ਚਿਹਰੇ ਸਬੰਧੀ ਕੋਈ ਵੀ ਸਮੱਸਿਆ ਹੈ ਤਾਂ ਇਸ ਦੀ ਵਰਤੋਂ ਜ਼ਰੂਰ ਕਰੋ।

### ਘਟਦਾ ਹੈ ਭਾਰ

ਜ਼ੀਰੇ ਨਾਲ ਘਟ ਦਾ ਹੈ ਵਜਨ। ਇਸ 'ਚ ਪੌਸ਼ਕ ਤੱਤ ਤੇ ਐਂਟੀ ਆਕਸੀਡੈਟਸ ਮੇਟਾਬਾਲੀਜ਼ਮ ਨੂੰ ਵਧਾਉਂਦਾ ਹੈ ਜੋ ਪੇਟ ਦੀ ਚਰਬੀ ਨੂੰ ਘਟਾਉਂਦਾ ਹੈ। ਇਹ ਚਰਬੀ ਵਿਅਕਤੀ ਨੂੰ ਮੋਟਾ ਕਰਦੀ ਹੈ। ਮੋਟਾਪੇ ਨੂੰ ਦੂਰ ਕਰਨ ਲਈ ਜ਼ੀਰਾ ਇਸਤੇਮਾਲ ਕਰਨਾ ਚਾਹੀਦਾ ਹੈ।

- 3 ਗ੍ਰਾਮ ਜ਼ੀਰੇ ਨੂੰ ਪਾਣੀ 'ਚ ਮਿਲਾਓ ਇਸ 'ਚ ਕੁਝ-ਕੁ ਬੂੰਦਾਂ ਸ਼ਹਿਦ ਦੀਆਂ ਪਾਓ ਤੇ ਇਸ ਨੂੰ ਪੀਉ ਇਸ ਨਾਲ ਵੀ ਕਈ ਤਰ੍ਹਾਂ ਦੇ ਲਾਭ ਮਿਲਣਗੇ।
- ਸਬਜ਼ੀਆਂ ਦੇ ਸੂਪ 'ਚ ਇਕ ਚਮਚ ਜ਼ੀਰਾ ਪਾਉ।
- ਬਰਾਊਨ ਚਾਵਲਾਂ 'ਚ ਵੀ ਜ਼ੀਰਾ ਪਾ ਸਕਦੇ ਹਾਂ।
- ਇਹ ਸਿਰਫ਼ ਸੁਆਦ ਹੀ ਨਹੀਂ ਦਿੰਦਾ ਬਲਕਿ ਵਜਨ ਵੀ ਘਟ ਕਰਦਾ ਹੈ।
- 5 ਗ੍ਰਾਮ ਤਾਜ਼ੇ ਦਹੀ 'ਚ ਇਕ ਚਮਚ ਜ਼ੀਰਾ ਪਾਊਡਰ ਪਾ ਕੇ ਜੇ ਅਸੀਂ ਰੋਜ਼ ਖਾਂਦੇ ਹਾਂ ਤਾਂ ਇਹ ਵੀ ਵਜਨ ਨੂੰ ਘਟ ਕਰਨ 'ਚ ਬਹੁਤ ਮਦਦ ਕਰਦਾ ਹੈ।

### ਪੈਰਾਂ ਦੀ ਪਰੇਸ਼ਾਨੀ

ਜੇ ਪੈਰਾਂ 'ਚ ਕੰਬਣੀ ਜਾਂ ਦਰਦ ਮਹਿਸੂਸ ਹੋ ਰਹੀ ਹੈ ਤਾਂ ਇਸ ਨੂੰ ਅਣਗੌਲਿਆ ਨਾ ਕਰੋ। ਤੁਸੀਂ ਉਨ੍ਹਾਂ ਲੋਕਾਂ ਨੂੰ ਜ਼ਰੂਰ ਦੇਖਿਆ ਹੋਵੇਗਾ ਜੋ ਸੌਣ ਸਮੇਂ ਆਪਣੇ ਪੈਰਾਂ 'ਚ ਕੰਬਣੀ, ਖਿਚਾ ਜਾਂ ਦਰਦ ਦੀ ਸ਼ਿਕਾਇਤ ਕਰਦੇ ਹਨ। ਡਾਕਟਰ ਦੀ ਸਲਾਹ ਦੇ ਬਿਨਾਂ ਹੀ ਉਹ ਕੈਲਸ਼ੀਅਮ ਦੀ ਵਰਤੋਂ ਕਰਨ ਲਗ ਜਾਂਦੇ ਹਨ । •



# ਬਰਾਊਨ ਚਾਵਲ ਖਾਣ ਦੇ ਫ਼ਾਇਦੇ

ਜੇ ਬਰਾਊਨ ਚਾਵਲਾਂ ਦੀ ਸਫ਼ੈਦ ਚਾਵਲਾਂ ਨਾਲ ਤੁਲਨਾ ਕਰੀਏ ਤਾਂ ਇਹ ਬਹੁਤ ਪੌਸ਼ਟਿਕ ਹੁੰਦੇ ਹਨ। ਮੈਗਨੀਜ਼ ਤੇ ਫਾਸਫੋਰਸ, ਸਿਲੇਨੀਅਮ, ਤਾਂਬਾ ਤੇ ਨਿਆਸਿਨ ਕਾਫ਼ੀ ਮਾਤਰਾ 'ਚ ਪਾਇਆ ਜਾਂਦਾ ਹੈ। ਇਸ 'ਚ ਫ਼ਰਕ ਸਿਰਫ਼ ਇਹ ਹੀ ਹੁੰਦਾ ਹੈ ਕਿ ਸਫ਼ੈਦ ਚਾਵਲ ਨੂੰ ਬਣਾਉਣ ਸਮੇਂ ਮੁੱਖ ਪੌਸ਼ਕ ਪਦਾਰਥ ਨਿਕਲ ਜਾਂਦੇ ਹਨ। ਸਫ਼ੈਦ ਚਾਵਲ ਦਾ ਸੁਆਦ ਵਧੀਆ ਹੁੰਦਾ ਹੈ। ਜੇ ਸਿਹਤ ਦੀ ਗੱਲ ਕਰੀਏ ਤਾਂ ਬਰਾਊਨ ਚਾਵਲ ਦੇ 5 ਇਸ ਤਰ੍ਹਾਂ ਦੇ ਬਿਹਤਰੀਨ ਫ਼ਾਇਦੇ ਹਨ ਜਿਸ ਨੂੰ ਜਾਣਨ ਤੋਂ ਬਾਅਦ ਤੁਸੀ ਇਨ੍ਹਾਂ ਨੂੰ ਜ਼ਰੂਰ ਖਾਉਗੇ। ਬਰਾਊਨ ਚਾਵਲ ਭਾਰ ਘਟ ਕਰਨ 'ਚ ਕਾਫ਼ੀ ਮਦਦ ਕਰਦੇ ਹਨ। ਇਨ੍ਹਾਂ 'ਚ ਫ਼ਾਈਬਰ ਉੱਚ ਮਾਤਰਾ 'ਚ ਹੁੰਦੀ ਹੈ ਜੋ ਤੁਹਾਡੀ ਮਟਾਬਾਲਿਜ਼ਮ ਨੂੰ ਤੇਜ਼ ਦਿੰਦੀ ਹੈ। ਇਸ ਦੇ ਮੁਕਾਬਲੇ ਸਫ਼ੈਦ ਚਾਵਲਾਂ ਨੂੰ ਜ਼ਿਆਦਾ ਮਾਤਰਾ 'ਚ ਖਾਣ ਨਾਲ ਪੇਟ ਵਧਦਾ ਹੈ। ਬਰਾਊਨ ਚਾਵਲ ਖਾਣ ਨਾਲ ਪੇਟ ਘੱਟਦਾ ਹੈ ਜਿਸ ਕਰ ਕੇ ਵਜ਼ਨ ਘਟਾਉਣਾ ਆਸਾਨ ਹੋ ਜਾਂਦਾ ਹੈ।

### *ਚਮਚ ਨਾਲ ਖਾਣਾ ਖਾਣ ਨਾਲ ਨਹੀਂ ਮਿਲਦਾ ਲਾਭ*

*ਭਾਰਤੀ ਸਮਾਜ 'ਚ ਆਮ ਤੌਰ 'ਤੇ ਹੱਥ ਨਾਲ ਹੀ ਖਾਣਾ ਖਾਂਦੇ ਸੀ। ਹੁਣ ਸਮੇਂ ਦੇ ਨਾਲ-ਨਾਲ ਖਾਣਾ ਖਾਣ ਦਾ ਤਰੀਕਾ ਵੀ ਬਦਲ ਗਿਆ ਹੈ। ਹੁਣ ਲੋਕ ਹੱਥਾਂ ਤੋਂ ਜ਼ਿਆਦਾ ਚਮਚ ਨਾਲ ਭੋਜਨ ਕਰਨਾ ਪਸੰਦ ਕਰਦੇ ਹਨ ਪਰ ਸਾਫ਼ ਸੁਥਰੇ ਹੱਥਾਂ ਨਾਲ ਭੋਜਨ ਕਰਨਾ ਜ਼ਿਆਦਾ ਫ਼ਾਇਦੇਮੰਦ ਹੁੰਦਾ ਹੈ। ਇਸ ਫ਼ਾਇਦੇ ਨੂੰ ਬਹੁਤ ਘੱਟ ਲੋਕ ਜਾਣਦੇ ਹਨ।*

### ਡਾਇਬਟੀਜ਼ ਤੋਂ ਬਚਾਅ

ਬਰਾਊਨ ਚਾਵਲਾਂ 'ਚ ਸਫ਼ੈਦ ਚਾਵਲ ਦੀ ਤੁਲਨਾ 'ਚ ਘੱਟ ਗਲਾਈਸਿਮਕ ਇੰਡਕਟਸ ਹੁੰਦਾ ਹੈ ਇਸ ਨਾਲ ਬਲੱਡ ਸ਼ੂਗਰ ਲੈਵਲ ਵੱਧ ਨਹੀਂ ਸਕਦਾ। ਵਿਗਿਆਨੀਆਂ ਦੁਆਰਾ ਕੀਤੀ ਗਈ ਖੋਜ ਤੋਂ ਪਤਾ ਚੱਲਿਆ ਹੈ ਕਿ ਰੋਜ਼ਾਨਾ ਬਰਾਊਨ ਚਾਵਲ ਖਾਣ ਨਾਲ ਡਾਇਬਟੀਜ਼ ਦਾ ਖ਼ਤਰਾ 20 ਫ਼ੀਸਦੀ ਤਕ ਘੱਟ ਹੋ ਸਕਦਾ ਹੈ।

### ਕੋਲੈਸਟ੍ਰਾਲ ਘੱਟ ਕਰਦਾ ਹੈ

*ਅੱਜ-ਕੱਲ੍ਹ ਕੋਲੈਸਟ੍ਰਾਲ, ਨੌਜਵਾਨਾਂ ਨੂੰ ਵੀ ਪ੍ਰਭਾਵਿਤ ਕਰਨ ਲੱਗਾ ਹੈ। ਦਿਲ ਤੇ ਸਿਹਤ ਠੀਕ ਰੱਖਣ ਲਈ ਜ਼ਰੂਰੀ ਹੈ ਕਿ ਆਪਣਾ ਕਲੈਸਟ੍ਰਾਲ ਘਟਾਓ ਜੋ ਤੁਹਾਡੇ ਸਰੀਰ ਨੂੰ ਅਨੇਕਾਂ ਬਿਮਾਰੀਆਂ ਲਗਾ ਦਿੰਦਾ ਹੈ। ਬਰਾਊਨ ਚਾਵਲਾਂ 'ਚ ਅਨਸਚ੍ਰਟਡ ਤੇਲ ਹੁੰਦਾ ਹੈ ਜੋ ਤੁਹਾਡੇ ਕੋਲੈਸਟ੍ਰਾਲ ਨੂੰ ਘਟ ਕਰਨ 'ਚ ਮਦਦ ਕਰਦਾ ਹੈ। ਇਸ ਨਾਲ ਭਾਰ ਵੀ ਘਟਦਾ ਹੈ। ਇਸ ਕਰਕੇ ਇਸ ਦੀ ਵਰਤੋਂ ਜ਼ਰੂਰ ਕਰਨਾ ਚਾਹੀਦਾ ਹੈ। •*

# ਰੈੱਟ ਸਿੰਡਰੋਮ ਦੀ ਦਸਤਕ

ਡਾ. ਰਿਪੁਦਮਨ ਸਿੰਘ



ਭਾਵੇਂ ਇਹ ਰੋਗ ਸੰਸਾਰ ਵਿਚ ਬਹੁਤ ਹੀ ਘੱਟ ਮਿਕਦਾਰ ਅੰਦਰ ਵੇਖਣ ਨੂੰ ਮਿਲਦਾ ਹੈ ਪਰ ਫਿਰ ਵੀ ਇਸ ਦੀ ਦਸਤਕ ਭਾਰਤ ਵਿਚ ਮਹਿਸੂਸ ਕੀਤੀ ਗਈ ਹੈ। ਰੋਗ ਤਾਂ ਰੋਗ ਹੀ ਹੈ ਜਿਸ ਦੀ ਪਛਾਣ ਹੋਈ ਹੈ ਅਤੇ ਪਿਛਲੇ ਪੰਜ ਸਾਲ ਵਿਚ ਭਾਰਤ ਦੇ ਏਮਸ ਵਿਚ ਇਲਾਜ ਦੌਰਾਨ 150 ਬੱਚਿਆਂ ਵਿਚ ਰੈੱਟ ਸਿੰਡਰੋਮ ਪਾਇਆ ਗਿਆ। ਹੈਰਾਨੀ ਦੀ ਗੱਲ ਇਹ ਹੈ ਕਿ ਨਾਰਮਲ ਦਿਸਣ ਵਾਲੇ ਬੱਚਿਆਂ ਵਿਚ ਇਹ ਰੋਗ ਵੇਖਿਆ ਗਿਆ। ਇਸ ਰੋਗ ਵਿਚ ਬੱਚੇ ਨਾਰਮਲ ਐਕਟੀਵਿਟੀ ਕਰਦੇ ਹਨ ਜਿਸ ਨੂੰ ਮਾਪੇ ਨਜ਼ਰ-ਅੰਦਾਜ਼ ਕਰ ਦਿੰਦੇ ਹਨ। ਬੱਚਾ ਜੇ ਹਰ ਵਕਤ ਤਾਲੀ ਵਜਾਉਂਦਾ ਰਹੇ, ਸਰੀਰ ਨੂੰ ਹਿਲਾਉਂਦਾ ਰਹੇ, ਹੱਥ ਜ਼ਮੀਨ ਉੱਤੇ ਮਾਰਦਾ ਰਹੇ, ਹੱਥ ਧੋਂਦਾ ਰਹੇ ਜਾਂ ਟੈਪਿੰਗ ਕਰੇ ਤਾਂ ਇਹ ਲੱਛਣ ਰੈੱਟ ਸਿੰਡਰੋਮ ਦੇ ਹੋ ਸੱਕਦੇ ਹਨ।

ਪ੍ਰੈਗਨੈਂਸੀ ਦੌਰਾਨ ਅਬਨਾਰਮਲ ਕਰੋਮੋਜ਼ੋਮ ਮਿਲਣ ਤੋਂ ਇਸ ਸਿੰਡਰੋਮ ਦੀ ਰੋਗ ਦਾ ਖ਼ਤਰਾ ਰਹਿੰਦਾ ਹੈ। ਇਸ ਰੋਗ ਪ੍ਰਤੀ ਜਾਗਰੂਕ ਕਰਨ ਲਈ ਨੈਸ਼ਨਲ ਰੈੱਟ ਸਿੰਡਰੋਮ ਅਵੇਅਰਨੈੱਸ ਮੀਟ ਦਾ ਪ੍ਰਬੰਧ ਕੀਤਾ ਗਿਆ ਜਿਸ ਵਿਚ ਦੇਸ਼ ਵਿਦੇਸ਼ ਦੇ ਡਾਕਟਰਾਂ ਨੇ ਹਿੱਸਾ ਲਿਆ। ਅਕਤੂਬਰ ਨੂੰ ਰੈੱਟ ਸਿੰਡਰੋਮ ਜਾਗਰੂਕ ਮਹੀਨੇ ਦੇ ਰੂਪ ਵਿਚ ਮਨਾਇਆ ਜਾਂਦਾ ਹੈ।

ਐਕਸ ਕਰੋਮੋਜ਼ੋਮ ਕਾਰਨ ਲੜਕੀਆਂ ਵਿਚ ਰੈੱਟ ਸਿੰਡਰੋਮ ਦਾ ਰੋਗ ਜ਼ਿਆਦਾ ਵੇਖਿਆ ਜਾਂਦਾ ਹੈ। ਜੇ ਪ੍ਰੈਗਨੈਂਸੀ ਵਿਚ ਮੁੰਡਿਆਂ ਨੂੰ ਅਬਨਾਰਮਲ ਕਰੋਮੋਜ਼ੋਮ ਮਿਲਦੇ ਹਨ ਤਾਂ ਉਹ ਜਨਮ ਸਮੇਂ ਹੀ ਮਰ ਜਾਂਦੇ ਹਨ। ਲੜਕੀਆਂ ਨੂੰ ਮਾਂ ਦੀ ਕੁੱਖ ਵਿਚ ਇਹ ਸਿੰਡਰੋਮ ਮਿਲਦਾ ਹੈ ਜਿਸ ਦੇ ਲੱਛਣ ਜਨਮ ਦੇ 6 ਤੋਂ 18 ਮਹੀਨੇ ਵਿਚ ਵਿਖਾਈ ਦੇਣ ਲੱਗਦੇ ਹਨ। ਰੋਗ ਦੀ ਪਛਾਣ ਨਾ ਹੋਣ ਉੱਤੇ ਦੋ ਤੋਂ ਤਿੰਨ ਸਾਲ ਦੀ ਉਮਰ ਵਿਚ ਮਾਨਸਿਕ ਅਤੇ ਸਰੀਰਕ ਵਿਕਾਸ ਉੱਤੇ ਅਸਰ ਪੈਣਾ ਸ਼ੁਰੂ ਹੋ ਜਾਂਦਾ ਹੈ ਪਰ ਅਜੇ ਵੀ ਰੈੱਟ ਸਿੰਡਰੋਮ ਦੀ ਪਛਾਣ ਚੰਗੀ ਤਰ੍ਹਾਂ ਨਹੀਂ ਹੋ ਸਕੀ ਕਿਉਂ ਜੋ ਬਹੁਤੇ ਇਸ ਰੋਗ ਤੋਂ ਅਨਜਾਣ ਹਨ। ਇਕ ਅਨੁਮਾਨ ਅਨੁਸਾਰ 70 ਤੋਂ 80 ਫ਼ੀਸਦੀ ਮਾਮਲਿਆਂ ਦੀ ਪਛਾਣ ਨਹੀਂ ਹੋ ਸਕੀ। ਹਾਂ, ਦੋ ਸਾਲ ਪਹਿਲਾਂ ਇੰਡੀਅਨ ਰੈੱਟ ਸਿੰਡਰੋਮ ਫਾਊਂਡੇਸ਼ਨ ਬਣਾਇਆ ਗਿਆ ਹੈ।

ਸੱਚ ਤਾਂ ਇਹੋ ਹੈ ਕਿ ਨਾਰਮਲ ਲੱਛਣ ਹੋਣ ਕਾਰਨ ਜ਼ਿਆਦਾਤਰ ਬੱਚਿਆਂ ਵਿਚ ਇਸ ਰੋਗ ਦੀ ਪਛਾਣ ਨਹੀਂ ਹੁੰਦੀ। ਮਾਪੇ ਇਸ ਵੱਲ ਧਿਆਨ ਨਹੀਂ ਦਿੰਦੇ। ਇਸ ਰੋਗ ਵਿਚ ਐਕਸ ਕਰੋਮੋਜ਼ੋਮ ਨੂੰ ਵਜ੍ਹਾ ਮੰਨਿਆ ਜਾਂਦਾ ਹੈ। ਜੇ ਡੀਐੱਨਏ ਵਿਚ ਨਿਊਕਲਯੋਟਾਇਡ ਜ਼ਿਆਦਾ ਘੱਟ ਹੋਣ ਜਾਂ ਬਦਲ ਜਾਣ ਤਾਂ ਇਹ ਜੈਨੇਟਿਕ ਰੇਟ ਸਿੰਡਰੋਮ ਦੀ ਵਜ੍ਹਾ ਕਰਕੇ ਹੁੰਦਾ ਹੈ। ਨਿਊਕਲਯੋਟਾਇਡ ਦੇ ਮਿਊਟੇਸ਼ਨ ਦੀ ਗੜਬੜੀ ਹੋਣ ਉੱਤੇ ਏਮਈਸੀਪੀਟੂ ਜੀਨ ਦੀ ਕਮੀ ਹੋ ਜਾਂਦੀ ਹੈ। ਇਹ ਜੀਨ ਬਰੇਨ ਨੂੰ ਐਕਟਿਵ ਰੱਖਣ ਲਈ ਜ਼ਰੂਰੀ ਪ੍ਰੋਟੀਨ ਬਣਾਉਂਦਾ ਹੈ। ਏਮਈਸੀਪੀਟੂ ਜੀਨ ਐਕਸ ਜੀਨ ਵਿਚ ਹੁੰਦਾ ਹੈ। ਲੜਕੀਆਂ ਵਿਚ ਐਕਸ ਜੀਨ ਹੁੰਦਾ ਹੈ ਇਸ ਲਈ ਰੇਟ ਸਿੰਡਰੋਮ ਦੀ ਸ਼ਿਕਾਰ ਲੜਕੀਆਂ ਵਿਚ ਦੂਜਾ ਐਕਸ ਹੈਲਦੀ ਨਹੀਂ ਹੁੰਦਾ ਹੈ। ਅੱਜ ਇਹ ਵੀ ਸੱਚਾਈ ਸਾਹਮਣੇ ਆ ਰਹੀ ਹੈ ਕਿ ਬਹੁਤਿਆਂ ਕਰਕੇ ਮੁੰਡਿਆਂ ਦਾ ਗਰਭ ਵਿਚ ਮੌਤ ਹੋ ਜਾਣਾ ਕੋਈ ਟੂਣਾ ਟੰਮਕਿਆਂ ਦਾ ਅਸਰ ਨਹੀਂ ਸਗੋਂ ਮੁੰਡਿਆਂ ਵਿਚ ਵਾਈ ਐਕਸ ਹੁੰਦਾ ਹੈ ਇਸ ਲਈ ਇਕ ਐਕਸ ਖ਼ਰਾਬ ਹੋਣ 'ਤੇ ਅਜਿਹਾ ਬੱਚਾ ਜਨਮ ਹੀ ਨਹੀਂ ਲੈ ਪਾਉਂਦਾ।

ਅਸਲ ਵਿਚ 1966 ਅੰਦਰ ਐਂਡਰਿਆਸ ਰੇਟ ਨਾਂ ਦੇ ਡਾਕਟਰ ਨੇ ਇਸ ਰੋਗ ਦੀ ਖੋਜ ਕੀਤੀ ਸੀ ਇਸ ਵਜ੍ਹਾ ਕਰਕੇ ਇਸ ਦਾ ਨਾਂ ਰੇਟ ਸਿੰਡਰੋਮ ਰੱਖਿਆ ਗਿਆ ਹੈ। ਡੀਐੱਨਏ ਜਾਂਚ ਤੋਂ ਇਸ ਰੋਗ ਦਾ ਪਤਾ ਚੱਲ ਜਾਂਦਾ ਹੈ। ਰੋਗ ਦੀ ਪਛਾਣ ਪਿੱਛੋਂ ਦਵਾਈ ਦਿੱਤੀ ਜਾਂਦੀ ਹੈ ਫਿਜੀਓਥੈਰੇਪੀ ਅਤੇ ਆਕਿਊਪੇਸ਼ਨ ਥੈਰੇਪੀ ਜ਼ਰੀਏ ਇਲਾਜ ਕੀਤਾ ਜਾਂਦਾ ਹੈ। ਧਿਆਨ ਦੇਣ ਦੀ ਲੋੜ ਹੈ ਕਿ ਇਸ ਰੋਗ ਦਾ ਸਟੀਕ ਇਲਾਜ ਅਜੇ ਵੀ ਉਪਲੱਬਧ ਨਹੀਂ ਹੈ। ਵਿਗਿਆਨੀ ਸਮਾਜ ਦੀ ਦਸ਼ਾ ਸੁਧਾਰਨ ਲਈ ਪ੍ਰਯਤਨਸ਼ੀਲ ਹਨ। •

ਮੋਬਾਈਲ : 9815200134



# ਗ਼ਲਤ ਆਦਤਾਂ ਅੱਖਾਂ ਨੂੰ ਪਹੁੰਚਾ ਰਹੀਆਂ ਨੇ ਨੁਕਸਾਨ

ਅੱਖਾਂ ਸਰੀਰ ਦਾ ਅਨਮੋਲ ਹਿੱਸਾ ਹੈ। ਇਸ ਨਾਲ ਅਸੀਂ ਦੁਨੀਆ ਦਾ ਹਰ ਇਕ ਰੰਗ ਦੇਖ ਸਕਦੇ ਹਾਂ ਇਸ ਦੇ ਬਾਰੇ ਅਸੀ ਕਲਪਨਾ ਵੀ ਨਹੀਂ ਕਰ ਸਕਦੇ ਪਰ ਕਈ ਵਾਰ ਗਲਤੀ ਨਾਲ ਮਿੱਟੀ ਜਾਂ ਮੱਛਰ ਚੱਲਾ ਜਾਵੇ ਤਾਂ ਸਮੱਸਿਆ ਆ ਜਾਂਦੀ ਹੈ। ਸਾਡੀਆਂ ਕੁਝ-ਕੁ ਗਲਤੀਆਂ ਅੱਖਾਂ ਦਾ ਨੁਕਸਾਨ ਕਰ ਦਿੰਦੀਆਂ ਹਨ। ਆਓ ਜਾਣੀਏ ਅੱਖਾਂ ਨੂੰ ਕਿਸ ਤਰ੍ਹਾਂ ਦੀਆਂ ਚੀਜ਼ਾਂ ਨੁਕਸਾਨ ਪਹੁੰਚਾ ਸਕਦੀਆਂ ਹਨ।

### ਲੈਨਜ਼ ਲਗਾਉਣਾ

ਅੱਜ-ਕੱਲ੍ਹ ਲੋਕ ਫ਼ੈਸ਼ਨ ਦੇ ਤੌਰ 'ਤੇ ਵੀ ਲੈਨਜ਼ ਲੱਗਾ ਲੈਂਦੇ ਹਨ। ਹਰੀ, ਨੀਲੀ ਤੇ ਇਸ ਤੋਂ ਬਿਨਾ ਆਊਟਫਿਟ ਦੇ ਨਾਲ ਮੈਚਿੰਗ(ਨਾਲ ਮਿਲਦੇ) ਲੈਨਜ਼ ਲਗਾਉਣਾ ਆਮ ਜਿਹੀ ਗੱਲ ਹੋ ਗਈ ਹੈ। ਕਈ ਲੋਕ ਅੱਖਾਂ ਦੀ ਰੌਸ਼ਨੀ ਘੱਟ ਹੋਣ ਦੇ ਕਾਰਨ ਐਨਕਾਂ ਤੋਂ ਬਚਣ ਲਈ ਕਾਂਟੈਕਟ ਲੈਨਜ਼ ਲਗਾਉਂਦੇ ਹਨ। ਲੈਨਜ਼ ਲਗਾਉਣ ਲਈ ਸਾਫ਼- ਸਫ਼ਾਈ ਦਾ ਬਹੁਤ ਧਿਆਨ ਰੱਖਣਾ ਪੈਂਦਾ ਹੈ। ਥੋੜ੍ਹੀ ਜਿਹੀ ਵੀ ਗ਼ੰਦਗੀ ਹੋਣ ਨਾਲ ਅੱਖਾਂ 'ਚ ਇੰਫ਼ੈਕਸ਼ਨ ਹੋਣ ਦਾ ਡਰ ਰਹਿੰਦਾ ਹੈ। ਇਸ ਦਾ ਇਸਤੇਮਾਲ ਕਰ ਰਹੇ ਹੈ ਤਾਂ ਇਸ ਗੱਲ ਦਾ ਧਿਆਨ ਰੱਖੋ ਕਿ ਸਾਰਾ ਦਿਨ ਲੈਨਜ਼ ਨਾ ਲੱਗਾ ਕੇ ਰੱਖੋ। ਸੌਣ ਸਮੇਂ ਤੇ ਨਹਾਉਣ ਸਮੇਂ ਇਸ ਨੂੰ ਉਤਾਰ ਦੇਣਾ ਚਾਹੀਦਾ ਹੈ। ਗ਼ਲਤ ਆਈਡ੍ਰੋਪ ਕਈ ਵਾਰ ਅੱਖਾਂ 'ਚ ਖਾਰਿਸ਼ ਜਾਂ ਜਲਨ ਹੋਣ 'ਤੇ ਘਰ ਪਿਆ ਆਈਡ੍ਰੋਪ ਜਾਂ ਡਾਕਟਰ ਦੀ ਸਲਾਹ ਤੋਂ ਬਿਨਾ ਹੀ ਅਸੀਂ ਅੱਖਾਂ 'ਚ ਪਾ ਲੈਂਦੇ ਹਾਂ। ਆਈਡ੍ਰੋਪ ਅੱਖਾਂ 'ਚ ਪਾਉਣ ਤੋਂ ਪਹਿਲਾਂ ਚੰਗੇ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ। •

### *ਗੰਦੇ ਹੱਥਾਂ ਦਾ ਇਸਤੇਮਾਲ ਨਾ ਕਰੋ*

*ਅੱਖਾਂ 'ਚ ਖਾਰਿਸ਼ ਹੋਣ ਨਾਲ ਇਨ੍ਹਾਂ ਨੂੰ ਗੰਦੇ ਹੱਥਾਂ ਨਾਲ ਮਲਣਾ ਹਾਨੀਕਾਰਕ ਹੋ ਸਕਦਾ ਹੈ। ਇਸ ਨਾਲ ਅੱਖਾਂ 'ਚ ਖਾਰਿਸ਼ ਤੇ ਲਾਲੀ ਆ ਸਕਦੀ ਹੈ।*

# ਫ਼ਾਇਦੇ ਮਸਾਲਿਆਂ ਦੇ

### ਹਿੰਗ

**ਕਈ** ਵਾਰ ਪੇਟ ਦਾ ਦਰਦ ਸਾਨੂੰ ਪ੍ਰੇਸ਼ਾਨ ਕਰਦਾ ਹੈ ਪਰ ਇਹ ਦਰਦ ਹਿੰਗ ਨੂੰ ਤੜਕਣ ਨਾਲ ਖਾਣੇ ਦਾ ਸੁਆਦ ਲਾਜਵਾਬ ਹੋ ਜਾਂਦਾ ਹੈ ਇਕ ਚਮਚ ਦੇਸੀ ਘਿਉ 'ਚ ਥੋੜ੍ਹੀ ਜਿਹੀ ਹਿੰਗ ਮਿਲਾ ਦੇ ਖਾਣ ਨਾਲ ਦਰਦ ਤੋਂ ਛੁਟਕਾਰਾ ਪਾ ਸਕਦੇ ਹਾਂ। ਇਸ ਤੋਂ ਬਿਨਾਂ ਕਾਲਾ ਨਮਕ, ਪੁਦੀਨੇ ਦਾ ਰਸ, ਨਿੰਬੂ ਦਾ ਰਸ, ਅਦਰਕ ਦਾ ਰਸ ਪੀਣ ਨਾਲ ਵੀ ਦਰਦ ਤੋਂ ਰਾਹਤ ਮਿਲਦੀ ਹੈ।

### ਦੰਦ ਦਾ ਦਰਦ

ਲੋਕ ਦੰਦਾਂ ਦੇ ਦਰਦ ਲਈ ਕਈ ਓਹੜ-ਪੋਹੜ ਕਰਦੇ ਹਨ। ਇਸ ਤੋਂ ਬਿਨਾ ਦੰਦ 'ਚ ਦਰਦ ਹੋਣ ਨਾਲ ਨਮਕ, ਕਾਲੀ ਮਿਰਚ ਤੇ ਪਾਣੀ ਦਾ ਪੇਸਟ ਬਣਾ ਕੇ ਦੰਦਾਂ 'ਤੇ ਲਗਾਉ। ਕੱਚਾ ਪਿਆਜ ਖਾਣ ਨਾਲ ਵੀ ਦੰਦਾਂ ਦਾ ਦਰਦ ਠੀਕ ਹੋ ਜਾਂਦਾ ਹੈ।

### ਦਵਾਈਆਂ ਤੋਂ ਜ਼ਿਆਦਾ ਵਰਤਿਆ ਜਾਂਦਾ ਹੈ ਮਸਾਲਾ

ਰਸੋਈ 'ਚ ਇਸਤੇਮਾਲ ਕੀਤਾ ਜਾਂਦਾ ਹੈ ਮਸਾਲਾ। ਖ਼ੁਸ਼ਬੂ ਦੇ ਨਾਲ-ਨਾਲ ਸੁਆਦ ਹੋਰ ਵੀ ਜ਼ਿਆਦਾ ਦਿੰਦਾ ਹੈ। ਮਸਾਲੇ ਤੋਂ ਬਿਨਾਂ ਖਾਣੇ ਨੂੰ ਅਧੂਰਾ ਮੰਨਿਆ ਜਾਂਦਾ ਹੈ ਪਰ ਤੁਸੀ ਜਾਣਦੇ ਹੋ ਕਿ ਇਹ ਸਿਰਫ਼ ਸੁਆਦ ਹੀ ਨਹੀਂ ਸਿਹਤ ਦੇ ਲਈ ਵੀ ਬਹੁਤ ਲਾਭਦਾਇਕ ਹੈ। ਕਈ ਤਰ੍ਹਾਂ ਦੀਆਂ ਬਿਮਾਰੀਆਂ ਤੋਂ ਛੁਟਕਾਰਾ ਪਾਉਣ ਲਈ ਮਸਾਲਾ ਫ਼ਾਇਦੇਮੰਦ ਹੈ। ਵੱਖੋ-ਵੱਖਰੇ ਮਸਾਲੇ ਬਹੁਤ ਸਾਰੀਆਂ ਦਵਾਈਆਂ 'ਚ ਵਰਤੇ ਜਾਂਦੇ ਹਨ ਪਰ ਇਨ੍ਹਾਂ ਨੂੰ ਮਾਹਰ ਦੀ ਸਲਾਹ ਤੋਂ ਬਿਨਾਂ ਕਦੇ ਨਾ ਵਰਤੋਂ।

# ਔਰਤਾਂ ਲਈ ਫ਼ਾਇਦੇਮੰਦ ਹੈ ਇਹ ਯੋਗ ਆਸਣ

ਯੋਗ ਆਸਣ ਦਾ ਸਿੱਧਾ ਤਾਲੁਕ ਸਾਡੇ ਸਰੀਰ ਅਤੇ ਸਿਹਤ ਨਾਲ ਹੁੰਦਾ ਹੈ। ਇਸ ਲਈ ਇਹ ਬਹੁਤ ਲਾਭਦਾਇਕ ਹੈ। ਇਸ ਨਾਲ ਅੱਜ-ਕੱਲ੍ਹ ਦੇ ਲਾਈਫ਼ਸਟਾਈਲ ਕਾਰਨ ਹੋਣ ਵਾਲੀਆਂ ਕਈ ਬਿਮਾਰੀਆਂ ਕੰਟਰੋਲ ਹੋ ਸਕਦੀਆਂ ਹਨ। ਸਿਰਫ਼ ਇਹ ਹੀ ਨਹੀਂ, ਔਰਤਾਂ ਵੀ ਇਸ ਦਾ ਫ਼ਾਇਦਾ ਲੈ ਸਕਦੀਆਂ ਹਨ। ਇਸ ਨਾਲ ਹੋਣ ਵਾਲੀਆਂ ਬਿਮਾਰੀਆਂ ਨੂੰ ਰੋਕਿਆ ਜਾ ਸਕਦਾ ਹੈ। ਇਸ ਨੂੰ ਕਰਨ ਤੋਂ ਯੋਗ ਮਾਹਿਰਾਂ ਦੀ ਸਲਾਹ ਜ਼ਰੂਰ ਲੈ ਲਓ...

### ਮਾਰਜਆਸਣ

- ਇਸ ਆਸਣ ਨੂੰ ਅਭਿਆਸ ਨਾਲ ਆਪਣੀ ਗਰਦਨ, ਮੋਢੇ ਅਤੇ ਪਿੱਠ 'ਚ ਜ਼ਿਆਦਾ ਲਚਕੀਲਾਪਨ ਆਉਂਦਾ ਹੈ।
- ਜ਼ਮੀਨ 'ਤੇ ਮੈਟ ਵਿਛਾ ਲਓ ਅਤੇ ਇਸ 'ਤੇ ਆਪਣੇ ਗੋਡੇ ਟਿਕਾ ਲਓ। ਅੱਗੇ ਤੋਂ ਝੁੱਕੋ ਅਤੇ ਆਪਣੇ ਹੱਥਾਂ ਨੂੰ ਵੀ ਜ਼ਮੀਨ 'ਤੇ ਰੱਖੋ। ਬਿਲਕੁਲ ਅਜਿਹੇ ਹੀ ਜਿਵੇਂ ਹੀ ਕੋਈ ਬੱਚਾ ਕ੍ਰਾਲ ਕਰਨਾ ਸ਼ੁਰੂ ਕਰਦਾ ਹੈ। ਇਸ ਸਥਿਤੀ 'ਚ ਆਪਣੀਆਂ ਬਾਹਾਂ ਨੂੰ ਸਿੱਧਾ ਰੱਖੋ।
- ਗਹਿਰਾ ਸਾਹ ਲਓ, ਆਪਣੀ ਪਿੱਠ ਨੂੰ ਅੰਦਰ ਲਿਜਾਓ ਅਤੇ ਉੱਪਰ ਦੇਖੋ। ਇਸ ਮੁਦਰਾ 'ਚ ਤਿੰਨ ਸੈਕਿੰਡ ਤਕ ਰਹੋ।
- ਹੁਣ ਵਾਪਸ ਉਸੇ ਸਥਿਤੀ 'ਚ ਆ ਜਾਓ, ਜਿੱਥੋਂ ਸ਼ੁਰੂਆਤ ਕੀਤੀ ਸੀ।
- ਇਹ ਪਹਿਲਾ ਰਾਊਂਡ ਸੀ। ਅਜਿਹੇ ਤੁਸੀਂ 10 ਰਾਊਂਡ ਕਰੋ।

### ਭੁਜੰਗਆਸਣ

- ਪੇਟ ਭਾਰ ਲੰਮੇ ਪਓ। ਤੁਹਾਡੇ ਪੈਰਾਂ ਦੀਆਂ ਤਲੀਆਂ 'ਚ ਗੈਪ ਹੋਵੇ ਪਰ ਪੈਰਾਂ ਦੇ ਅੰਗੂਠੇ ਜੋੜ ਲਓ। ਆਪਣੇ ਮੱਥੇ ਨੂੰ ਜ਼ਮੀਨ 'ਤੇ ਲੱਗਣ ਦਿਓ ਅਤੇ ਆਪਣੇ ਹੱਥਾਂ ਨੂੰ ਜ਼ਮੀਨ 'ਤੇ ਫਲੈਟ ਕਰ ਲਓ।
- ਇਸ ਆਸਣ ਦੇ ਅਭਿਆਸ ਨਾਲ ਤੁਹਾਡੇ ਪੇਟ ਦੀ ਚਰਬੀ ਘੱਟ ਹੁੰਦੀ ਹੈ, ਪਿੱਠ ਮਜ਼ਬੂਤ ਬਣਦੀ ਹੈ, ਕਈ ਰੋਗਾਂ ਨੂੰ ਆਰਾਮ ਮਿਲਦਾ ਹੈ ਅਤੇ ਕਬਜ਼ ਦੀ ਸਮੱਸਿਆ ਤੋਂ ਵੀ ਛੁਟਕਾਰਾ ਮਿਲਦਾ ਹੈ।
- ਸਾਹ ਲਓ, ਆਪਣੀ ਛਾਤੀ ਤੋਂ ਅੱਗੇ ਵੱਲ ਸਲਾਈਡ ਕਰੋ, ਉੱਪਰ ਦੇਖੋ। ਆਪਣੀ ਛਾਤੀ ਅਤੇ ਮੋਢਿਆਂ ਨੂੰ ਵੀ ਚੁੱਕੋ।
- ਤੁਹਾਡੀਆਂ ਕੋਹਣੀਆਂ ਥੋੜ੍ਹੀਆਂ ਮੁੜੀਆਂ ਹੋਈਆਂ ਹੋਣ ਪਰ ਸਰੀਰ ਅਤੇ ਕੋਹਣੀਆਂ 'ਚ ਜ਼ਿਆਦਾ ਅੰਤਰ ਨਾ ਹੋਵੇ।
- ਇਸ ਸਥਿਤੀ 'ਚ ਰਹਿਣ ਲਈ ਆਪਣੇ ਹੱਥਾਂ ਦਾ ਸਹਾਰਾ ਲਓ।
- ਸਾਹ ਛੱਡੋ ਅਤੇ ਉਸ ਸਥਿਤੀ 'ਚ ਆਓ, ਜਿੱਥੋਂ ਸ਼ੁਰੂਆਤ ਕੀਤੀ ਸੀ।

### ਕੁੰਭਾਸਣ

- ਇਸ ਸਥਿਤੀ ਦੇ ਅਭਿਆਸ ਨਾਲ ਤੁਸੀਂ ਬਾਂਹ, ਮੋਢੇ ਅਤੇ ਪਿੱਠ ਨੂੰ ਮਜ਼ਬੂਤੀ ਮਿਲੇਗੀ।
- ਪੇਟ ਭਾਰ ਲੇਟ ਜਾਓ। ਆਪਣੇ ਹੱਥ ਵੀ ਜ਼ਮੀਨ 'ਤੇ ਰੱਖੋ ਅਤੇ ਪੈਰਾਂ ਦੇ ਅੰਗੂਠੇ ਅੰਦਰ ਵੱਲ ਰੱਖੋ ਤੇ ਪੈਰਾਂ ਦੀਆਂ ਅੱਡੀਆਂ ਜੁੜੀਆਂ ਹੋਈਆਂ ਚਾਹੀਦੀਆਂ ਹਨ।
- ਇਸ ਸਥਿਤੀ 'ਚ ਆਪਣੀ ਛਾਤੀ ਚੁੱਕੋ ਅਤੇ ਫਿਰ ਪੇਟ।
- ਇਸ ਤੋਂ ਬਾਅਦ ਇਸ ਸਥਿਤੀ 'ਚ ਕਮਰ (ਲੱਕ) ਉਠਾਓ ਅਤੇ ਹੱਥਾਂ ਸਹਾਰੇ ਖੜ੍ਹੇ ਰਹੋ। ਹੌਲੀ ਹੌਲੀ ਸਾਹ ਲਓ ਅਤੇ 30-60 ਸੈਕਿੰਡ ਤਕ ਇਸ ਸਥਿਤੀ 'ਚ ਰਹੋ।
- ਫਿਰ ਉਸ ਸਥਿਤੀ 'ਚ ਆ ਜਾਓ, ਜਿੱਥੋਂ ਸ਼ੁਰੂਆਤ ਕੀਤੀ ਸੀ।

### ਸ਼ਸ਼ਾਂਆਸਣ

- ਇਸ ਆਸਣ ਦੇ ਅਭਿਆਸ ਨਾਲ ਰੀੜ ਦੀ ਹੱਡੀ ਮਜ਼ਬੂਤ ਹੁੰਦੀ ਹੈ, ਪਿੱਠ ਦੀਆਂ ਸਮੱਸਿਆਵਾਂ ਦੂਰ ਹੁੰਦੀਆਂ ਹਨ।
- ਆਪਣੇ ਮੋਢਿਆਂ ਦੇ ਭਾਰ, ਪੈਰ ਦੀਆਂ ਅੱਡੀਆਂ 'ਤੇ ਬੈਠ ਜਾਓ ਅਤੇ ਗੋਡੇ ਜੋੜ ਲਓ।
- ਤੁਹਾਡਾ ਸਿਰ ਅਤੇ ਪਿੱਠ ਸਿੱਧੀ ਹੋਣੀ ਚਾਹੀਦੀ ਹੈ।
- ਸਾਹ ਲਓ, ਆਪਣੇ ਹੱਥ ਸਿਰ ਉੱਪਰ ਲੈ ਜਾਓ ਅਤੇ ਸਿੱਧੇ ਰੱਖੋ। ਹੱਥ ਸਾਹਮਣੇ ਵੱਲ ਰੱਖੋ।
- ਸਾਹ ਛੱਡੋ ਅਤੇ ਹੌਲੀ-ਹੌਲੀ ਅੱਗੇ ਪਾਸੇ ਝੁਕਣਾ ਸ਼ੁਰੂ ਕਰ ਦਿਓ ਪਰ ਬਾਹਾਂ ਮੋੜੋ ਨਾ ਅਤੇ ਹੱਥ ਸਿੱਧੇ ਰਹਿਣ ਦਿਓ।
- ਹੁਣ ਤੁਹਾਡਾ ਮੱਥਾ ਜ਼ਮੀਨ ਨੂੰ ਛੂਵੇਗਾ ਅਤੇ ਹੱਥ ਜ਼ਮੀਨ 'ਤੇ ਫਲੈਟ ਰਹਿਣਗੇ ਪਰ ਹੱਥ ਸਿੱਧੇ ਰੱਖੋ।
- ਹੌਲੀ-ਹੌਲੀ ਸਾਹ ਲੈਂਦੇ ਰਹੋ ਅਤੇ 10 ਸੈਕਿੰਡ ਤਕ ਇਸ ਸਥਿਤੀ 'ਚ ਰਹੋ।
- ਹੁਣ ਸਾਹ ਲੈਂਦੇ ਹੋਏ ਉਸ ਸਥਿਤੀ 'ਚ ਆਓ, ਜਿੱਥੋਂ ਸ਼ੁਰੂਆਤ ਕੀਤੀ ਸੀ।
- ਇਸ ਤਰ੍ਹਾਂ ਲਗਾਤਾਰ ਅਭਿਆਸ ਕਰੋ। •



# ਟੀਬੀ ਰੋਗ ਦੇ ਲੱਛਣ ਆਯੂਰਵੈਦਿਕ ਤੇ ਇਲੈਕਟ੍ਰੋਹੋਮਿਓਪੈਥੀ 'ਚ ਇਲਾਜ

ਡਾ. ਅਮਰੀਕ ਸਿੰਘ ਕੰਡਾ

ਟੀਬੀ ਰੋਗ ਸੰਕਾਰਮਿਕ ਰੋਗ ਹੈ। ਤਪਦਿਕ ਦੇ ਮੂਲ ਲੱਛਣਾਂ 'ਚ ਖ਼ਾਂਸੀ ਦਾ ਤਿੰਨ ਹਫ਼ਤੇ ਤੋਂ ਜ਼ਿਆਦਾ ਰਹਿਣਾ, ਥੁੱਕ ਦਾ ਰੰਗ ਬਦਲ ਜਾਣਾ, ਥੁੱਕ 'ਚ ਖ਼ੂਨ ਆਉਣਾ, ਬੁਖ਼ਾਰ, ਥਕਾਨ, ਸੀਨੇ 'ਚ ਦਰਦ, ਭੁੱਖ ਘੱਟ ਲੱਗਣਾ ਸਾਹ ਲੈਣ ਵੇਲੇ ਖੰਘਣ ਵੇਲੇ ਦਰਦ ਹੋਣਾ। ਟੀਬੀ ਕੋਈ ਹੈਰੀਡਿਟੀ ਰੋਗ ਨਹੀਂ ਹੈ। ਇਹ ਕਿਸੇ ਨੂੰ ਵੀ ਹੋ ਸਕਦਾ ਹੈ। ਜਦੋਂ ਕੋਈ ਤੰਦਰੁਸਤ ਆਦਮੀ ਤਪਦਿਕ ਵਾਲੇ ਆਦਮੀ ਕੋਲ ਜਾਂਦਾ ਹੈ। ਉਸਦੇ ਖੰਘਣ ਨਾਲ ਜੀਵਾਣੂ ਹਵਾ 'ਚ ਫੈਲ ਜਾਂਦੇ ਹਨ। ਤੰਦਰੁਸਤ ਵਿਅਕਤੀ ਸਾਹ ਦੁਆਰਾ ਜੀਵਾਣੂ ਅੰਦਰ ਚਲੇ ਜਾਂਦੇ ਹਨ। ਇਸ ਤੋਂ ਇਲਾਵਾ ਜਿਹੜੇ ਲੋਕ ਜ਼ਿਆਦਾ ਮਾਤਰਾ 'ਚ ਸ਼ਰਾਬ, ਸਿਗਰਟ ਦਾ ਸੇਵਨ ਕਰਦੇ ਹਨ ਉਨ੍ਹਾਂ ਨੂੰ ਇਸ ਰੋਗ ਦੇ ਹੋਣ ਦੀ ਸੰਭਾਵਨਾ ਵੱਧ ਜਾਂਦੀ ਹੈ। ਇਸ ਰੋਗ ਤੋਂ ਬਚਣ ਲਈ ਸਾਫ਼-ਸਫ਼ਾਈ ਰੱਖੋ ਤੇ ਹਾਈਜੀਨਕ ਚੀਜ਼ਾਂ ਖਾਉ। ਜੇ ਕਿਸੇ ਨੂੰ ਇਹ ਰੋਗ ਹੋ ਗਿਆ ਹੈ ਤਾਂ ਤਰੁੰਤ ਆਪਣਾ ਥੁੱਕ ਦੀ ਜਾਂਚ ਕਰਵਾਓ। ਡਬਲਯੂ ਐੱਚ.ਓ ਦੁਆਰਾ ਡਾਟਸ ਡਰਿਕਟਲੀ ਆਬਸਰਵਡ ਟਰੀਟਮੈਂਟ ਦੇ ਅੰਤਰਗਰਤ ਆਪਣਾ ਇਲਾਜ ਕਰਵਾ ਕੇ ਪੂਰੀ ਤਰ੍ਹਾਂ ਠੀਕ ਹੋਣ ਦੀ ਪਹਿਲ ਕਰੋ। ਲੇਕਿਨ ਇਕ ਗੱਲ ਦਾ ਖ਼ਾਸ ਧਿਆਨ ਰੱਖਣਾ ਜ਼ਰੂਰੀ ਹੈ ਕਿ ਟੀਬੀ ਦਾ ਇਲਾਜ ਅੱਧਾ ਕਰ ਕੇ ਨਹੀਂ ਛੱਡਣਾ ਚਾਹੀਦਾ।

### ਟੀਬੀ ਦੇ ਲੱਛਣ

ਲੱਛਣਾਂ ਦੀ ਗੱਲ ਕਰੀਏ ਤਾਂ ਥਕਾਵਟ ਇਸਦਾ ਮੁੱਖ ਕਾਰਨ ਹੈ। ਖ਼ਾਂਸੀ ਲੱਗੀ ਰਹਿੰਦੀ ਹੈ। ਬਿਮਾਰੀ ਜ਼ਿਆਦਾ ਵੱਧਣ ਨਾਲ ਖ਼ਾਂਸੀ ਨਾਲ ਬਲਗਮ 'ਚ ਖ਼ੂਨ ਦੇ ਰੇਸ਼ੇ ਵੀ ਆਉਂਦੇ ਹਨ। ਸਾਹ ਛੋਟਾ ਹੋਣਾ ਇਸਦੇ ਲੱਛਣ ਹਨ। ਬੁਖ਼ਾਰ ਬਣਿਆ ਰਹਿੰਦਾ ਹੈ ਜਾਂ ਵਾਰ-ਵਾਰ ਹੁੰਦਾ ਹੈ। ਭਾਰ ਘੱਟ ਹੋਣ ਲਗਦਾ ਹੈ। ਰਾਤ ਨੂੰ ਜ਼ਿਆਦਾ ਪਸੀਨਾ ਆਉਂਦਾ ਹੈ। ਛਾਤੀ ਗੁਰਦੇ ਤੇ ਪਿੱਠ ਦਰਦ ਹੁੰਦਾ ਰਹਿੰਦਾ ਹੈ ।

### ਆਯੁਰਵੈਦਿਕ ਘਰੇਲੂ ਇਲਾਜ

ਸ਼ਹਿਦ 200 ਗ੍ਰਾਮ, ਮਿਸ਼ਰੀ 200 ਗ੍ਰਾਮ, ਗਾਂ ਦਾ ਘਿਉ 100 ਗ੍ਰਾਮ ਲੈ ਕੇ ਤਿੰਨਾਂ ਨੂੰ ਮਿਲਾਉ। ਛੇ-ਛੇ ਗ੍ਰਾਮ ਕਈ ਦਿਨ 'ਚ ਦਸ ਵਾਰ ਚਟਾਉ। ਗਾਂ ਜਾਂ ਬੱਕਰੀ ਦਾ ਦੁੱਧ ਪਿਲਾਉ। ਤਪਦਿਕ ਦਾ ਰੋਗ ਮਾਤਰ ਇਕ ਹਫ਼ਤੇ 'ਚ ਜੜ੍ਹ ਤੋਂ ਖ਼ਤਮ ਹੋ ਜਾਵੇਗਾ ।

- ਪਿੱਪਲ ਦੇ ਪਚਾਂਗ ਦੀ ਰਾਖ਼ 10 ਗ੍ਰਾਮ ਤੋਂ 10 ਗ੍ਰਾਮ ਤਕ ਬੱਕਰੀ ਦੇ ਗ਼ਰਮ ਦੁੱਧ ਚ ਮਿਲਾ ਕੇ ਹਰ ਰੋਜ਼ ਸੇਵਨ ਕਰਨ ਨਾਲ ਇਹ ਰੋਗ ਜੜ੍ਹ ਤੋਂ ਖ਼ਤਮ ਹੋ ਜਾਵੇਗਾ। ਇਸ 'ਚ ਜ਼ਰੂਰਤ ਅਨੁਸਾਰ ਮਿਸ਼ਰੀ ਜਾਂ ਸ਼ਹਿਦ ਮਿਲਾਓ।
- ਪੱਥਰ ਦੇ ਕੋਇਲੇ ਦੀ ਰਾਖ਼ ਜਿਹੜੀ ਕਿ ਇਕ ਦਮ ਸਫ਼ੈਦ ਹੋਵੇ ਅੱਧਾ ਗ੍ਰਾਮ ਮੱਖਣ ਮਲਾਈ ਜਾਂ ਦੁੱਧ ਨਾਲ ਸ਼ਾਮ ਨੂੰ ਖਾਓ। ਇਸ ਨਾਲ ਆਰਾਮ ਮਿਲੇਗਾ। ਟੀਬੀ ਦੇ ਜਿੰਨ੍ਹਾਂ ਮਰੀਜ਼ਾਂ ਦੇ ਫੇਫੜਿਆਂ 'ਚ ਖ਼ੂਨ ਆਉਂਦਾ ਹੈ ਉਨ੍ਹਾਂ ਲਈ ਇਹ ਨੁਸਖਾ ਬਹੁਤ ਲਾਭਕਾਰੀ ਹੈ ।
- ਲ਼ਸਣ ਦਾ ਐਲੀਸਿਨ ਤੱਤਵ ਟੀਬੀ ਦੇ ਜੀਵਾਣੂਆਂ ਨੂੰ ਰੋਕਦਾ ਹੈ। ਇਕ ਕੱਪ ਦੁੱਧ 'ਚ ਚਾਰ ਕੱਪ ਪਾਣੀ ਮਿਲਾ ਕੇ ਲਸਣ ਦੀਆਂ ਪੰਜ ਤੋਂ ਦਸ ਕਲੀਆਂ ਪੀਸ ਕੇ ਇਸ 'ਚ ਉਬਾਲੋ। ਜਦੋਂ ਚੌਥਾ ਹਿੱਸਾ ਰਹਿ ਜਾਵੇ ਇਸਨੂੰ ਅੱਗ ਤੋਂ ਉਤਾਰ ਲਓ ਤੇ ਠੰਢਾ ਹੋਣ 'ਤੇ ਪੀ ਲਓ। ਇਸ ਤਰ੍ਹਾਂ ਦਿਨ 'ਚ ਤਿੰਨ ਵਾਰ ਕਰਨਾ ਹੈ। ਦੂਜਾ ਤਰੀਕਾ ਇਹ ਹੈ ਕਿ ਇਕ ਗਲਾਸ ਗਰਮ ਦੁੱਧ 'ਚ ਲਸਣ ਦੀਆਂ ਦੱਸ ਬੂੰਦਾਂ ਪਾ ਕੇ ਰਾਤ ਨੂੰ ਸੌਣ ਵੇਲੇ ਪੀਓ।
- ਕੇਲਾ ਪੌਸ਼ਟਿਕ ਤੱਤਾਂ ਨਾਲ ਭਰਪੂਰ ਹੈ। ਪੱਕਾ ਕੇਲਾ ਅੱਧਾ ਕੱਪ ਦਹੀਂ ਤੇ ਇਕ ਕੱਪ ਨਾਰੀਅਲ ਪਾਣੀ 'ਚ ਮੈਸ਼ ਕਰ ਕੇ ਇਕ ਚਮਚ ਸ਼ਹਿਦ ਮਿਲਾਉ ਦਿਨ 'ਚ ਦੋ ਵਾਰ ਦਿਓ।
- ਸੰਤਰਾ ਫੇਫੜਿਆਂ ਲਈ ਬਹੁਤ ਹੀ ਲਾਭਕਾਰੀ ਹੈ। ਇਹ ਇਮਇਊਨ ਸਿਸਟਮ ਨੂੰ ਤਾਕਤ ਦਿੰਦਾ ਹੈ ਅਤੇ ਜ਼ੁਕਾਮ ਨੂੰ ਬੜੀ ਆਸਾਨੀ ਨਾਲ ਬਾਹਰ ਕੱਢਦਾ ਹੈ। ਇਕ ਗਲਾਸ ਸੰਤਰੇ ਦੇ ਜੂਸ 'ਚ ਚੁਟਕੀ ਸੇਂਧਾ ਨਮਕ ਤੇ ਇਕ ਵੱਡਾ ਚਮਚ ਸ਼ਹਿਦ ਦਾ ਚੰਗੀ ਤਰ੍ਹਾਂ ਮਿਲਾਓ ਸਵੇਰੇ ਸ਼ਾਮ ਪੀਓ ਤੁਹਾਨੂੰ ਲਾਭ ਮਿਲੇਗਾ।
- ਕਹਿੰਦੇ ਨੇ ਆਂਵਲਾ ਆਪਣੇ ਆਪ 'ਚ ਗੁਣਾਂ ਦੀ ਖ਼ਾਨ ਹੈ। ਚਾਰ ਪੰਜ ਆਂਵਲਿਆਂ ਦਾ ਜੂਸ ਕੱਢ ਕੇ ਸਵੇਰੇ ਖ਼ਾਲੀ ਪੇਟ ਲੈਣ ਨਾਲ ਟੀਬੀ ਤਪਦਿਕ ਰੋਗ ਜੜ੍ਹੋਂ ਖ਼ਤਮ ਹੁੰਦੇ ਹਨ। ਇਸ 'ਚ ਗਾਜ਼ਰ ਚੁਕੰਦਰ ਵੀ ਪਾ ਸਕਦੇ ਹੋ।
- ਕਾਲੀ ਮਿਰਚ, ਗਲੋਅਸਤ, ਛੋਟੀ ਇਲਾਇਚੀ ਦੇ ਦਾਣੇ, ਅਸਲੀ ਵੰਸਲੋਚਨ ਆਦਿ ਨੂੰ ਬਾਰੀਕ ਕੁੱਟ ਕੇ ਕੱਪੜਛਾਣ ਕਰ ਕੇ ਸਵੇਰੇ ਦੁਪਿਹਰੇ ਸ਼ਾਮ ਇਕ ਰੱਤੀ ਮੱਖਣੀ ਜਾਂ ਮਲਾਈ 'ਚ ਰੱਖ ਕੇ ਦੇਣ ਨਾਲ ਟੀਬੀ ਦੀ ਬਿਮਾਰੀ ਜੜ੍ਹੋਂ ਖ਼ਤਮ ਹੋ ਜਾਵੇਗੀ।
- ਵਿਟਾਮਿਨ-ਸੀ ਟੀਬੀ ਨੂੰ ਖ਼ਤਮ ਕਰਦਾ ਹੈ ਆਪਣੇ ਭੋਜਨ ਆਂਵਲਾ, ਨਿੰਬੂ, ਸੰਤਰਾ, ਕੀਨੂੰ ਆਦਿ ਨੂੰ ਸ਼ਾਮਿਲ ਕਰੋ ।
- ਅੱਧਾ ਕੱਪ ਪਿਆਜ਼ ਦੇ ਰਸ ਵਿਚ ਚੁਟਕੀ ਹਿੰਗ ਪਾ ਕੇ ਸਵੇਰੇ ਸ਼ਾਮ ਖ਼ਾਲੀ ਪੇਟ ਲਗਾਤਾਰ ਇਕ ਹਫ਼ਤਾ ਲਓ ।

ਇਲੈਕਟਰੋਹੋਮਿਓਪੈਥੀ ਦੀ ਖ਼ਾਸੀਅਤ ਹੈ ਕਿ ਇਸ 'ਚ ਨਾ ਕੋਈ ਕੈਮੀਕਲ ਹੈ ਨਾ ਕਾਰਬਨ ਹੈ ਨਾ ਕਿਸੇ ਕਿਸਮ ਦਾ ਕੋਈ ਨਸ਼ਾ ਜਾਂ ਅਲਕੋਹਲ ਹੈ। ਇਹ ਪਹਾੜਾਂ ਦੀਆਂ ਕੁਦਰਤੀ ਜੜੀਆਂ ਬੂਟੀਆਂ ਦਾ ਅਰਕ ਹੁੰਦਾ ਹੈ। ਇਲੈਕਟਰੋਹੋਮਿਓਪੈਥੀ ਦੁਆਰਾ ਹਮੇਸ਼ਾਂ ਲਈ ਪੱਕਾ ਇਲਾਜ ਕਰਨ ਦਾ ਨੁਸਖਾ ਨੋਟ ਕਰ ਲਓ। ਪੀ.ਵੰਨ, ਬਲਿਊ ਇਲੈਕਟਰਸਿਟੀ ਖਾਣੇ ਤੋਂ ਪਹਿਲਾਂ ਅਤੇ ਐੱਫ਼.ਵੰਨ, ਸੀ ਸਤਾਰਾਂ, ਗਰੀਨ ਇਲੈਕਟਰਸਿਟੀ ਖਾਣੇ ਤੋਂ ਬਾਅਦ ਅਤੇ ਆਰ. ਥ੍ਰੀ ਡਰਾਪਸ ਜਾਂ ਗੋਲੀ ਸਵੇਰੇ ਸ਼ਾਮ ਲੈ ਸਕਦੇ ਹੋ। ਇਹ ਅੰਮ੍ਰਿਤ ਰੂਪੀ ਦਵਾਈ ਪੀਓ ਤੇ ਖਾਓ। ਇਸ ਨੂੰ ਲਗਾਤਾਰ ਤਿੰਨ ਤੋਂ ਚਾਰ ਮਹੀਨੇ ਖਾਓ ਨਾਲ ਉਪਰ ਦਿੱਤੇ ਪਰਹੇਜ ਰੱਖੋ। •



# ਲੋਕ ਸਭਾ 'ਚ ਅਪਰੇਸ਼ਨ ਸਿੰਧੂਰ 'ਤੇ ਚਰਚਾ ਸ਼ੁਰੂ, ਰਾਜ ਸਭਾ ਦੀ ਕਾਰਵਾਈ ਦਿਨ ਭਰ ਲਈ ਉਠਾਈ

## ਵਿਰੋਧੀ ਧਿਰ 'ਅਪਰੇਸ਼ਨ ਸਿੰਧੂਰ' ਉੱਤੇ ਬਹਿਸ ਤੋਂ ਭੱਜ ਰਹੀ: ਰਿਜਿਜੂ ਸੰਸਦੀ ਮਾਮਲਿਆਂ ਬਾਰੇ ਮੰਤਰੀ ਨੇ ਵਿਰੋਧੀ ਧਿਰ 'ਤੇ ਆਪਣੇ ਵਾਅਦੇ ਤੋਂ ਪਿੱਛੇ ਹਟਣ ਤੇ ਲੋਕਾਂ ਨੂੰ 'ਧੋਖਾ' ਦੇਣ ਦੇ ਲਾਏ ਦੋਸ਼

**ਨਵੀਂ ਦਿੱਲੀ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਲੋਕ ਸਭਾ ਵਿਚ ਸੋਮਵਾਰ ਨੂੰ ਬਾਅਦ ਦੁਪਹਿਰ 2 ਵਜੇ ਅਪਰੇਸ਼ਨ ਸਿੰਧੂਰ ਉਤੇ ਚਰਚਾ ਸ਼ੁਰੂ ਹੋ ਗਈ। ਇਸ ਤੋਂ ਪਹਿਲਾਂ ਬਿਹਾਰ ਵਿੱਚ ਵੋਟਰ ਸੂਚੀ ਦੀ ਵਿਸ਼ੇਸ਼ ਵਿਆਪਕ ਸੁਧਾਈ (SIR) ਦੇ ਮੁੱਦੇ 'ਤੇ ਵਿਰੋਧੀ ਪਾਰਟੀਆਂ ਦੇ ਮੈਂਬਰਾਂ ਨੇ ਸੰਸਦ ਦੇ ਦੋਵਾਂ ਸਦਨਾਂ ਵਿੱਚ ਹੰਗਾਮਾ ਕੀਤਾ, ਜਿਸ ਕਾਰਨ ਰਾਜ ਸਭਾ ਵਿਚ ਹੰਗਾਮੇ ਕਾਰਨ ਸਦਨ ਦੀ ਕਾਰਵਾਈ ਪਹਿਲਾਂ ਬਾਅਦ ਦੁਪਹਿਰ 2 ਵਜੇਤ ਤੱਕ ਤੇ ਫਿਰ ਦਿਨ ਭਰ ਲਈ ਉਠਾ ਦਿੱਤੀ ਗਈ।

ਸੋਮਵਾਰ ਨੂੰ ਲੋਕ ਸਭਾ ਦੀ ਕਾਰਵਾਈ ਸ਼ੁਰੂ ਹੋਣ ਤੋਂ 12 ਮਿੰਟ ਬਾਅਦ, ਇਸ ਨੂੰ ਪਹਿਲਾਂ ਦੁਪਹਿਰ 12 ਵਜੇ ਤੱਕ ਅਤੇ ਫਿਰ ਬਾਅਦ ਦੁਪਹਿਰ 1 ਵਜੇ ਤੱਕ ਮੁਲਤਵੀ ਕਰ ਦਿੱਤਾ ਗਿਆ। ਬਾਅਦ ਦੁਪਹਿਰ 2 ਵਜੇ ਸਦਨ ਜੁੜਨ 'ਤੇ ਅਪਰੇਸ਼ਨ ਸਿੰਧੂਰ ਉਤੇ ਚਰਚਾ ਸ਼ੁਰੂ ਕਰਦਿਆਂ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਕਿ 'ਅਪਰੇਸ਼ਨ ਸਿੰਧੂਰ' ਮਹਿਜ਼ ਇਕ ਫ਼ੌਜੀ ਕਾਰਵਾਈ ਨਹੀਂ ਸੀ, ਸਗੋਂ ਇਹ ਦਹਿਸ਼ਤਗਰਦੀ ਖ਼ ?ਲਾਫ਼ ਸਾਡੀ ਨੀਤੀ ਦਾ ਫ਼ੈਸਲਾਕੁਨ ਸੁਨੇਹਾ ਸੀ।

ਇਸ ਦੇ ਨਾਲ ਹੀ ਰਾਜ ਸਭਾ ਦੀ ਮੀਟਿੰਗ ਸ਼ੁਰੂ ਹੋਣ ਤੋਂ ਸਿਰਫ਼ ਦਸ ਮਿੰਟ ਬਾਅਦ ਦੁਪਹਿਰ 12 ਵਜੇ ਤੱਕ ਮੁਲਤਵੀ ਕਰ ਦਿੱਤੀ ਗਈ। ਇਸ ਤੋਂ ਬਾਅਦ, ਕਾਰਵਾਈ 12 ਵਜੇ ਦੁਬਾਰਾ ਸ਼ੁਰੂ ਹੋਈ, ਪਰ ਕੁਝ ਮਿੰਟਾਂ ਵਿੱਚ ਹੰਗਾਮੇ ਕਾਰਨ ਕਾਰਵਾਈ ਦੁਬਾਰਾ 2 ਵਜੇ ਤੱਕ ਮੁਲਤਵੀ ਕਰ ਦਿੱਤੀ ਗਈ। ਉਸ ਪਿੱਛੋਂ ਹੰਗਾਮੇ ਕਾਰਨ ਸਦਨ ਨੂੰ ਅੱਜ ਦਿਨ ਭਰ ਲਈ ਉਠਾ ਦਿੱਤਾ ਗਿਆ।

ਬਿਹਾਰ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਵਿਆਪਕ ਸੁਧਾਈ ਦੇ ਮੁੱਦੇ 'ਤੇ ਰਾਜ ਸਭਾ ਸੋਮਵਾਰ ਨੂੰ ਲਗਾਤਾਰ ਹੰਗਾਮਾ ਜਾਰੀ ਰਿਹਾ ਅਤੇ ਵਿਰੋਧੀ ਧਿਰ ਇਸ ਮੁੱਦੇ ਉਤੇ ਸਦਨ ਵਿਚ ਚਰਚਾ ਦੀ ਮੰਗ ਉਤੇ ਅੜ ? ਰਹੇ। ਦੁਪਹਿਰ ਦੇ ਖਾਣੇ ਤੋਂ ਪਹਿਲਾਂ ਦੀ ਬੈਠਕ ਵਿੱਚ ਦੋ ਵਾਰ ਮੁਲਤਵੀ ਕੀਤੇ ਜਾਣ ਤੋਂ ਬਾਅਦ ਸੋਮਵਾਰ ਨੂੰ ਬਾਅਦ ਦੁਪਹਿਰ 2 ਵਜੇ ਜਦੋਂ ਸਦਨ ਮੁਡ ? ਜੁਡ ? ?ਆ ਤਾਂ ਥੋੜ੍ਹੀ ਦੇਰ ਬਾਅਦ ਇਸ ਨੂੰ ਦਿਨ ਭਰ ਲਈ ਮੁਲਤਵੀ ਕਰ ਦਿੱਤਾ ਗਿਆ।

ਇਸ ਤੋਂ ਪਹਿਲਾਂ ਸਿਫ਼ਰ ਕਾਲ ਦੌਰਾਨ ਡਿਪਟੀ ਚੇਅਰਮੈਨ ਹਰੀਵੰਸ਼ ਨੇ ਕਿਹਾ ਕਿ ਉਨ੍ਹਾਂ ਨੂੰ ਨਿਯਮ 267 ਦੇ ਤਹਿਤ 26 ਨੋਟਿਸ ਪ੍ਰਾਪਤ ਹੋਏ ਹਨ ਜਿਨ੍ਹਾਂ ਵਿੱਚ ਐਸਆਈਆਰ ਅਤੇ ਦੂਜੇ ਰਾਜਾਂ ਵਿੱਚ ਬੰਗਾਲੀ ਪਰਵਾਸੀ ਮਜ਼ਦੂਰਾਂ ਨਾਲ ਕਥਿਤ ਵਿਤਕਰੇ ਸਮੇਤ ਵੱਖ-ਵੱਖ ਮੁੱਦਿਆਂ 'ਤੇ ਚਰਚਾ ਦੀ ਮੰਗ ਕੀਤੀ ਗਈ ਹੈ। ਉਨ੍ਹਾਂ ਨੇ ਸਾਰੇ ਕੰਮ-ਰੋਕੂ ਨੋਟਿਸਾਂ ਨੂੰ ਰੱਦ ਕਰ ਦਿੱਤਾ ਅਤੇ ਸੁਧਾ ਮੂਰਤੀ (ਨਾਮਜ਼ਦ ਮੈਂਬਰ) ਨੂੰ ਆਪਣਾ ਜ਼ੀਰੋ ਆਵਰ ਜ਼ਿਕਰ ਕਰਨ ਲਈ ਬੁਲਾਇਆ। ਇਸ ਉਤੇ ਵਿਰੋਧੀ ਧਿਰ ਦੇ ਮੈਂਬਰ, ਖ਼ਾਸਕਰ ਟੀਐਮਸੀ ਅਤੇ ਕਾਂਗਰਸ ਦੇ ਮੈਂਬਰ ਸ਼ਾਮਲ ਹਨ, ਚੇਅਰਪਰਸਨ ਦੇ ਫੈਸਲੇ ਦਾ ਵਿਰੋਧ ਕਰਦੇ ਹੋਏ ਖੜ੍ਹੇ ਹੋ ਕੇ ਨਾਅਰੇਬਾਜ਼ੀ ਕਰਨ ਲੱਗੇ ਤਾਂ ਉਨ੍ਹਾਂ ਕਾਰਵਾਈ ਦੁਪਹਿਰ 12 ਵਜੇ ਤੱਕ ਮੁਲਤਵੀ ਕਰ ਦਿੱਤੀ। ਜਿਵੇਂ ਹੀ ਸਦਨ ਦੁਪਹਿਰ 12 ਵਜੇ ਪ੍ਰਸ਼ਨ ਕਾਲ ਲਈ ਦੁਬਾਰਾ ਜੁੜਿਆ, ਵਿਰੋਧੀ ਧਿਰ ਦੇ ਕਈ ਸੰਸਦ ਮੈਂਬਰ ਖੜ੍ਹੇ ਹੋ ਗਏ ਅਤੇ ਸੁਸ਼ਮਿਤਾ ਦੇਵ (ਟੀਐਮਸੀ) ਨੇ ਚੇਅਰਮੈਨ ਦੇ ਆਸਣ ਸਾਹਮਣੇ ਆ ਕੇ ਵੱਖ-ਵੱਖ ਮੁੱਦੇ ਉਠਾਉਣ ਦੀ ਕੋਸ਼ਿਸ਼ ਕੀਤੀ। ਹੰਗਾਮਾ ਜਾਰੀ ਰਹਿਣ 'ਤੇ ਕਾਰਵਾਈ ਬਾਅਦ ਦੁਪਹਿਰ 2 ਵਜੇ ਤੱਕ ਮੁਲਤਵੀ ਕਰ ਦਿੱਤੀ ਗਈ। ਜਦੋਂ ਉਪਰਲਾ ਸਦਨ ਬਾਅਦ ਦੁਪਹਿਰ 2 ਵਜੇ ਜੁਡ ? ?ਆ ਤਾਂ ਚੇਅਰਪਰਸਨ ਨੇ ਸਮੁੰਦਰ ਰਾਹੀਂ ਸਾਮਾਨ ਦੀ ਢੋਆ-ਢੁਆਈ ਬਾਰੇ ਬਿੱਲ 2025 'ਤੇ ਬਹਿਸ ਜਾਰੀ ਰੱਖਣ ਦੀ ਕੋਸ਼ਿਸ਼ ਕੀਤੀ, ਪਰ ਵਿਰੋਧੀ ਧਿਰ ਨੇ ਅਜਿਹਾ ਨਾ ਹੋਣ ਦਿੱਤਾ। ਇਸ 'ਤੇ ਚੇਅਰਪਰਸਨ ਨੇ ਸਦਨ ਨੂੰ ਦਿਨ ਭਰ ਲਈ ਉਠਾ ਦਿੱਤਾ।

**ਅਪਰੇਸ਼ਨ ਸਿੰਧੂਰ ਮਹਿਜ਼ ਫ਼ੌਜੀ ਕਾਰਵਾਈ ਨਹੀਂ ਸੀ: ਰਾਜਨਾਥ ਸਿੰਘ**

ਲੋਕ ਸਭਾ ਵਿਚ ਸੋਮਵਾਰ ਨੂੰ ਬਾਅਦ ਦੁਪਹਿਰ 2 ਵਜੇ ਅਪਰੇਸ਼ਨ ਸਿੰਧੂਰ ਉਤੇ ਚਰਚਾ ਸ਼ੁਰੂ ਹੋ ਗਈ।

ਚਰਚਾ ਸ਼ੁਰੂ ਕਰਦਿਆਂ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਕਿ 'ਅਪਰੇਸ਼ਨ ਸਿੰਧੂਰ' ਮਹਿਜ਼ ਇਕ ਫ਼ੌਜੀ ਕਾਰਵਾਈ ਨਹੀਂ ਸੀ, ਸਗੋਂ ਇਹ ਦਹਿਸ਼ਤਗਰਦੀ ਖ਼ ?ਲਾਫ਼ ਸਾਡੀ ਨੀਤੀ ਦਾ ਫ਼ੈਸਲਾਕੁਨ ਸੁਨੇਹਾ ਸੀ।

# ਭਾਰਤ ਨੂੰ ਅਸਲ ਖ਼ਤਰਾ ਪਾਕਿਸਤਾਨ ਤੋਂ ਨਹੀਂ, ਚੀਨ ਤੋਂ: ਅਖਿਲੇਸ਼

**ਨਵੀਂ ਦਿੱਲੀ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਸਮਾਜਵਾਦੀ ਪਾਰਟੀ ਦੇ ਮੁਖੀ ਅਖਿਲੇਸ਼ ਯਾਦਵ ਨੇ ਸੋਮਵਾਰ ਨੂੰ ਅਪਰੇਸ਼ਨ ਸਿੰਧੂਰ ਦੌਰਾਨ ਭਾਰਤੀ ਫੌਜਾਂ ਦੀ ਬਹਾਦਰੀ ਲਈ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਜੇ ਉਨ੍ਹਾਂ ਕੋਲ ਹੋਰ ਸਮਾਂ ਹੁੰਦਾ ਤਾਂ ਉਹ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ (POK) 'ਤੇ ਵੀ ਕਬਜ਼ਾ ਕਰ ਲੈਂਦੇ ਅਖਿਲੇਸ਼ ਯਾਦਵ ਨੇ ਕਿਹਾ ਕਿ ਸਰਕਾਰ ਭਾਵੇਂ ਪਾਕਿਸਤਾਨ ਬਾਰੇ ਹੀ ਗੱਲ ਕਰ ਰਹੀ ਹੈ, ਜਦੋਂਕਿ ਦੇਸ਼ ਨੂੰ ਅਸਲ ਖ਼ਤਰਾ ਚੀਨ ਤੋਂ ਹੈ।

ਉਨ੍ਹਾਂ ਕਿਹਾ, "ਅਸੀਂ ਭਾਰਤੀ ਫੌਜ ਨੂੰ ਅਪਰੇਸ਼ਨ ਸਿੰਧੂਰ ਦੌਰਾਨ ਉਨ੍ਹਾਂ ਦੀ ਬਹਾਦਰੀ ਅਤੇ ਜਿਨ੍ਹਾਂ ਹਾਲਾਤ ਦਾ ਉਨ੍ਹਾਂ ਸਾਹਮਣਾ ਕੀਤਾ, ਉਸ ਲਈ ਵਧਾਈ ਦਿੰਦੇ ਹਾਂ। ਜੇ ਭਾਰਤੀ ਫੌਜ ਕੋਲ ਹੋਰ ਸਮਾਂ ਹੁੰਦਾ ਤਾਂ ਉਨ੍ਹਾਂ ਨੇ ਮਕਬੂਜ਼ਾ ਕਸ਼ਮੀਰ (POK) 'ਤੇ ਵੀ ਕਬਜ਼ਾ ਕਰ ਲੈਣਾ ਸੀ। ਇਸਦੇ ਨਾਲ ਹੀ ਅਖਿਲੇਸ਼ ਯਾਦਵ ਨੇ ਇਹ ਸਵਾਲ ਵੀ ਕੀਤਾ ਕਿ ਪਹਿਲਗਾਮ ਹਮਲੇ ਦੇ ਅੱਤਿਵਾਦੀ ਹਾਲੇ ਤੱਕ ਫ਼ਰਾਰ ਕਿਓਂ ਹਨ, ਅਤਿਵਾਦੀ ਕਿੱਥੇ ਗਾਇਬ ਹੋ ਗਏ ?

ਇਹ ਦਸੱਦਿਆਂ ਹੋਇਆ ਕਿ ਭਾਰਤ ਨੂੰ ਚੀਨ ਤੋਂ ਖ਼ਤਰਾ ਹੈ, ਉਨ੍ਹਾਂ ਕੇਂਦਰ ਸਰਕਾਰ ਤੋਂ ਚੀਨ ਤੋਂ ਸਾਮਾਨ ਦੀ ਦਰਾਮਦ 'ਤੇ ਪਾਬੰਦੀ ਲਗਾਉਣ ਲਈ ਨੀਤੀ ਲਿਆਉਣ ਦੀ ਅਪੀਲ ਕੀਤੀ।

ਉਨ੍ਹਾਂ ਕਿਹਾ ਕਿ ਸਰਕਾਰ ਨੂੰ ਚੀਨ ਤੋਂ ਸਾਮਾਨ ਦੀ ਦਰਾਮਦ 'ਤੇ 10 ਸਾਲ ਲਈ ਰੋਕ ਲਾ ਦੇਣੀ ਚਾਹੀਦੀ ਹੈ ਅਤੇ ਸਵਦੇਸ਼ੀ ਅਪਣਾਉਣ ਲਈ ਕੋਈ ਯੋਜਨਾ ਬਣਾਉਣੀ ਚਾਹੀਦੀ ਹੈ।

ਉਨ੍ਹਾਂ ਕਿਹਾ, ਸਰਕਾਰ ਪਾਕਿਸਤਾਨ ਦੀ ਗੱਲ ਕਰਦੀ ਹੈ ਕਿਉਂਕਿ ਉਨ੍ਹਾਂ ਨੂੰ ਵੋਟਾਂ ਚਾਹੀਦੀਆਂ ਹਨ, ਪਰ ਅਸਲ ਖ਼ਤਰਾ ਚੀਨ ਤੋਂ ਹੈ।

# ਜਸਵੀਰ ਸਿੰਘ ਗੜ੍ਹੀ ਵੱਲੋਂ ਨਿਊਜ਼ੀਲੈਂਡ ਦੇ ਮੈਂਬਰ ਪਾਰਲੀਮੈਂਟ ਫਿਲਪ ਸਟੋਨਰ ਟੈਫੋਰਡ ਨਾਲ ਮੁਲਾਕਾਤ

**ਚੰਡੀਗੜ੍ਹ/ਆਕਲੈਂਡ, 28 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਵੱਲੋਂ ਨਿਊਜ਼ੀਲੈਂਡ ਦੇ ਸੀਨੀਅਰ ਰਾਜਨੀਤਿਕ ਆਗੂ ਅਤੇ ਮੈਂਬਰ ਪਾਰਲੀਮੈਂਟ ਫਿਲਪ ਸਟੋਨਰ ਟੈਫੋਰਡ ਨਾਲ ਮੁਲਾਕਾਤ ਕੀਤੀ ਗਈ। ਸ੍ਰੀ ਟੈਫੋਰਡ ਨਿਊਜ਼ਲੈਂਡ ਦੇ ਸਾਬਕਾ ਕੇਂਦਰੀ ਮੰਤਰੀ ਹਨ।

ਇਸ ਮੁਲਾਕਾਤ ਦੌਰਾਨ ਸ੍ਰੀ ਗੜ੍ਹੀ ਨੇ ਨਿਊਜ਼ੀਲੈਂਡ ਦੇ ਪੰਜਾਬੀਆਂ ਨਾਲ ਸਬੰਧਤ ਮਸਲੇ ਸ੍ਰੀ ਟੈਫੋਰਡ ਨਾਲ ਵਿਚਾਰੇ, ਇਸ ਤੋਂ ਇਲਾਵਾ ਵਿਸ਼ੇਸ਼ ਤੌਰ 'ਤੇ ਬੀਤੇ ਦਿਨੀਂ ਨਿਊਜ਼ੀਲੈਂਡ ਵਿੱਚ ਸਿੱਖ ਅਤੇ ਕੁਝ ਹੋਰ ਧਰਮਾਂ ਦੇ ਝੰਡੇ ਸਾੜਨ ਸਬੰਧੀ ਵਾਪਰੀਆਂ ਘਟਨਾਵਾਂ ਬਾਰੇ ਵੀ ਚਰਚਾ ਕੀਤੀ ਗਈ ਅਤੇ ਉਨ੍ਹਾਂ ਨੂੰ ਅਪੀਲ ਕੀਤੀ ਕਿ ਇਸ ਮਾਮਲੇ ਸਬੰਧੀ ਨਿਊਜ਼ੀਲੈਂਡ ਦੀ ਸਰਕਾਰ ਨੂੰ ਕਹਿਣ ਕਿ ਲੋਕਾਂ ਨੂੰ ਦੂਸਰੇ ਧਰਮਾਂ ਪ੍ਰਤੀ ਜਾਗਰੂਕ ਕੀਤਾ ਜਾਵੇ।

# ਕੋਟਕ ਮਿਊਚੁਅਲ ਫਾਊਂਡੇਸ਼ਨ ਨੇ ਲਾਂਚ ਕੀਤਾ 'ਕੋਟਕ ਇਕਟੀਵ ਮੋਮੈਂਟਮ ਫੰਡ' ਅਰਨਿੰਗਸ ਗਰੋਥ ਨੂੰ ਭੁੱਲਣਾ ਦੀ ਰਣਨੀਤੀ

**ਲੁਧਿਆਣਾ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕੋਟਕ ਮਹਿੰਦਰਾ ਏਸੇਟ ਮਿਊਚਲ ਕੰਪਨੀ ਲਿਮਟਿਡ (ਕੇ.ਐਮ.ਟੀ.ਐਮ.ਸੀ / ਕੋਟਕ ਮਿਊਚਲ ਫੰਕਸ਼ਨ) ਨੇ ਅੱਜ 'ਕੋਟਕ ਇਕਟੀਵ ਮੋਮੈਂਟਮ ਫੰਡ' ਲਾਂਚ ਕੀਤਾ ਹੈ। ਘੋਸ਼ਣਾ ਦੀ। ਇਹ ਇਕ ਓਪਨ-ਐਂਡੇਡ ਇਕਵਿਟੀ ਸਕੀਮ ਹੈ ਜੋ ਮੋਮੈਂਟਮ ਥੀਮ 'ਤੇ ਆਧਾਰਿਤ ਹੈ। ਇਹ ਫੌਂਗ ਕੰਪਨੀ ਦੇ ਇਨ-ਹਾਊਸ ਵਿਕਸਿਤ ਮਾਡਲ 'ਤੇ ਸ਼ੇਅਰਾਂ ਦੀ ਪਛਾਣ ਦਾ ਆਧਾਰ ਹੈ ਅਰਨਿੰਗਜ਼ ਮੋਮੈਂਟਮ ਹੋ, ਯਾਨੀ ਜਿਨਕੀ ਆਇਨ ਵਿੱਚ ਵਾਧਾ ਹੋ ਰਿਹਾ ਹੈ। ਇਹ ਸਕੀਮ 29 ਜੁਲਾਈ 2025 ਤੋਂ 12 ਅਗਸਤ 2025 ਤੱਕ ਜਨਤਕ ਨਿਵੇਸ਼ ਲਈ ਖੁਲ੍ਹੇਗੀ। ਕੋਟਕ ਮਹਿੰਦ ਏਸੇਟ ਮੇਰੀ ਕੰਪਨੀ ਲਿਮਟਿਡ ਮੇਰੀ ਡਾਇਰੇਕਟਰ ਨੀਲੇਸ਼ ਸ਼ਾਹ ਨੇ ਕਿਹਾ, ਬਾਜ਼ਾਰ ਹਮੇਸ਼ਾ ਹਮੇਸ਼ਾ ਲਈ ਅਧੀਨ ਸਨ। ਮਿਊਚੁਅਲ ਫੰਕਸ਼ਨ ਵਿੱਚ ਅਸੀਂ ਇੱਕ ਅਜਿਹਾ ਕਰ ਸਕਦੇ ਹਾਂ ਜੋ ਸਿਰਫ਼ ਸੋਚਣ ਵਾਲੇ ਮਾਡਲ ਦੇ ਮਾਡਲ ਲਈ ਤਿਆਰ ਹੈ। ਹਾਲਾਂਕਿ, ਇਹ ਕੀਮਤ ਕੁਝ ਵੀ ਨਹੀਂ ਸੀ। ਅਰਨਿੰਗਸ ਮੋਮੈਂਟਮ ਉਨ੍ਹਾਂ ਸ਼ੇਅਰਾਂ 'ਤੇ ਧਿਆਨ ਕੇਂਦਰਤ ਕਰਦੇ ਹਨ ਜੋ ਤੁਸੀਂ ਦੇਖਦੇ ਹੋ ਕਿ ਇਸ ਵਿੱਚ ਸੁਧਾਰ ਹੋ ਰਿਹਾ ਹੈ ਅਤੇ ਜਿਨਕੇ ਬਾਰੇ ਵਿੱਚ ਵਿਲੇਸ਼ਕਾਂ ਦੀ ਰਾਏ ਚੰਗੀ ਹੈ। ਕੋਟਕ ਇੱਕ ਟੀਵੀ ਮੋਮੈਂਟਮ ਫੰਕਸ਼ਨ ਵਰਗੀਆਂ ਕੰਪਨੀਆਂ ਨੂੰ ਨਿਸ਼ਾਨਾ ਬਣਾਉਣਾ ਹੈ ਜਿਨਕੀ ਪ੍ਰਤੀ ਸ਼ੇਅਰ ਆਈ (ਈਪੀਐਸ) ਅੱਗੇ ਵਧ ਰਿਹਾ ਹੈ, ਬਹੁਤ ਸਾਰੇ ਵਿਸ਼ਵਾਸੀਕਾਂ ਦੀ ਓਰਸੇ ਮਿਲਾਵਟ ਤੋਂ ਹੋ ਸਕਦਾ ਹੈ ਜਾਂ ਅਪ੍ਰਤਿਆਸ਼ਿਤ ਦੇ ਰੂਪ ਵਿੱਚ ਚੰਗੇ ਨਤੀਜੇ ਨਿਕਲਦੇ ਹਨ। ਇਹ ਫੰਕਸ਼ਨ ਕੋਟਕ ਮਿਊਚੁਅਲ ਫੌਂਗ ਦੁਆਰਾ ਵਿਕਸਤ ਵਿਸ਼ੇਸ਼ ਮਾਡਲ 'ਤੇ ਅਧਾਰਤ ਹੈ, ਜੋ ਅਰਨਿੰਗਜ਼ ਅਤੇ ਵਿਕਰੀ ਵਿੱਚ ਵਾਧਾ ਅਤੇ ਏਨਾਲਿਸਟਸ ਦੀ ਲੌਂਟਸ ਦੇ ਆਧਾਰ 'ਤੇ ਮੋਮੈਂਟਮ ਦਾ ਮਾਪਤਾ ਹੈ। ਕੋਟਕ ਮਹਿੰਦ ਏਸੇਟ ਮੇਰੀ ਕੰਪਨੀ ਲਿਮਟਿਡ ਮੇਰੀ ਡਾਇਰੇਕਟਰ ਨੀਲੇਸ਼ ਸ਼ਾਹ ਨੇ ਕਿਹਾ, ਬਾਜ਼ਾਰ ਹਮੇਸ਼ਾ ਹਮੇਸ਼ਾ ਲਈ ਅਧੀਨ ਸਨ। ਮਿਊਚੁਅਲ ਫੰਕਸ਼ਨ ਵਿੱਚ ਅਸੀਂ ਇੱਕ ਅਜਿਹਾ ਹੀ ਕੀਤਾ ਹੈ ਜੋ ਸਿਰਫ਼ ਸੋਚ ਦੇ ਮਾਡਲ ਮਾਡਲ ਮਾਡਲ ਤਿਆਰ ਤੋਂ ਅੱਗੇ ਹੈ।

ਇਸ ਫੰਕਸ਼ਨ ਦਾ ਪੋਰਟਫੋਲੀਓ ਮਾਰਕੀਟ ਕੈਪ ਦੇ ਅਧਾਰ 'ਤੇ ਚੋਟੀ ਦੇ 250 ਸ਼ੇਅਰਾਂ ਨੂੰ ਚੁਣਿਆ ਗਿਆ ਹੈ। ਸਖ਼ਤ ਮਾਪਦੰਡਾਂ ਦੇ ਮਾਧਿਅਮ ਤੋਂ ਕਮਜ਼ੋਰ ਸ਼ੇਅਰਾਂ ਨੂੰ ਬਾਹਰ ਕੀਤਾ ਜਾਂਦਾ ਹੈ। ਨਤੀਜੇ 40-50 ਉੱਚ ਗੁਣਵੱਤਾ ਵਾਲੇ ਸ਼ੇਅਰਾਂ ਦੀ ਇੱਕ ਡਾਇਵਰਸਿਫਾਇਡ ਬਾਸਕੇਟ ਦੇ ਰੂਪ ਵਿੱਚ ਸਾਹਮਣੇ ਆਏ ਹਨ, ਤੁਹਾਨੂੰ ਨਿਯਮਤ ਰੂਪ ਵਿੱਚ ਅਪਡੇਟ ਕਰੋ ਅਤੇ ਸੁਧਾਰ ਕੀਤਾ ਜਾਵੇਗਾ।

ਕੋਟਕ ਏਕ ਮੋਮੈਂਟਮ ਫੰਕਸ਼ਨ ਦੇ ਫੰਕਸ਼ਨ ਅਰੰਵ ਰੋਹਿਤ ਟੰਡ ਨੇ ਕਿਹਾ, ਹਮਨੇ ਨਿਵੇਸ਼ ਰਣਨੀਤੀ ਨੂੰ ਡੇਟਾ ਸਾਈਂਸ ਦੇ ਨਾਲ ਮਿਲ ਕੇ ਇੱਕ ਫੰਕਸ਼ਨ ਤਿਆਰ ਕੀਤਾ ਹੈ ਜੋ ਅਰਨਿੰਗਜ਼ ਤੋਂ ਲੀਡਰ ਮੋਮੈਂਟਮ ਨੂੰ ਫੜ ਸਕਦਾ ਹੈ। ਉਸ ਦੀ ਵਰਤੋਂ ਕਰਦੇ ਹਨ, ਤਾਂ ਕੀਮਤ ਵਿੱਚ ਉਹੀ ਦਿਸ਼ਾ ਵਿੱਚ ਚਲਦੀ ਹੈ। ਸਾਡਾ ਮਾਡਲ ਅਨੁਸ਼ਾਸਨ ਅਤੇ ਡੇਟਾ ਦੀ ਮਦਦ ਇਸ ਪ੍ਰਕਿਰਿਆ ਨੂੰ ਫੜਦਾ ਹੈ। ਇਹ ਕੇਵਲ ਇੱਕ ਟ ?ਰੇਂਡ-ਆਧਾਰਿਤ ਫੰਕਸ਼ਨ ਨਹੀਂ, ਅਰਨਿੰਗਸ-ਪ੍ਰੇਰਿਤ ਮੌਕਾ ਹੈ।

ਕੋਟਕ ਇੱਕਟੀਵ ਮੋਮੈਂਟਮ ਫੰਡ ਨਿਵੇਸ਼ਕਾਂ ਨੂੰ ਅਨੁਸ਼ਾਸਨ ਅਤੇ ਲਗਾਤਾਰਤਾ ਦੇ ਨਾਲ ਮੋਮੈਂਟਮ ਵਿੱਚ ਭਾਗ ਲੈਣ ਦਾ ਇੱਕ ਸਸ਼ਕਤ ਮਾਧਿਅਮ ਪ੍ਰਦਾਨ ਕਰਦਾ ਹੈ। ਇਹ ਫੰਕਸ਼ਨ ਸਿਸਟਮ ਪਰਫਾਰਮੈਂਸ ਚਲਾਉਣ ਵਾਲੇ ਅਸਲ ਕਾਰਕਾਂ ਵਿੱਚ ਨਿਵੇਸ਼ ਦਾ ਖੋਜ-ਆਧਾਰਿਤ, ਸਪਸ਼ਟ ਅਤੇ ਠੋਸ ਤਰੀਕਾ ਹੈ।

ਇਹ ਸਕੀਮ ਜਨਤਕ ਨਿਵੇਸ਼ ਲਈ 29 ਜੁਲਾਈ ਤੋਂ 12 ਅਗਸਤ 2025 ਤੱਕ ਖੁੱਲ੍ਹੀਗੀ। ਐਨ.ਐਫ.ਓ. ਪੀਰੀਅਡ ਵਿੱਚ ਨਿਵੇਸ਼ਕ ਇਸ ਫੰਕਸ਼ਨ ਵਿੱਚ ਸਿਰਫ਼ ਰਾਸ਼ੀ ਲਈ 5, 0 ਰੁਪਏ ਅਤੇ ਖਰਚੇ ਤੋਂ ਵੱਧ ਦਾ ਨਿਵੇਸ਼ ਕਰ ਸਕਦੇ ਹਨ। ਇਸੇ ਤਰ੍ਹਾਂ ਐਸਆਈਪੀ ਲਈ 500 ਰੁਪਏ ਕਿਸਟ ਦੇ ਨਾਲ (500 ਰੁਪਏ ਦੀ ਘੱਟ ਤੋਂ ਘੱਟ 10 ਕਿਸ਼ਤਾਂ ਜ਼ਰੂਰੀ) ਨਿਵੇਸ਼ ਕਰ ਸਕਦੇ ਹਨ। ਵਧੇਰੇ ਜਾਣਕਾਰੀ ਲਈ ਕੋਟਕ ਇਕਟੀਵ ਮੋਮੈਂਟਮ ਫਾਊਂਡੇਸ਼ਨ ਦੀ ਪ੍ਰੈਜ਼ੇਂਟੇਸ਼ਨ (ਪੀਪੀਟੀ ਲਿੰਕ) 'ਤੇ ਕਲਿੱਕ ਕਰੋ। ਨਿਵੇਸ਼ਕ ਨਿਵੇਸ਼ਕ ਸਭ ਤੋਂ ਪਹਿਲਾਂ ਤੁਹਾਡੇ ਵਿੱਤੀ ਸਲਾਹਕਾਰ ਅਤੇ ਟੈਕਸ ਸਲਾਹਕਾਰ ਤੋਂ ਸਲਾਹ ਲਓ ਕਿ ਇਹ ਉਤਪਾਦ ਤੁਹਾਡੇ ਲਈ ਲਾਭਦਾਇਕ ਹੈ ਜਾਂ ਨਹੀਂ। ਕੋਟਕ ਮਹਿੰਦਰਾ ਏਸੇਟ ਮੇਨਟੇਮੈਂਟ ਕੰਪਨੀ ਲਿਮਟਿਡ (ਕੇਏਐਮਟੀਐਮਸੀ) ਕਿਸੇ ਵੀ ਕਿਸਮ ਦੀ ਰੀਟਰਨ ਦੀ ਸਮੱਸਿਆ ਜਾਂ ਵਾਦਾ ਨਹੀਂ ਕਰਦੀ ਹੈ। ਸਕੀਮ ਤੋਂ ਸਬੰਧਤ ਹੋਰ ਜਾਣਕਾਰੀ ਲਈ ਕਿਰਪਾ ਕਰਕੇ ਸਾਡੀ ਵੈੱਬਸਾਈਟ - www.kotakmf.com ਓਤੇ ਉਪਲਬਧ ਸਕੀਮ ਸੂਚਨਾ ਦਸਤਾਵੇਜ਼ ਦੇਖੋ।

# ਨਗਰ ਨਿਗਮ ਨੇ 600 ਗੱਜ ਨਾਜਾਇਜ਼ ਕਬਜ਼ਾ ਕਰਵਾਇਆ ਖਾਲੀ

## ਵੀਰ ਜੀ ਦੀ ਮੜੀਆਂ ਦੇ ਪਿੱਛੇ ਸਥਿਤ ਨਗਰ ਨਿਗਮ ਦੀ ਜਾਇਦਾਦ 'ਤੇ ਸਾਲਾਂ ਤੋਂ ਹੋ ਰਿਹਾ ਸੀ ਕਬਜ਼ਾ

**ਪਟਿਆਲਾ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਨਗਰ ਨਿਗਮ ਪਟਿਆਲਾ ਵੱਲੋਂ ਸ਼ਹਿਰ ਵਿਚ ਨਾਜਾਇਜ਼ ਕਬਜ਼ਿਆਂ ਖ਼ ?ਲਾਫ਼ ਚਲਾਈ ਜਾ ਰਹੀ ਮੁਹਿੰਮ ਹੇਠ ਅੱਜ ਇੱਕ ਹੋਰ ਮਹੱਤਵਪੂਰਨ ਕਾਰਵਾਈ ਨੂੰ ਅੰਜ਼ਾਮ ਦਿੱਤਾ ਗਿਆ। ਇਹ ਕਾਰਵਾਈ ਮੇਅਰ ਕੁੰਦਨ ਗੋਗੀਆ, ਕਮੀਸ਼ਨਰ ਪਰਮਵੀਰ ਸਿੰਘ, ਸਕੱਤਰ ਸੁਰਜੀਤ ਸਿੰਘ ਚੀਮਾ, ਸੁਪਰਡੈਂਟ ਲਵਨੀਸ਼ ਗੋਇਲ ਦੀ ਅਗਵਾਈ ਹੇਠ ਨਗਰ ਨਿਗਮ ਦੇ ਅਫਸਰ ਵਿਸ਼ਾਲ ਵਰਮਾ ਅਤੇ ਪਟਵਾਰੀ ਹਰਬੰਸ ਸਿੰਘ ਤੇ ਹੋਰ ਕਲਰਕ ਤੇ ਅਧਿਕਾਰੀਆਂ ਸਮੇਤ ਪੁਲਸ ਪ੍ਰਸ਼ਾਸ਼ਨ ਵਲੋਂ ਨੇਪਰੇ ਚਾੜਿਆ ਗਿਆ. ਇਸ ਦੌਰਾਨ ਨਿਗਮ ਨੇ ਲਗਭਗ 600 ਗਜ ਜ਼ਮੀਨ, ਜੋ ਕਿ ਨਿਗਮ ਦੀ ਮਾਲਕੀ ਸੀ, 'ਤੇ ਕੀਤਾ ਗਿਆ ਨਾਜਾਇਜ਼ ਕਬਜ਼ਾ ਹਟਾ ਕੇ ਜ਼ਮੀਨ ਨੂੰ ਮੁੜ ਆਪਣੇ ਕਬਜ਼ੇ ਵਿੱਚ ਲੈ ਲਿਆ। ਦੱਸ ਦੇਈਏ ਕਿ ਇਹ ਜਗ ?ਹਾ ਵੀਰ ਜੀ ਦੀ ਮੜੀਆਂ ਦੇ ਪਿੱਛੇ ਸਥਿਤ ਸੀ, ਜਿੱਥੇ ਕਈ ਸਾਲਾਂ ਤੋਂ ਨਾਜਾਇਜ਼ ਢਾਂਚੇ ਬਣੇ ਹੋਏ ਸਨ। ਅੱਜ ਨਿਗਮ ਟੀਮ ਨੇ ਸਥਾਨਕ ਪੁਲਿਸ ਬਲਾਂ ਦੀ ਮਦਦ ਨਾਲ ਇਹ ਕਾਰਵਾਈ ਸਵੇਰੇ 11 ਵਜੇ ਸ਼ੁਰੂ ਕੀਤੀ। ਕਾਰਵਾਈ ਦੌਰਾਨ ਮੌਕੇ 'ਤੇ ਜੇ ਸੀ ਬੀ ਮਸ਼ੀਨਾਂ ਰਾਹੀਂ ਕਬਜ਼ੇ ਹਟਾਏ ਗਏ ਅਤੇ ਮੌਜੂਦਾ ਢਾਂਚਿਆਂ ਨੂੰ ਤੋੜ ਦਿੱਤਾ ਗਿਆ।

# ਲੈਂਡ ਪੂਲਿੰਗ ਨੀਤੀ ਬਾਰੇ ਟਵੀਟ ਮਾਲਵਿੰਦਰ ਕੰਗ ਨੇ ਕੀਤੀ

## ਅਨੰਦਪੁਰ ਸਾਹਿਬ ਤੋਂ 'ਆਪ' ਐਮਪੀ ਕੰਗ ਨੇ ਆਪਣੀ X ਪੋਸਟ ਰਾਹੀਂ ਲੈਂਡ ਪੂਲਿੰਗ ਨੀਤੀ 'ਤੇ ਚੁੱਕੇ ਸਨ ਸਵਾਲ

**ਚੰਡੀਗੜ੍ਹ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਅਨੰਦਪੁਰ ਸਾਹਿਬ ਤੋਂ ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ ਸੋਸ਼ਲ ਮੀਡੀਆ ਪਲੈਟਫਾਰਮ ਐਕਸ 'ਤੇ ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਨੀਤੀ (Land Pooling Policy) ਬਾਰੇ ਆਪਣੇ ਇਤਰਾਜ਼ ਪ੍ਰਗਟ ਕਰਨ ਤੋਂ ਕੁਝ ਘੰਟਿਆਂ ਬਾਅਦ ਹੀ ਆਪਣੀ ਪੋਸਟ ਨੂੰ ਡਿਲੀਟ ਕਰ ਗਏ ਹਨ।

ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ ਨੇ ਲੰਘੇ ਕੱਲ੍ਹ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਮੁਖਾਤਿਬ ਹੋ ਕੇ ਕਿਹਾ ਸੀ ਕਿ ਲੈਂਡ ਪੂਲਿੰਗ ਪਾਲਿਸੀ ਉਤੇ ਕਿਸਾਨਾਂ ਅਤੇ ਕਿਸਾਨ ਜਥੇਬੰਦੀਆਂ ਨੂੰ ਭਰੋਸੇ ਵਿੱਚ ਲੈ ਕੇ ਹੀ ਅੱਗੇ ਵਧਿਆ ਜਾਵੇ। ਉਨ੍ਹਾਂ ਨੇ ਅਸਿੱਧੇ ਤਰੀਕੇ ਨਾਲ ਲੈਂਡ ਪੂਲਿੰਗ ਨੀਤੀ 'ਤੇ ਉਂਗਲ ਉਠਾਈ ਸੀ।

ਇਸ 'ਤੇ ਵਿਰੋਧੀ ਪਾਰਟੀਆਂ ਦੇ ਕਈ ਆਗੂਆਂ ਨੇ ਕੰਗ ਦੀ ਇਸ ਟਵੀਟ ਨੂੰ ਰੀਟਵੀਟ ਕੀਤਾ, ਜਿਨ੍ਹਾਂ ਵਿੱਚ ਕਾਂਗਰਸ ਦੇ ਐਮਐੱਲਏ ਸੁਖਪਾਲ ਸਿੰਘ ਖਹਿਰਾ ਵੀ ਸ਼ਾਮਲ ਹਨ। ਹੁਣ ਜਦੋਂ ਕੰਗ ਨੇ ਆਪਣੀ ਪੋਸਟ ਨੂੰ ਕੁਝ ਘੰਟਿਆਂ ਦੇ ਅੰਦਰ ਹੀ ਮਿਟਾ ਦਿੱਤਾ ਹੈ, ਤਾਂ ਇਸ ਦੇ ਸਿਆਸੀ ਹਲਕਿਆਂ ਵਿੱਚ ਕਈ ਤਰ੍ਹਾਂ ਦੇ ਅਰਥ ਕੱਢੇ ਜਾ ਰਹੇ ਹਨ।

ਅਸਲ ਵਿਚ ਉਹ ਕਿਹੜੇ ਕਾਰਨ ਹਨ ਜਿਨ੍ਹਾਂ ਕਰ ਕੇ ਕੰਗ ਨੂੰ ਆਪਣੀ ਪੋਸਟ ਡਿਲੀਟ ਕਰਨੀ ਪਈ, ਇਸ ਦਾ ਹਾਲੇ ਭੇਤ ਬਣਿਆ ਹੋਇਆ ਹੈ।

**ਖਹਿਰਾ ਨੇ ਟਵੀਟ ਡਿਲੀਟ ਕੀਤੇ ਜਾਣ ਦੀ ਕੀਤੀ ਨਿਖੇਧੀ**

ਕਾਂਗਰਸ ਦੇ ਐਮਐਲਏ ਸੁਖਪਾਲ ਸਿੰਘ ਖਹਿਰਾ ਨੇ ਕੰਗ ਵੱਲੋ ਟਵੀਟ ਨੂੰ ਡਿਲੀਟ ਕੀਤੇ ਜਾਣ 'ਤੇ ਟਿੱਪਣੀ ਕਰਦਿਆਂ ਕਿਹਾ, "ਸ਼ਰਮਨਾਕ ਹੈ ਕਿ ਮਲਵਿੰਦਰ ਸਿੰਘ ਕੰਗ ਨੇ ਆਪਣੇ ਦਿੱਲੀ ਦੇ ਆਕਾਵਾਂ ਜਿਵੇਂ ਕਿ ਅਰਵਿੰਦ ਕੇਜਰੀਵਾਲ ਆਦਿ ਦੇ ਦਬਾਅ ਹੇਠ ਲੈਂਡ ਪੂਲਿੰਗ ਬਾਰੇ ਟਵੀਟ ਡਿਲੀਟ ਕਰ ਦਿੱਤਾ! ਇਸੇ ਲਈ ਮੈਂ ਆਪ ਦੇ ਆਗੂਆਂ ਨੂੰ ਨਕਲੀ ਇਨਕਲਾਬੀ ਅਤੇ ਬੰਧੂਆ ਮਜ਼ਦੂਰ ਕਹਿੰਦਾ ਹਾਂ!

**ਭਾਜਪਾ ਆਗੂ ਨੇ ਕੰਗ 'ਤੇ ਕੀਤਾ ਤਨਜ਼**

ਇਸ ਦੌਰਾਨ ਭਾਜਪਾ ਦੇ ਆਗੂ ਪ੍ਰਿਤਪਾਲ ਸਿੰਘ ਬਲੀਆਵਾਲ ਨੇ ਅੱਜ ਟਵੀਟ ਕਰ ਕੇ ਮਾਲਵਿੰਦਰ ਸਿੰਘ ਕੰਗ 'ਤੇ ਤੰਜ਼ ਕੱਸਿਆ ਹੈ। ਉਨ੍ਹਾਂ ਆਪਣੀ ✓ ਪੋਸਟ ਵਿਚ ਕਿਹਾ ਹੈ, "ਕੰਗ ਸਾਹਬ ਮੈਂ ਤਾਂ ਸੋਚ ਰਿਹਾ ਸੀ ਕਿ ਤੁਹਾਡੀ ਤਾਰੀਫ਼ ਕਰਾਂ, ਪਰ ਤੁਸੀਂ ਤਾਂ ਪਹਿਲਾਂ ਹੀ ਭੱਜ ਗਏ! ਰਾਤ ਲੋਕ ਕਹਿ ਰਹੇ ਸੀ ਕੀ ਕੰਗ ਮਰਦ ਬੰਦਾ, ਜੱਟ ਜਾਗ ਗਿਆ ਪਰ ਸਵੇਰੇ .......... ? ਕੰਗ ਜੀ ਬਸ ਇਹ ਦੱਸ ਦੇਣਾ ਇਹ ਪੋਸਟ ਡਿਲੀਟ ਕਰਨ ਦਾ ਫ਼ੋਨ ਦਿੱਲੀ ਤੋਂ ਆਇਆ ਕਿ ਚੰਡੀਗੜ੍ਹ ਤੋਂ!

# ਟੈਂਪੂ ਸਰਹਿੰਦ ਨਹਿਰ ਵਿੱਚ ਡਿੱਗਣ ਨਾਲ 6 ਸ਼ਰਧਾਲੂਆਂ ਦੀ ਮੌਤ, ਪੰਜ ਲਾਪਤਾ

## ਮਾਤਾ ਨੈਣਾ ਦੇਵੀ ਦੇ ਦਰਸ਼ਨ ਕਰਕੇ ਪਰਤ ਰਹੇ ਸਨ ਪਰਿਵਾਰ; ਮਾਲੇਰਕੋਟਲਾ ਦੇ ਪਿੰਡ ਮਾਣਕਵਾਲ ਵਿੱਚ ਸੋਗ ਦੀ ਲਹਿਰ; ਰਾਹਤ ਤੇ ਬਚਾਅ ਕਾਰਜ ਜਾਰੀ

**ਮੰਡੀ ਅਹਿਮਦਗੜ੍ਹ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਇੱਥੋਂ ਨੇੜਲੇ ਜਗੇੜਾ ਪੁਲ ਨੇੜੇ ਸਰਹਿੰਦ ਨਹਿਰ ਵਿੱਚ ਟੈਂਪੂ ਡਿੱਗਣ ਨਾਲ ਘੱਟੋ ਘੱਟੋ 6 ਸ਼ਰਧਾਲੂਆਂ ਦੀ ਮੌਤ ਹੋ ਗਈ ਜਦੋਂ ਕਿ 5-6 ਸ਼ਰਧਾਲੂ ਹਾਲੀਂ ਵੀ ਲਾਪਤਾ ਹਨ। ਹਾਦਸੇ ਕਾਰਨ ਮਲੇਰਕੋਟਲਾ ਜ਼ਿਲ੍ਹੇ ਦੇ ਪਿੰਡ ਮਾਣਕਵਾਲ ਵਿੱਖੇ ਸੋਗ ਦੀ ਲਹਿਰ ਦੌੜ ਗਈ ਕਿਉਂਕਿ ਸਾਰੇ ਪੀੜਤ ਇਸੇ ਪਿੰਡ ਤੋਂ ਹਨ। ਮ੍ਰਿਤਕਾਂ ਦੀ ਪਛਾਣ ਮਨਜੀਤ ਕੌਰ (58), ਜਰਨੈਲ ਸਿੰਘ (55), ਅਕਾਸ਼ਦੀਪ ਸਿੰਘ (8) ਤੇ ਸੁਖਮਨ ਕੌਰ (ਡੇਢ ਸਾਲ) ਵਜੋਂ ਹੋਈ ਹੈ। ਦਲਿਤ ਪਰਿਵਾਰਾਂ ਨਾਲ ਸਬੰਧਤ ਇਹ ਵਿਅਕਤੀ ਛੋਟਾ ਹਾਥੀ ਟੈਂਪੂ (ਪੀਬੀ 5ਏ ਐਨ 5072) ਰਾਹੀਂ ਨੈਣਾ ਦੇਵੀ ਤੋਂ ਵਾਪਸ ਆ ਰਹੇ ਸਨ। ਇਸ ਦੌਰਾਨ ਟੈਂਪੂ ਬੀਤੀ ਰਾਤ ਜਗੇੜਾ ਪੁਲ ਨੇੜੇ ਸਰਹਿੰਦ ਨਹਿਰ ਵਿੱਚ ਡਿੱਗ ਗਿਆ ਜਿਸ ਕਾਰਨ ਲਗਭਗ ਦਸ ਵਿਅਕਤੀਆਂ ਦੇ ਡੁੱਬਣ ਦਾ ਖਦਸ਼ਾ ਬਣਿਆ ਹੋਇਆ ਸੀ।

ਡੀਸੀ ਲੁਧਿਆਣਾ ਹਿਮਾਂਸ਼ੂ ਜੈਨ ਤੇ ਐੱਸਐੱਸਪੀ ਖੰਨਾ ਡਾ. ਜਯੋਤੀ ਯਾਦਵ ਦੀ ਰਹਿਨੁਮਾਈ ਹੇਠ ਚੱਲੇ ਰਾਹਤ ਤੇ ਬਚਾਅ ਕਾਰਜਾਂ ਦੌਰਾਨ 20 ਸਵਾਰਾਂ ਨੂੰ ਬਚਾਉਣ ਦਾ ਦਾਅਵਾ ਕੀਤਾ ਗਿਆ ਸੀ, ਪਰ ਬਾਅਦ ਵਿੱਚ ਲੁਧਿਆਣਾ ਜ਼ਿਲ੍ਹੇ ਦੇ ਸਿਵਲ ਹਸਪਤਾਲ ਡੇਹਲੋਂ ਦੇ ਡਾਕਟਰਾਂ ਨੇ ਬਚਾਏ ਗਏ ਘੱਟੋ-ਘੱਟ ਚਾਰ ਪੀੜਤਾਂ ਨੂੰ ਮ੍ਰਿਤਕ ਐਲਾਨ ਦਿੱਤਾ। ਮਾਣਕਵਾਲ ਪਿੰਡ ਦੇ ਵਸਨੀਕਾਂ ਨੇ ਦੱਸਿਆ ਕਿ ਬਚਾਅ ਕਾਰਜ ਜਾਰੀ ਰਹਿਣ ਦੌਰਾਨ ਇੱਕ ਛੋਟੀ ਕੁੜੀ ਤੋਂ ਇਲਾਵਾ ਪੰਜ ਹੋਰ ਵਿਅਕਤੀ ਅਜੇ ਵੀ ਲਾਪਤਾ ਹਨ। ਰਾਹਤ ਕਾਰਜਾਂ ਵਿੱਚ ਔਕੜਾਂ ਇਸ ਕਾਰਨ ਵੀ ਆ ਰਹੀਆਂ ਹਨ ਕਿ ਕਿਸੇ ਵੀ ਪਿੰਡ ਵਾਸੀ ਜਾਂ ਪੀੜਤ ਪਰਿਵਾਰ ਨੂੰ ਟੈਂਪੂ ਵਿੱਚ ਸਵਾਰ ਕੁੱਲ ਸਵਾਰੀਆਂ ਦੀ ਗਿਣਤੀ ਬਾਰੇ ਨਹੀਂ ਪਤਾ ਸੀ।

# ਭੈਣ ਨੂੰ ਤੀਆਂ ਦਾ ਸੰਧਾਰਾ ਦੇ ਕੇ ਪਰਤ ਰਹੇ ਨੌਜਵਾਨ ਸਣੇ ਚਾਰ ਦੋਸਤ ਹਾਦਸੇ 'ਚ ਹਲਾਕ



**ਹਿਸਾਰ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਹਿਸਾਰ ਜ਼ਿਲ੍ਹੇ ਵਿੱਚ ਸੋਮਵਾਰ ਤੜਕੇ ਇੱਕ ਦਰਦਨਾਕ ਸੜਕ ਹਾਦਸੇ ਵਿੱਚ ਚਾਰ ਨੌਜਵਾਨਾਂ ਦੀ ਮੌਤ ਹੋ ਗਈ ਜੋ ਆਪਸ ਵਿਚ ਦੋਸਤ ਸਨ। ਹਾਦਸਾ ਅਗਰੋਹਾ ਦੇ ਨੰਗਥਲਾ ਪਿੰਡ ਨੇੜੇ ਵਾਪਰਿਆ, ਜਿੱਥੇ ਇੱਕ ਕਰੇਟਾ ਕਾਰ ਅਤੇ ਖਾਦ ਨਾਲ ਭਰੇ ਟਰੱਕ ਦੀ ਆਹਮੋ-ਸਾਹਮਣੇ ਟੱਕਰ ਹੋ ਗਈ। ਟੱਕਰ ਇੰਨੀ ਜ਼ਬਰਦਸਤ ਸੀ ਕਿ ਕਾਰ ਵਿੱਚ ਸਵਾਰ ਚਾਰੇ ਨੌਜਵਾਨਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮੀਡੀਆ ਰਿਪੋਰਟਾਂ ਅਨੁਸਾਰ, ਕਾਰ ਹਿਸਾਰ ਦੇ ਬਰਵਾਲਾ ਤੋਂ ਅਗਰੋਹਾ ਜਾ ਰਹੀ ਸੀ, ਜਦੋਂ ਕਿ ਟਰੱਕ ਖਾਦ ਲੈ ਕੇ ਅਗਰੋਹਾ ਤੋਂ ਬਰਵਾਲਾ ਆ ਰਿਹਾ ਸੀ। ਤੜਕੇ ਕਰੀਬ 2 ਵਜੇ ਨੰਗਥਲਾ ਬੱਸ ਸਟੈਂਡ ਨੇੜੇ ਦੋਵੇਂ ਵਾਹਨ ਆਹਮੋ-ਸਾਹਮਣੇ ਟਕਰਾ ਗਏ। ਮ੍ਰਿਤਕਾਂ ਦੀ ਪਛਾਣ ਰਾਮਮੇਹਰ, ਰਵਿੰਦਰ, ਪ੍ਰਵੀਨ ਵਾਸੀ ਕਿਰੋੜੀ ਅਤੇ ਰਾਜਲੀ ਵਾਸੀ ਰਾਜੂ ਵਜੋਂ ਹੋਈ ਹੈ।

ਦੱਸਿਆ ਜਾ ਰਿਹਾ ਹੈ ਕਿ ਰਾਜੂ ਤੀਆਂ ਦੇ ਤਿਉਹਾਰ ਦੇ ਮੱਦੇਨਜ਼ਰ ਆਪਣੀ ਭੈਣ ਨੂੰ 'ਤੀਆਂ ਦਾ ਸੰਧਾਰਾ' ਦੇ ਕੇ ਵਾਪਸ ਆ ਰਿਹਾ ਸੀ। ਉਸ ਦੇ ਨਾਲ ਉਸ ਦੇ ਤਿੰਨ ਦੋਸਤ ਸਨ ਪਰ ਉਨ੍ਹਾਂ ਦੀ ਵਾਪਸੀ ਦੌਰਾਨ ਇਹ ਭਿਆਨਕ ਘਟਨਾ ਵਾਪਰ ਗਈ।

ਹਾਦਸੇ ਦੀ ਸੂਚਨਾ ਮਿਲਣ ਤੋਂ ਬਾਅਦ ਪੁਲੀਸ ਮੌਕੇ 'ਤੇ ਪਹੁੰਚੀ ਅਤੇ ਲਾਸ਼ਾਂ ਨੂੰ ਅਗਰੋਹਾ ਮੈਡੀਕਲ ਕਾਲਜ ਭੇਜ ਦਿੱਤਾ ਗਿਆ। ਪਰਿਵਾਰ ਦੇ ਮੈਂਬਰ ਬੁਰੀ ਹਾਲਤ ਵਿੱਚ ਰੋ-ਪਿੱਟ ਰਹੇ ਸਨ। ਪੁਲੀਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਹਾਦਸੇ ਦੇ ਕਾਰਨਾਂ ਦਾ ਪਤਾ ਲਾਇਆ ਜਾ ਰਿਹਾ ਹੈ।

# ਫ਼ੌਜ ਦੇ 'ਅਪਰੇਸ਼ਨ ਮਹਾਦੇਵ' ਦੌਰਾਨ ਸ੍ਰੀਨਗਰ ਦੇ ਦਾਚੀਗਾਮ ਮੁਕਾਬਲੇ 'ਚ 3 ਦਹਿਸ਼ਤਗਰਦ ਹਲਾਕ



**ਸ੍ਰੀਨਗਰ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅਧਿਕਾਰੀਆਂ ਨੇ ਦੱਸਿਆ ਕਿ ਸੋਮਵਾਰ ਨੂੰ ਇਥੋਂ ਦੇ ਦਾਚੀਗਾਮ ਨੈਸ਼ਨਲ ਪਾਰਕ ਨੇੜੇ ਸ਼ਹਿਰ ਦੇ ਹਰਵਾਨ ਖੇਤਰ ਵਿੱਚ ਦਹਿਸ਼ਤਗਰਦਾਂ ਅਤੇ ਸੁਰੱਖਿਆ ਬਲਾਂ ਵਿਚਕਾਰ ਇੱਕ ਮੁਕਾਬਲਾ ਹੋਇਆ ਜਿਹੜਾ ਆਖ਼ਰੀ ਖ਼ਬਰਾਂ ਮਿਲਣ ਤੱਕ ਜਾਰੀ ਸੀ। ਇਸ ਮੁਕਾਬਲੇ ਦੌਰਾਨ 3 ਅਤਿਵਾਦੀਆਂ ਦੇ ਮਾਰੇ ਜਾਣ ਦੀਆਂ ਰਿਪੋਰਟਾਂ ਹਨ।

ਸ੍ਰੀਨਗਰ ਸਥਿਤ ਫੌਜ ਦੇ ਚਿਨਾਰ ਕੋਰ ਨੇ ਆਪਣੇ ਐਕਸ ਹੈਂਡਲ 'ਤੇ ਪੋਸਟ ਕੀਤਾ, "ਅਪਰੇਸ਼ਨ ਮਹਾਦੇਵ - ਜਨਰਲ ਏਰੀਆ ਲਿਡਵਾਸ ਵਿੱਚ ਸੰਪਰਕ ਸਥਾਪਿਤ ਕੀਤਾ ਗਿਆ। ਕਾਰਵਾਈ ਜਾਰੀ ਹੈ। ਸੁਰੱਖਿਆ ਬਲਾਂ ਨੇ ਇੱਕ ਖੁਫੀਆ ਜਾਣਕਾਰੀ 'ਤੇ ਕਾਰਵਾਈ ਕਰਦੇ ਹੋਏ ਹਰਵਾਨ ਦੇ ਮੁਲਨਾਰ ਖੇਤਰ ਵਿੱਚ ਇੱਕ ਅੱਤਵਾਦ ਵਿਰੋਧੀ ਕਾਰਵਾਈ ਸ਼ੁਰੂ ਕੀਤੀ। ਅਧਿਕਾਰੀਆਂ ਨੇ ਕਿਹਾ ਕਿ ਜਦੋਂ ਸੁਰੱਖਿਆ ਦਸਤੇ ਤਲਾਸ਼ੀ ਲੈ ਰਹੇ ਸਨ ਤਾਂ ਦੂਰੋਂ ਦੋ ਗੋਲੀਆਂ ਚੱਲਣ ਦੀਆਂ ਆਵਾਜ਼ਾਂ ਸੁਣੀਆਂ ਗਈਆਂ।

ਉਨ੍ਹਾਂ ਨੇ ਕਿਹਾ ਕਿ ਇਲਾਕੇ ਵਿੱਚ ਫ਼ੌਜ ਦੀ ਹੋਰ ਨਫਰੀ ਭੇਜੀ ਗਈ ਹੈ ਅਤੇ ਅੱਤਵਾਦੀਆਂ ਦਾ ਪਤਾ ਲਗਾਉਣ ਲਈ ਤਲਾਸ਼ੀ ਮੁਹਿੰਮ ਤੇਜ਼ ਕਰ ਦਿੱਤੀ ਗਈ ਹੈ। ਮੁੱਢਲੀ ਜਾਣਕਾਰੀ ਦੇ ਅਨੁਸਾਰ, ਘੇਰਾਬੰਦੀ ਵਾਲੇ ਖੇਤਰ ਵਿੱਚ ਦੋ ਤੋਂ ਤਿੰਨ ਅੱਤਵਾਦੀ ਫਸੇ ਹੋਏ ਮੰਨੇ ਜਾ ਰਹੇ ਹਨ।

# ਬਾਹਮਣਵਾਲਾ ਕਤਲ ਕਾਂਡ: ਫਰੀਦਕੋਟ ਪੁਲਿਸ ਵੱਲੋਂ ਮੁਠਭੇੜ ਦੌਰਾਨ ਮੁੱਖ ਮੁਲਜ਼ਮ ਗ੍ਰਿਫ਼ਤਾਰ

## ਗੋਲੀਬਾਰੀ ਦੌਰਾਨ ਬੰਬੀਹਾ ਗੈਂਗ ਨਾਲ ਸਬੰਧਤ ਮੁਲਜ਼ਮ ਚਿੰਕੀ ਹੋਇਆ ਜ਼ਖ਼ਮੀ

**ਫਰੀਦਕੋਟ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਪੁਲੀਸ ਨੇ ਬੀਰ ਸਿੱਖਵਾਲਾ ਨੇੜੇ ਮੁਠਭੇੜ ਦੌਰਾਨ ਬਾਹਮਣਵਾਲਾ ਕਤਲ ਕਾਂਡ ਦੇ ਮੁੱਖ ਮੁਲਜ਼ਮ ਨੂੰ ਕਾਬੂ ਕਰ ਲਿਆ ਹੈ। ਇਸ ਪੁਲੀਸ ਮੁਕਾਬਲੇ ਵਿੱਚ ਮੁਲਜ਼ਮ ਚਿੰਕੀ ਜ਼ਖ਼ਮੀ ਹੋ ਗਿਆ ਸੀ, ਜਿਸਨੂੰ ਪੁਲੀਸ ਨੇ ਗ੍ਰਿਫ਼ਤਾਰ ਕਰ ਲਿਆ ਹੈ। ਜਾਣਕਾਰੀ ਮੁਤਾਬਕ ਮੁਲਜ਼ਮ ਚਿੰਕੀ ਦਵਿੰਦਰ ਬੰਬੀਹਾ ਗੈਂਗ ਦੇ ਫ਼ਰਾਰ ਵਿਦੇਸ਼ੀ ਗੈਂਗਸਟਰ ਗੌਰਵ ਉਰਫ਼ ਲੱਕੀ ਪਟਿਆਲ ਦਾ ਸਾਥੀ ਸੀ।

ਐੱਸਐੱਪੀ ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ 22 ਜੁਲਾਈ ਨੂੰ ਮੁਹਾਲੀ ਦੇ ਯਾਦਵਿੰਦਰ ਸਿੰਘ ਨੂੰ ਤਿੰਨ ਮੋਟਰਸਾਈਕਲ ਸਵਾਰਾਂ ਨੇ ਗੋਲੀ ਮਾਰ ਦਿੱਤੀ ਸੀ, ਜਦੋਂ ਉਹ ਆਪਣੇ ਸਾਥੀ ਜੀਵਨਜੋਤ ਚਾਹਲ ਉਰਫ਼ ਜੁਗਨੂੰ ਨਾਲ ਬਾਹਮਣਵਾਲਾ ਪਿੰਡ ਵਿੱਚ ਇੱਕ ਧਾਰਮਿਕ ਸਮਾਗਮ ਤੋਂ ਵਾਪਸ ਜਾ ਰਿਹਾ ਸੀ। ਇਸ ਤੋਂ ਪਹਿਲਾਂ 27 ਜੁਲਾਈ ਨੂੰ ਚਿੰਕੀ ਅਤੇ ਉਸਦੇ ਸਾਥੀ ਸੂਰਜ ਕੁਮਾਰ ਨੂੰ ਸਿਰਸਾ (ਹਰਿਆਣਾ) ਤੋਂ ਗ੍ਰਿਫ਼ਤਾਰ ਕੀਤਾ ਗਿਆ ਸੀ।

ਇੱਕ ਫਾਲੋ-ਅੱਪ ਆਪਰੇਸ਼ਨ ਦੌਰਾਨ ਜਦੋਂ ਪੁਲੀਸ ਚਿੰਕੀ ਨੂੰ ਅਪਰਾਧ ਵਿੱਚ ਵਰਤੀ ਗਈ ਮੋਟਰਸਾਈਕਲ ਬਰਾਮਦ ਕਰਨ ਲਈ ਲੈ ਕੇ ਗਈ ਤਾਂ ਉਸ ਨੇ ਕਥਿਤ ਤੌਰ 'ਤੇ ਨੇੜਲੀਆਂ ਝਾੜੀਆਂ ਵਿੱਚ ਲੁਕਾਏ ਹੋਏ 32 ਬੋਰ ਪਿਸਤੌਲ ਨਾਲ ਪੁਲੀਸ ਪਾਰਟੀ 'ਤੇ ਗੋਲੀਬਾਰੀ ਕਰ ਦਿੱਤੀ। ਪੁਲੀਸ ਦੀ ਜਵਾਬੀ ਕਾਰਵਾਈ ਵਿੱਚ ਮੁਲਜ਼ਮ ਚਿੰਕੀ ਜ਼ਖ਼ਮੀ ਹੋ ਗਿਆ। ਪੁਲੀਸ ਨੇ ਮੌਕੇ ਤੋਂ ਹਥਿਆਰ, ਦੋ ਜ਼ਿੰਦਾ ਕਾਰਤੂਸ ਅਤੇ ਮੋਟਰਸਾਈਕਲ ਵੀ ਬਰਾਮਦ ਕੀਤਾ ਕੋਟਕਪੂਰਾ ਸਿਟੀ ਪੁਲੀਸ ਸਟੇਸ਼ਨ ਵਿਖੇ ਮੁਲਜ਼ਮ ਉੱਤੇ ਬੀਐਨਐਸ ਦੀ ਧਾਰਾ 103(1),109,61(2) ਅਤੇ ਅਸਲਾ ਐਕਟ ਦੀ ਧਾਰਾ 25/27/54/59 ਤਹਿਤ ਮਾਮਲਾ ਪਹਿਲਾਂ ਹੀ ਦਰਜ ਹੈ।

ਦੱਸ ਦਈਏ ਕਿ ਜੀਵਨਜੋਤ ਸਿੰਘ ਚਾਹਲ ਉਰਫ਼ ਜੁਗਨੂੰ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੇ ਕਤਲ ਦਾ ਮੁੱਖ ਦੋਸ਼ੀ ਸੀ। ਪੁਲੀਸ ਦੇ ਸੂਤਰਾਂ ਨੇ ਦੱਸਿਆ ਕਿ 22 ਜੁਲਾਈ ਨੂੰ ਹੋਇਆ ਹਮਲਾ ਉਸ ਨੂੰ ਨਿਸ਼ਾਨਾ ਬਣਾ ਕੇ ਕੀਤਾ ਗਿਆ ਸੀ। ਹਾਲਾਂਕਿ ਉਹ ਇਸ ਹਮਲੇ ਵਿੱਚ ਵਾਲ ਵਾਲ ਬਚ ਗਿਆ, ਪਰ ਉਸਦੇ ਡਰਾਈਵਰ ਯਾਦਵਿੰਦਰ ਸਿੰਘ ਦੀ ਇਸ ਹਮਲੇ ਵਿੱਚ ਮੌਕੇ 'ਤੇ ਹੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਹਾਲਾਂਕਿ ਧਾਰਮਿਕ ਸਮਾਗਮ ਵਿੱਚ ਜਾਣ ਤੋਂ ਪਹਿਲਾਂ ਮੌਕੇ 'ਤੇ ਵਾਹਨ ਬਦਲ ਦਿੱਤਾ ਗਿਆ ਸੀ।

ਚਾਹਲ ਨੇ ਦੱਸਿਆ, ਸ਼ੁਰੂ ਵਿੱਚ ਮੈਨੂੰ ਆਪਣੀ ਕਾਰ ਵਿੱਚ ਡਰਾਈਵਰ ਦੇ ਨਾਲ ਬਿਠਾਇਆ ਗਿਆ ਸੀ, ਪਰ ਮੇਰੇ ਚਾਚੇ ਨੇ ਬੇਨਤੀ ਕੀਤੀ ਕਿ ਮੈਂ ਉਸਦੇ ਨਾਲ ਯਾਤਰਾ ਕਰਾਂ। ਮੈਂ ਰਵਾਨਗੀ ਤੋਂ ਠੀਕ ਪਹਿਲਾਂ ਵਾਹਨ ਬਦਲ ਦਿੱਤਾ। ਜਿਵੇਂ ਹੀ ਚਾਰ ਤੋਂ ਪੰਜ ਕਾਰਾਂ ਦੇ ਸਾਡੇ ਕਾਫਲੇ ਨੇ ਵਾਪਸੀ ਦੀ ਯਾਤਰਾ ਸ਼ੁਰੂ ਕੀਤੀ, ਤਿੰਨ ਬਾਈਕ ਸਵਾਰ ਹਮਲਾਵਰਾਂ ਨੇ ਉਸ ਕਾਰ 'ਤੇ ਗੋਲੀਬਾਰੀ ਕਰ ਦਿੱਤੀ ਜਿਸ ਵਿੱਚ ਮੈਂ ਹੋਣਾ ਸੀ। ਇਸ ਦੌਰਾਨ ਮੇਰਾ ਡਰਾਈਵਰ ਤੁਰੰਤ ਮਾਰਿਆ ਗਿਆ।

ਇਹ ਹਮਲਾ ਉਸ ਸਮੇਂ ਹੋਇਆ ਜਦੋਂ ਚਾਹਲ ਕੋਟਕਪੂਰਾ ਨੇੜੇ ਪਿੰਡ ਬਾਹਮਣਵਾਲਾ ਦੇ ਇੱਕ ਗੁਰਦੁਆਰੇ ਵਿੱਚ ਆਪਣੇ ਦਾਦਾ ਜੀ ਦੇ ਭੋਗ ਤੋਂ ਵਾਪਸ ਆ ਰਿਹਾ ਸੀ। ਇਹ ਪਹਿਲੀ ਵਾਰ ਨਹੀਂ ਹੋਇਆ, ਜਦੋਂ ਚਾਹਲ ਸੁਰਖੀਆਂ ਵਿੱਚ ਆਇਆ ਹੋਵੇ। ਇਸ ਸਾਲ ਅਪਰੈਲ ਵਿੱਚ ਉਸ ਨੂੰ ਦਿੱਲੀ ਦੇ ਇੰਦਰਾ ਗਾਂਧੀ ਕੌਮਾਂਤਰੀ ਹਵਾਈ ਅੱਡੇ 'ਤੇ ਦੇਸ਼ ਛੱਡ ਕੇ ਭੱਜਣ ਦੀ ਕੋਸ਼ਿਸ਼ ਕਰਦੇ ਸਮੇਂ ਹਿਰਾਸਤ ਵਿੱਚ ਲੈ ਲਿਆ ਗਿਆ ਸੀ। ਉਸਨੂੰ ਸਿੱਧੂ ਮੂਸੇਵਾਲਾ ਦੇ ਪਰਿਵਾਰ ਦੀ ਸ਼ਿਕਾਇਤ ਤੋਂ ਬਾਅਦ ਮਾਨਸਾ ਪੁਲੀਸ ਵੱਲੋਂ ਜਾਰੀ ਗਏ ਲੁੱਕ ਆਊਟ ਸਰਕੂਲਰ (LoC) ਦੇ ਆਧਾਰ 'ਤੇ ਵੀ ਗ੍ਰਿਫ਼ਤਾਰ ਕੀਤਾ ਗਿਆ ਸੀ।

# ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਵਿਰਾਸਤੀ ਕੰਪਲੈਕਸ' ਸ਼ਹੀਦ ਦੀ ਮਹਾਨ ਵਿਰਾਸਤ ਨੂੰ ਸਦੀਵੀ ਤੌਰ 'ਤੇ ਕਾਇਮ ਰੱਖੇਗਾ:ਮੁੱਖ ਮੰਤਰੀ

**ਖਟਕੜ ਕਲਾਂ (ਸ਼ਹੀਦ ਭਗਤ ਸਿੰਘ ਨਗਰ), 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇੱਥੇ ਸ਼ਹੀਦ ਸਰਦਾਰ ਭਗਤ ਸਿੰਘ ਦੇ ਦੇਸ਼ ਸੇਵਾ ਲਈ ਪਾਏ ਲਾਮਿਸਾਲ ਯੋਗਦਾਨ ਪ੍ਰਤੀ ਸਤਿਕਾਰ ਭੇਟ ਕਰਦਿਆਂ 'ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਵਿਰਾਸਤੀ ਕੰਪਲੈਕਸ' ਦਾ ਨੀਂਹ ਪੱਥਰ ਰੱਖਿਆ। ਇਸ ਮਾਣਮੱਤੇ ਪ੍ਰਾਜੈਕਟ 'ਤੇ 51 ਕਰੋੜ 70 ਲੱਖ ਰੁਪਏ ਦੀ ਲਾਗਤ ਆਵੇਗੀ ਜੋ ਮਹਾਨ ਸ਼ਹੀਦ ਭਗਤ ਸਿੰਘ ਨੂੰ ਸ਼ਰਧਾਂਜਲੀ ਲਈ ਨਿਮਾਣੀ ਜਿਹੀ ਕੋਸ਼ਿਸ਼ ਹੋਵੇਗੀ।

ਸ਼ਹੀਦ-ਏ-ਆਜ਼ਮ ਨੂੰ ਦਿਲ ਦੀਆਂ ਗਹਿਰਾਈਆਂ ਤੋਂ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਦੀ ਮਹਾਨ ਕੁਰਬਾਨੀ ਨੇ ਗੁਲਾਮੀ ਦੀ ਦਲਦਲ ਵਿੱਚ ਫਸੇ ਮੁਲਕ ਨੂੰ ਵਿਦੇਸ਼ੀ ਸਾਮਰਾਜਵਾਦ ਦੇ ਜੂਲੇ ਤੋਂ ਆਜ਼ਾਦ ਕਰਵਾਇਆ। ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਇਹ ਪ੍ਰਾਜੈਕਟ 9 ਮਹੀਨਿਆਂ ਵਿੱਚ ਮੁਕੰਮਲ ਹੋਵੇਗਾ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਦੇਸ਼ ਦੀ ਨਿਰਸਵਾਰਥ ਸੇਵਾ ਕਰਨ ਲਈ ਪ੍ਰੇਰਨਾ ਸਰੋਤ ਬਣੇਗਾ। ਉਨ੍ਹਾਂ ਕਿਹਾ ਕਿ ਇਸ ਮਹੱਤਵਪੂਰਨ ਉਪਰਾਲੇ ਦਾ ਉਦੇਸ਼ ਆਪਣੇ ਮਹਾਨ ਸਪੂਤ ਦੀ ਲਾਸਾਨੀ ਵਿਰਾਸਤ ਦੀ ਸੰਭਾਲ ਅਤੇ ਪਾਸਾਰ ਕਰਨਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਹ ਪ੍ਰਾਜੈਕਟ ਸਿਰਫ ਇਕ ਇਮਾਰਤੀ ਢਾਂਚਾ ਨਹੀਂ ਹੋਵੇਗਾ ਸਗੋਂ ਨਾ-ਭੁੱਲਣਯੋਗ ਅਹਿਸਾਸ ਹੋਵੇਗਾ ਜਿੱਥੇ ਸ਼ਹੀਦ ਭਗਤ ਸਿੰਘ ਦੀ ਮਾਤ ਭੂਮੀ ਖਾਤਰ ਮਰ ਮਿਟ ਜਾਣ ਵਾਲੀ ਭਾਵਨਾ, ਬੌਧਿਕ ਸੋਚ ਅਤੇ ਸਾਹਸੀ ਜਜ਼ਬੇ ਦੀ ਝਲਕ ਦੇਖਣ ਨੂੰ ਮਿਲੇਗੀ। ਉਨ੍ਹਾਂ ਦੱਸਿਆ ਕਿ ਨਵੇਂ ਬਣਨ ਵਾਲੇ ਵਿਰਸਾਤੀ ਕੰਪਲੈਕਸ ਵਿੱਚ ਵਿਸ਼ਾਲ ਥੀਮੈਟਿਕ ਗੇਟ ਹੋਵੇਗਾ ਜੋ ਮਹਾਨ ਵਿਰਾਸਤ ਦੀ ਝਲਕ ਪੇਸ਼ ਕਰੇਗਾ। ਉਨ੍ਹਾਂ ਦੱਸਿਆ ਕਿ 350 ਮੀਟਰ ਲੰਮਾ ਵਿਰਾਸਤੀ ਲਾਂਘਾ ਵੀ ਇਸ ਪ੍ਰਾਜੈਕਟ ਦਾ ਅਹਿਮ ਹਿੱਸਾ ਹੋਵੇਗਾ। ਇਹ ਵਿਰਾਸਤੀ ਲਾਂਘਾ ਸ਼ਹੀਦ ਭਗਤ ਸਿੰਘ ਅਜਾਇਬ ਘਰ ਨੂੰ ਸ਼ਹੀਦ ਭਗਤ ਸਿੰਘ ਦੇ ਪੁਰਖਿਆਂ ਦੇ ਘਰ ਨਾਲ ਜੋੜੇਗਾ। ਇਹ ਲਾਂਘਾ ਸ਼ਹੀਦ ਭਗਤ ਸਿੰਘ ਦਾ ਜੀਵਨ ਸਫਰ ਅਤੇ ਭਾਰਤ ਦੇ ਆਜ਼ਾਦੀ ਸੰਘਰਸ਼ ਦੀ ਕਹਾਣੀ ਬੁੱਤਾਂ, 2ਡੀ/3ਡੀ ਕੰਧ ਚਿੱਤਰਾਂ, ਪੁਤਲਿਆਂ ਰਾਹੀਂ ਬਸਤੀਵਾਦੀ ਭਾਰਤ ਦੇ ਦੌਰ ਨੂੰ ਦਰਸਾਏਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ 30 ਮੀਟਰ ਉੱਚਾ ਭਾਰਤੀ ਝੰਡਾ ਸਾਨੂੰ ਮੁਲਕ ਦੀ ਆਜ਼ਾਦੀ ਲਈ ਦੇਸ਼ ਭਗਤਾਂ ਦੀਆਂ ਮਹਾਨ ਕੁਰਬਾਨੀਆਂ ਦੀ ਯਾਦ ਦਿਵਾਉਂਦਾ ਰਹੇਗਾ। ਉਨ੍ਹਾਂ ਦੱਸਿਆ ਕਿ 700 ਸੀਟਾਂ ਦੀ ਸਮਰੱਥਾ ਵਾਲਾ ਆਡੀਟੋਰੀਅਮ ਪੂਰੀ ਤਰ੍ਹਾਂ ਵਾਤਾਨਕੂਲ (ਏ.ਸੀ.) ਹੋਵੇਗਾ ਜਿੱਥੇ ਸੱਭਿਆਚਾਰਕ ਪ੍ਰੋਗਰਾਮ ਅਤੇ ਸੈਮੀਨਾਰਾਂ ਸਮੇਤ ਹੋਰ ਗਤੀਵਿਧੀਆਂ ਕਰਵਾਈਆਂ ਜਾਣਗੀਆਂ।

ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਦੇ ਲਾਇਲਪੁਰ (ਹੁਣ ਪਾਕਿਸਤਾਨ ਵਿੱਚ) ਸਥਿਤ ਜੱਦੀ ਘਰ ਦਾ ਮਾਡਲ ਤਿਆਰ ਕੀਤਾ ਜਾਵੇਗਾ। ਇਸੇ ਤਰ੍ਹਾਂ ਸਰਦਾਰ ਭਗਤ ਸਿੰਘ ਦੇ ਜੱਦੀ ਪਿੰਡ ਨੂੰ ਵੱਖ-ਵੱਖ ਦ੍ਰਿਸ਼ਾਂ ਅਤੇ ਮਾਧਿਅਮਾਂ ਰਾਹੀਂ ਦਰਸਾਇਆ ਜਾਵੇਗਾ।

# ਪਟਿਆਲਾ ਸ਼ਹਿਰ 'ਚ ਕੋਈ ਬੱਚਾ ਭੀਖ ਮੰਗਦਾ ਸਾਹਮਣੇ ਨਹੀਂ ਆਇਆ : ਡਾ. ਪ੍ਰੀਤੀ ਯਾਦਵ

## ਬਾਲ ਭੀਖ ਵਿਰੁੱਧ ਬਾਜ਼ਾਰਾਂ ਦਾ ਜਾਇਜ਼ਾ ਲੈਣ ਲਈ ਸ਼ਹਿਰ 'ਚ ਪੁੱਜੇ ਏ.ਡੀ.ਸੀ. ਨਵਰੀਤ ਕੌਰ ਸੇਖੋਂ



**ਪਟਿਆਲਾ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਹੈ ਕਿ ਅੱਜ ਪਟਿਆਲਾ ਜ਼ਿਲ੍ਹੇ ਅੰਦਰ ਕੋਈ ਬੱਚਾ ਭੀਖ ਮੰਗਦਾ ਨਹੀਂ ਪਾਇਆ ਗਿਆ ਹੈ। ਡੀ.ਸੀ. ਨੇ ਦੱਸਿਆ ਕਿ ਬਾਲ ਭਿੱਖਿਆ ਦੀ ਭਿਆਨਕ ਸਮੱਸਿਆ ਦੇ ਖਾਤਮੇ ਲਈ ਜ਼ਿਲ੍ਹਾ ਪ੍ਰਸ਼ਾਸਨ ਦ੍ਰਿੜ ਸੰਕਲਪ ਹੈ, ਜਿਸ ਲਈ ਲਗਾਏ ਗਏ ਨੋਡਲ ਅਫ਼ਸਰਾਂ ਦੀ ਦੇਖ-ਰੇਖ ਹੇਠ ਜ਼ਿਲ੍ਹੇ ਭਰ 'ਚ ਛਾਪਾਮਾਰੀ ਕੀਤੀ ਜਾ ਰਹੀ ਹੈ।

ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਅਰੰਭੀ ਮੁਹਿੰਮ ਤਹਿਤ ਜ਼ਿਲ੍ਹੇ ਨੂੰ ਭੀਖ ਮੁਕਤ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਤੇ ਟਾਸਕ ਫੋਰਸ ਵੱਲੋਂ ਪਟਿਆਲਾ ਜ਼ਿਲ੍ਹੇ ਵਿੱਚੋਂ ਵੱਖ-ਵੱਖ ਥਾਵਾਂ 'ਤੇ ਅਚਨਚੇਤ ਚੈਕਿੰਗ ਕੀਤੀ ਜਾ ਰਹੀ ਹੈ।

ਇਸੇ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਨਵਰੀਤ ਕੌਰ ਸੇਖੋਂ ਨੇ ਅਦਾਲਤ ਬਾਜ਼ਾਰ, ਕਿਲਾ ਮੁਬਾਰਕ ਤੇ ਤ੍ਰਿਪੜੀ ਆਦਿ ਬਾਜ਼ਾਰਾਂ ਆਦਿ ਦਾ ਦੌਰਾ ਕੀਤਾ। ਏ.ਡੀ.ਸੀ. ਨੇ ਦੱਸਿਆ ਕਿ ਪੰਜਾਬ ਦੇ ਮੁੱਖ ਸਕੱਤਰ ਦੇ ਨਿਰਦੇਸ਼ਾਂ ਮੁਤਾਬਕ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਵੱਲੋਂ ਕੀਤੇ ਗਏ ਹੁਕਮਾਂ ਤਹਿਤ ਉਨ੍ਹਾਂ ਨੇ ਅੱਜ ਪਟਿਆਲਾ ਸ਼ਹਿਰ ਦੇ ਬਾਜ਼ਾਰਾਂ ਦਾ ਜਾਇਜ਼ਾ ਲਿਆ ਹੈ। ਉਨ੍ਹਾਂ ਦੇ ਨਾਲ ਸੀ.ਡੀ.ਪੀ.ਓ. ਸੁਪਰੀਤ ਬਾਜਵਾ ਤੇ ਬਾਲ ਸੁਰੱਖਿਆ ਅਫ਼ਸਰ ਰੂਪਵੰਤ ਕੌਰ ਵੀ ਮੌਜੂਦ ਸਨ।

ਨਵਰੀਤ ਕੌਰ ਨੇ ਦੱਸਿਆ ਕਿ ਉਹ ਇਕੱਲੀ ਬੱਚਿਆਂ ਵੱਲੋਂ ਮੰਗੀ ਜਾਂਦੀ ਭੀਖ ਹੀ ਨਹੀਂ ਚੈਕ ਕਰ ਰਹੇ ਸਗੋਂ ਬਾਲ ਮਜ਼ਦੂਰੀ, ਸਾਫ਼-ਸਫ਼ਾਈ, ਕੂੜੇ ਦੀ ਲਿਫਟਿੰਗ, ਨਜਾਇਜ਼ ਕਬਜ਼ੇ ਤੇ ਹੋਰ ਹੋਰ ਵਿਵਸਥਾ ਬਾਰੇ ਵੀ ਨਿਰੀਖਣ ਕਰ ਰਹੇ ਹਨ ਤੇ ਇਹ ਮੁਹਿੰਮ ਲਗਾਤਾਰ ਜਾਰੀ ਰਹੇਗੀ ਤੇ ਇਸ ਦੀ ਬਾਕਾਇਦਾ ਰਿਪੋਰਟ ਉਚ ਅਧਿਕਾਰੀਆਂ ਤੱਕ ਪੁੱਜਦੀ ਕੀਤੀ ਜਾਵੇਗੀ।

# ਰਜਿੰਦਰਾ ਝੀਲ ਦੀ ਡੀ.ਪੀ.ਆਰ ਪ੍ਰਵਾਨ, ਟੈਂਡਰ ਅਗਲੇ ਹਫ਼ਤੇ, ਇੱਕ ਮਹੀਨੇ 'ਚ ਛੱਡਿਆ ਜਾਵੇਗਾ ਪਾਣੀ : ਡਾ. ਪ੍ਰੀਤੀ ਯਾਦਵ

> ➢ ਡੀ.ਸੀ. ਵੱਲੋਂ ਸ਼ਹਿਰ ਦਾ ਮੂੰਹ-ਮੁਹਾਂਦਰਾ ਸੰਵਾਰਨ ਲਈ ਚੁੱਕੇ ਕਦਮਾਂ ਦਾ ਜਾਇਜ਼ਾ ਲੈਣ ਲਈ ਬੈਠਕ
> ➢ ਲੀਲਾ ਭਵਨ ਚੌਂਕ ਦੀ ਮੁਰੰਮਤ ਸਮੇਤ ਤਿੰਨ ਮਹੀਨਿਆਂ 'ਚ ਸਾਰੇ ਚੌਂਕਾਂ ਤੇ ਸੜਕਾਂ ਦੀ ਹੋਵੇਗੀ ਮੁਰੰਮਤ

**ਪਟਿਆਲਾ, 29 ਜੁਲਾਈ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਹੈ ਕਿ ਰਾਜਿੰਦਰਾ ਝੀਲ ਵਿੱਚ ਪਾਣੀ ਪੱਕੇ ਤੌਰ 'ਤੇ ਜਮ੍ਹਾਂ ਕਰਨ ਅਤੇ ਇਸ ਨੂੰ ਇੱਕ ਸੈਰ ਸਪਾਟੇ ਦੇ ਕੇਂਦਰ ਵਜੋਂ ਵਿਕਸਤ ਕਰਨ ਲਈ ਵਿਸਥਾਰਤ ਪ੍ਰਾਜੈਕਟ ਰਿਪੋਰਟ ਨੂੰ ਰਾਜ ਪੱਧਰੀ ਤਕਨੀਕੀ ਕਮੇਟੀ ਵੱਲੋਂ ਪਾਸ ਕਰ ਦਿੱਤਾ ਗਿਆ ਹੈ ਅਤੇ ਹੁਣ ਇਸ ਦਾ ਟੈਂਡਰ ਅਗਲੇ ਹਫ਼ਤੇ ਲੱਗ ਜਾਵੇਗਾ ਅਤੇ ਇੱਕ ਮਹੀਨੇ ਦੇ ਅੰਦਰ-ਅੰਦਰ ਇਸ ਵਿੱਚ ਪਾਣੀ ਭਰ ਦਿੱਤਾ ਜਾਵੇਗਾ।

ਨਗਰ ਨਿਗਮ ਕਮਿਸ਼ਨਰ ਪਰਮਵੀਰ ਸਿੰਘ, ਏਡੀਸੀਜ ਇਸ਼ਾ ਸਿੰਗਲ ਤੇ ਨਵਰੀਤ ਕੌਰ ਸੇਖੋਂ ਸਮੇਤ ਲੋਕ ਨਿਰਮਾਣ, ਜਲ ਨਿਕਾਸ, ਜੰਗਲਾਤ, ਬਾਗਬਾਨੀ ਤੇ ਮੱਛੀ ਪਾਲਣ ਵਿਭਾਗਾਂ ਦੇ ਅਧਿਕਾਰੀਆਂ ਨਾਲ ਬੈਠਕ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸ਼ਹਿਰ ਦੀਆਂ ਸੜਕਾਂ ਦੀ ਸਾਰੀ ਮੁਰੰਮਤ ਦਾ ਕੰਮ ਅਗਲੇ ਤਿੰਨ ਮਹੀਨਿਆਂ ਵਿੱਚ ਮੁਕੰਮਲ ਕਰਵਾਇਆ ਜਾਵੇਗਾ।



ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਸ਼ਹਿਰ ਵਿੱਚ ਵਿਕਾਸ ਕਾਰਜਾਂ ਬਾਰੇ ਬੈਠਕ ਕਰਦੇ ਹੋਏ। ਉਨ੍ਹਾਂ ਨਾਲ ਨਜ਼ਰ ਆ ਰਹੇ ਹਨ ਏਡੀਸੀਜ ਇਸ਼ਾ ਸਿੰਗਲ ਤੇ ਨਵਰੀਤ ਕੌਰ ਸੇਖੋਂ ਤੇ ਹੋਰ ਅਧਿਕਾਰੀ।

ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਅੱਗੇ ਦੱਸਿਆ ਕਿ ਰਜਿੰਦਰਾ ਝੀਲ ਦੇ ਵਿਕਾਸ ਲਈ ਨਗਰ ਨਿਗਮ ਵੱਲੋਂ ਟੈਂਡਰ ਇੱਕ ਹਫ਼ਤੇ ਦੇ ਅੰਦਰ-ਅੰਦਰ ਲਗਾਇਆ ਜਾ ਰਿਹਾ ਹੈ ਜਦੋਂਕਿ ਡਰੇਨੇਜ ਵਿਭਾਗ ਵੱਲੋਂ ਇਸ ਵਿੱਚ ਪਾਣੀ ਛੱਡਣ ਲਈ ਪਾਈਪਲਾਈਨ ਦਾ ਕੰਮ ਵੀ 40 ਫੀਸਦੀ ਮੁਕੰਮਲ ਕਰ ਲਿਆ ਗਿਆ ਹੈ।

ਉਨ੍ਹਾਂ ਹੋਰ ਕਿਹਾ ਕਿ ਸ਼ਹਿਰ ਦਾ ਦਿਲ ਸਮਝੀ ਜਾਂਦੇ ਬਾਰਾਂਦਰੀ ਤੇ ਵਾਤਾਵਰਨ ਪਾਰਕ ਦੀ ਵੀ ਨੁਹਾਰ ਬਦਲਣ ਲਈ ਐਨਕੈਪ ਤਹਿਤ ਤਜਵੀਜਾਂ ਬਣਾਈਆਂ ਗਈਆਂ ਹਨ। ਇਸ ਤੋਂ ਇਲਾਵਾ ਸ਼ਹਿਰ ਅੰਦਰ ਗਰੀਨ ਬੈਲਟ ਅਧੀਨ ਖੇਤਰ ਵਧਾਉਣ ਲਈ ਨਗਰ ਨਿਗਮ ਦੇ ਸਹਿਯੋਗ ਨਾਲ ਜੰਗਲਾਤ ਵਿਭਾਗ ਵੱਲੋਂ ਵੱਡੀ ਨਦੀ ਦੇ ਕਿਨਾਰੇ, ਸਰਹਿੰਦ ਬਾਈਪਾਸ, ਜੇਲ ਰੋਡ, ਡਿਫੈਂਸ ਏਰੀਆ, ਕੇਸਰ ਬਾਗ ਅਤੇ ਨਾਭਾ ਰੋਡ ਵਿਖੇ ਬੂਟੇ ਲਗਾਏ ਜਾਣਗੇ।

ਡਿਪਟੀ ਕਮਿਸ਼ਨਰ ਨੇ ਹੋਰ ਦੱਸਿਆ ਕਿ ਸ਼ਹਿਰ ਦੇ ਲੀਲ੍ਹਾ ਭਵਨ ਚੌਂਕ ਦੇ ਨਵੀਨੀਕਰਨ ਸਮੇਤ ਹੋਰ ਚੌਂਕਾਂ ਦਾ ਵੀ ਮੂੰਹ-ਮੁਹਾਂਦਰਾ ਬਦਲਿਆ ਜਾਵੇਗਾ, ਇਸ ਲਈ ਲੋਕ ਨਿਰਮਾਣ ਵਿਭਾਗ ਵੱਲੋਂ ਟੈਂਡਰ ਲਗਾਏ ਜਾ ਰਹੇ ਹਨ। ਇਸ ਮੌਕੇ ਨਗਰ ਨਿਗਮ ਦੇ ਨਿਗਰਾਨ ਇੰਜੀਨੀਅਰ ਹਰਕਿਰਨ ਸਿੰਘ, ਵਣ ਮੰਡਲ ਅਫ਼ਸਰ ਗੁਰਮਨਪ੍ਰੀਤ ਸਿੰਘ, ਕਾਰਜਕਾਰੀ ਇੰਜੀਨੀਅਰ ਪਿਊਸ਼ ਅਗਰਵਾਲ ਤੇ ਪ੍ਰਥਮ ਗੰਭੀਰ ਸਮੇਤ ਹੋਰ ਅਧਿਕਾਰੀ ਮੌਜੂਦ ਸਨ

# ਐਸ.ਡੀ.ਐਮ. ਵੱਲੋਂ ਆਰਮੀ ਭਰਤੀ ਰੈਲੀ ਦੀਆਂ ਤਿਆਰੀਆਂ ਦਾ ਜਾਇਜ਼ਾ



**ਪਟਿਆਲਾ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਵਿਖੇ ਭਾਰਤੀ ਫ਼ੌਜ ਵੱਲੋਂ ਪੰਜਾਬ ਦੇ 6 ਜ਼ਿਲ੍ਹਿਆਂ, ਸੰਗਰੂਰ, ਮਾਨਸਾ, ਬਰਨਾਲਾ, ਪਟਿਆਲਾ, ਮਾਲੇਰਕੋਟਲਾ ਅਤੇ ਫ਼ਤਿਹਗੜ੍ਹ ਸਾਹਿਬ ਦੇ 7 ਹਜ਼ਾਰ ਦੇ ਕਰੀਬ ਲਿਖਤੀ ਪ੍ਰੀਖਿਆ ਪਾਸ ਨੌਜਵਾਨਾਂ ਦਾ 4 ਤੋਂ 11 ਅਗਸਤ ਤੱਕ ਫਿਜ਼ੀਕਲ ਟੈਸਟ ਰਾਜਾ ਭਲਿੰਦਰ ਸਿੰਘ ਸਪੋਰਟਸ ਸਟੇਡੀਅਮ ਪੋਲੋ ਗਰਾਊਂਡ ਵਿਖੇ ਕਰਵਾਇਆ ਜਾ ਰਿਹਾ ਹੈ। ਇਹ ਪ੍ਰਗਟਾਵਾ ਐਸ.ਡੀ.ਐਮ. ਪਟਿਆਲਾ ਹਰਜੋਤ ਕੌਰ ਨੇ ਫ਼ੌਜੀ ਭਰਤੀ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਫ਼ੌਜ, ਸਿਵਲ ਤੇ ਪੁਲਿਸ ਦੇ ਅਧਿਕਾਰੀਆਂ ਨਾਲ ਕੀਤੀ ਉੱਚ ਪੱਧਰੀ ਮੀਟਿੰਗ ਦੌਰਾਨ ਕੀਤਾ।

ਐਸ.ਡੀ.ਐਮ. ਪਟਿਆਲਾ ਨੇ ਦੱਸਿਆ ਕਿ 4 ਤੋਂ 11 ਅਗਸਤ ਤੱਕ ਚੱਲਣ ਵਾਲੀ ਇਸ ਆਰਮੀ ਭਰਤੀ ਰੈਲੀ ਦੀਆਂ ਤਿਆਰੀ ਸਬੰਧਤ ਵਿਭਾਗਾਂ ਵੱਲੋਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਇਸ ਭਰਤੀ ਰੈਲੀ ਵਿੱਚ ਪਟਿਆਲਾ ਸਮੇਤ ਸੰਗਰੂਰ, ਫ਼ਤਿਹਗੜ੍ਹ ਸਾਹਿਬ, ਬਰਨਾਲਾ, ਮਾਲੇਰਕੋਟਲਾ ਅਤੇ ਮਾਨਸਾ ਜ਼ਿਲ੍ਹਿਆਂ ਦੇ ਲਿਖਤੀ ਪ੍ਰੀਖਿਆ ਪਾਸ ਉਮੀਦਵਾਰ ਹਿੱਸਾ ਲੈਣਗੇ।

ਮੀਟਿੰਗ ਦੌਰਾਨ ਭਰਤੀ ਡਾਇਰੈਕਟਰ ਕਰਨਲ ਜੀ.ਆਰ.ਐਸ ਰਾਜਾ ਨੇ ਦੱਸਿਆ ਕਿ ਭਰਤੀ ਰੈਲੀ ਵਿੱਚ ਛੇ ਜ਼ਿਲ੍ਹਿਆਂ ਦੇ 7 ਹਜ਼ਾਰ ਕਰੀਬ ਨੌਜਵਾਨ ਉਮੀਦਵਾਰ ਸ਼ਾਮਲ ਹੋ ਰਹੇ ਹਨ, ਜਿਨ੍ਹਾਂ ਦੀ ਭਰਤੀ ਲਈ ਜ਼ਿਲ੍ਹਾ ਵਾਰ ਰੋਸਟਰ ਬਣਾਇਆ ਗਿਆ ਹੈ। ਉਨ੍ਹਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਸਹਿਯੋਗ ਲਈ ਡਿਪਟੀ ਕਮਿਸ਼ਨਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਭਰਤੀ ਨੂੰ ਫ਼ੌਜ ਵੱਲੋਂ ਸਿਵਲ ਤੇ ਪੁਲਿਸ ਪ੍ਰਸ਼ਾਸਨ ਦੇ ਸਹਿਯੋਗ ਨਾਲ ਸਫਲ ਬਣਾਇਆ ਜਾਵੇਗਾ।

ਐਸ.ਡੀ.ਐਮ. ਨੇ ਭਰਤੀ ਰੈਲੀ ਲਈ ਸਿਵਲ ਤੇ ਪੁਲਿਸ ਪ੍ਰਸ਼ਾਸਨ ਵੱਲੋਂ ਕੀਤੇ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਦੱਸਿਆ ਕਿ ਟਰੈਫ਼ਕ ਡਾਇਰਵਰਸ਼ਨ, ਮੈਡੀਕਲ ਐਮਰਜੈਂਸੀ ਸਹੂਲਤ, ਮੋਬਾਇਲ ਟੁਆਲਿਟਸ, ਪੀਣ ਵਾਲੇ ਪਾਣੀ ਦੇ ਟੈਂਕਰ, ਮੀਂਹ ਤੋਂ ਬਚਣ ਲਈ ਆਰਜ਼ੀ ਤਰਪਾਲ ਸ਼ੈਲਟਰ, ਲਾਈਟਾਂ, ਟਰੈਫ਼ ?ਕ ਪ੍ਰਬੰਧਨ ਲਈ ਬੈਰੀਗੇਟਿੰਗ, ਪੁਲਿਸ ਵੱਲੋਂ ਸੁਰੱਖਿਆ ਪ੍ਰਬੰਧ, ਨਗਰ ਨਿਗਮ ਵੱਲੋਂ ਘਾਹ ਦੀ ਕਟਾਈ ਤੇ ਸਾਫ਼-ਸਫ਼ਾਈ ਆਦਿ ਦੇ ਸਾਰੇ ਪ੍ਰਬੰਧ ਕੀਤੇ।

# ਭਾਸ਼ਾ ਵਿਭਾਗ ਪੰਜਾਬ ਵੱਲੋਂ ਕਸ਼ਮੀਰ ਵਿਖੇ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਦੇ 350ਵੇਂ ਵਰ੍ਹੇ ਦੇ ਸਮਾਗਮਾਂ ਦੀ ਸ਼ੁਰੂਆਤ

**ਪਟਿਆਲਾ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

2025 ਦਾ ਇਹ ਸਾਲ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਦਾ 350ਵਾਂ ਵਰ੍ਹਾ ਹੈ। ਇਸ ਪ੍ਰਥਾਏ ਭਾਸ਼ਾ ਵਿਭਾਗ ਪੰਜਾਬ ਨੇ ਸ. ਹਰਜੋਤ ਸਿੰਘ ਬੈਂਸ ਸਿੱਖਿਆ ਮੰਤਰੀ ਪੰਜਾਬ ਦੀ ਅਗਵਾਈ ਵਿੱਚ 'ਤੇਗ ਬਹਾਦਰ ਸਿਮਰਿਐ' ਦੇ ਸਿਰਲੇਖ ਅਧੀਨ ਹੋਣ ਵਾਲੇ ਦੋ ਦਿਨਾ ਸਮਾਗਮਾਂ ਦੀ ਸ੍ਰੀਨਗਰ ਨੇੜਲੀ ਪੰਡਿਤ ਕਿਰਪਾ ਰਾਮ ਦੀ ਜਨਮ ਭੂਮੀ ਮੱਤਨ (ਕਸ਼ਮੀਰ) ਵਿਖੇ ਸਰਬੱਤ ਦੇ ਭਲੇ ਦੀ ਅਰਦਾਸ ਕਰਕੇ ਸ਼ੁਰੂਆਤ ਕੀਤੀ। ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ 'ਚ ਜੰਮੂ ਕਸ਼ਮੀਰ ਦੇ ਚੋਣਵੇਂ ਪੰਜਾਬੀ ਬੁੱਧੀਜੀਵੀਆਂ ਅਤੇ ਕਲਮਕਾਰਾਂ ਸਮੇਤ ਪੰਜਾਬ ਤੋਂ ਗਏ 50 ਤੋਂ ਵਧੇਰੇ ਮੈਂਬਰਾਂ ਵਾਲਾ ਡੈਲੀਗੇਸ਼ਨ ਸਵੇਰ ਵੇਲੇ ਗੁਰਦੁਆਰਾ ਮੱਤਨ ਸਾਹਿਬ ਵਿਖੇ ਨਤਮਸਤਕ ਹੋਇਆ। ਜਿੱਥੇ ਗੁਰਦੁਆਰਾ ਪ੍ਰਬੰਧਕ ਕਮੇਟੀ ਅਨੰਤਨਾਗ ਦੇ ਪ੍ਰਧਾਨ ਸ. ਨਾਨਕ ਸਿੰਘ ਤੇ ਜਨਰਲ ਸਕੱਤਰ ਸ. ਜਰਨੈਲ ਸਿੰਘ ਦੀ ਅਗਵਾਈ 'ਚ ਵੱਡੀ ਗਿਣਤੀ 'ਚ ਸਥਾਨਕ ਸੰਗਤ ਨੇ ਡੈਲੀਗੇਸ਼ਨ ਦਾ ਸਵਾਗਤ ਕੀਤਾ। ਸਮਾਗਮ ਦੀ ਆਰੰਭਤਾ ਮਾ. ਪ੍ਰੇਮ ਸਿੰਘ, ਮਾ. ਜਰਨੈਲ ਸਿੰਘ ਤੇ ਭਾਈ ਸੁਰਿੰਦਰ ਸਿੰਘ ਦੇ ਜਥੇ ਨੇ ਭਾਵ-ਭਿੰਨੇ ਕੀਰਤਨ ਨਾਲ ਕੀਤੀ।



ਫਿਰ ਭਾਈ ਰਾਜੂ ਸਿੰਘ ਨੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਸ. ਨਿਰੰਜਨ ਸਿੰਘ ਨੇ ਉਥੋਂ ਦੇ ਇਤਿਹਾਸ ਬਾਰੇ ਜਾਣਕਾਰੀ ਦਿੱਤੀ।

ਭਾਸ਼ਾ ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਆਪਣੇ ਸੰਬੋਧਨ 'ਚ ਦੱਸਿਆ ਕਿ ਗੁਰੂ ਤੇਗ ਬਹਾਦਰ ਜੀ ਪਾਸ ਅਨੰਦਪੁਰ ਸਾਹਿਬ ਵਿਖੇ ਫਰਿਆਦ ਲੈ ਕੇ ਆਉਣ ਵਾਲੇ ਕਸ਼ਮੀਰੀ ਪੰਡਤਾਂ ਦੇ ਮੁਖੀ ਪੰਡਿਤ ਕਿਰਪਾ ਰਾਮ ਜੀ ਦਾ ਸਬੰਧ ਮੱਤਨ ਨਾਲ ਸੀ। ਪੰਡਿਤ ਜੀ ਦਾ ਪਰਿਵਾਰ ਕਈ ਪੀੜ੍ਹੀਆਂ ਤੋਂ ਗੁਰੂ ਘਰ ਦਾ ਸ਼ਰਧਾਲੂ ਸੀ ਅਤੇ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਤੋਂ ਬਾਅਦ ਅਨੰਦਪੁਰ ਸਾਹਿਬ ਵਿਖੇ ਹੀ ਰਹੇ ਅਤੇ ਗੁਰੂ ਪਰਿਵਾਰ ਦੀ ਸੇਵਾ ਸੰਭਾਲ ਕੀਤੀ। ਖਾਲਸਾ ਪੰਥ ਦੀ ਸਾਜਨਾ ਵੇਲੇ ਆਪ ਖੰਡੇ ਦੀ ਪਾਹੁਲ ਛਕ ਕੇ ਭਾਈ ਕਿਰਪਾ ਸਿੰਘ ਬਣੇ ਅਤੇ ਦਸੰਬਰ 1705 ਨੂੰ ਚਮਕੌਰ ਦੀ ਲੜਾਈ ਵਿੱਚ ਵੱਡੇ ਸਾਹਿਬਜ਼ਾਦਿਆਂ ਅਤੇ 40 ਸਿੰਘਾਂ ਸਮੇਤ ਸ਼ਹੀਦ ਹੋਏ।

ਗੁਰਦਵਾਰਾ ਕਮੇਟੀ ਵੱਲੋਂ ਡੈਲੀਗੇਸ਼ਨ ਨੂੰ ਬਹੁਤ ਪ੍ਰੇਮ ਸਹਿਤ ਗੁਰੂ ਕਾ ਲੰਗਰ ਛਕਾਇਆ ਗਿਆ।

## ਸੇਫ਼ ਸਕੂਲ ਵਾਹਨ ਨੀਤੀ ਦੀ ਉਲੰਘਣਾ ਕਰਨ 'ਤੇ ਇੱਕ ਸਕੂਲੀ ਬੱਸ ਜ਼ਬਤ, ਐਫ.ਆਈ.ਆਰ. ਦਰਜ, ਸਕੂਲ ਨੂੰ ਨੋਟਿਸ ਜਾਰੀ

# ਵਿਦਿਆਰਥੀਆਂ ਦੀ ਸਕੂਲਾਂ 'ਚ ਸੁਰੱਖਿਅਤ ਆਵਾਜਾਈ ਯਕੀਨੀ ਬਣਾਈ ਜਾਵੇ: ਹਰਜੋਤ ਕੌਰ



**ਪਟਿਆਲਾ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਵੱਲੋਂ ਜ਼ਿਲ੍ਹੇ ਅੰਦਰ ਨਿਜੀ ਸਕੂਲਾਂ 'ਚ ਸੇਫ਼ ਸਕੂਲ ਵਾਹਨ ਨੀਤੀ ਅਮਲੀ ਰੂਪ 'ਚ ਲਾਗੂ ਕਰਨ ਦੇ ਆਦੇਸ਼ਾਂ ਤਹਿਤ ਜ਼ਿਲ੍ਹਾ ਸੇਫ਼ ਵਾਹਨ ਕਮੇਟੀ ਵੱਲੋਂ ਅੱਜ ਨਾਰਾਇਣ ਪਬਲਿਕ ਸਕੂਲ ਦੀ ਇੱਕ ਬੱਸ ਸੇਫ਼ ਸਕੂਲ ਵਾਹਨ ਨੀਤੀ ਦੀ ਉਲੰਘਣਾ ਕਰਨ 'ਤੇ ਜ਼ਬਤ ਕੀਤੀ ਗਈ। ਇਸ ਟੀਮ ਵੱਲੋਂ ਸਕੂਲ ਨੂੰ ਨੋਟਿਸ ਜਾਰੀ ਕੀਤਾ ਗਿਆ ਹੈ ਅਤੇ ਪੁਲਿਸ ਕੇਸ ਵੀ ਦਰਜ ਕੀਤਾ ਗਿਆ ਹੈ। ਐਸ.ਡੀ.ਐਮ. ਪਟਿਆਲਾ ਹਰਜੋਤ ਕੌਰ (ਮੇਜਰ ਰਿਟਾ.) ਨੇ ਦੱਸਿਆ ਕਿ ਤਹਿਸੀਲਦਾਰ ਕਰਨਦੀਪ ਸਿੰਘ ਭੁੱਲਰ, ਸਹਾਇਕ ਟਰਾਂਸਪੋਰਟ ਅਫ਼ਸਰ ਮਨਪ੍ਰੀਤ ਕੌਰ ਅਤੇ ਬਾਲ ਸੁਰੱਖਿਆ ਅਫ਼ਸਰ ਰੂਪਵੰਤ ਕੌਰ ਦੀ ਅਗਵਾਈ ਹੇਠ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਨੇ ਜ਼ਿਲ੍ਹਾ ਸਿੱਖਿਆ ਵਿਭਾਗ ਤੇ ਟ੍ਰੈਫਿਕ ਪੁਲਿਸ ਦੇ ਸਹਿਯੋਗ ਨਾਲ ਨਿਜੀ ਸਕੂਲ ਦੇ ਵਾਹਨਾਂ ਦਾ ਅਚਨਚੇਤ ਨਿਰੀਖਣ ਕੀਤਾ। ਇਸ ਟੀਮ ਨੇ ਨਿਜੀ ਸਕੂਲ ਦੇ ਪ੍ਰਬੰਧਕਾਂ ਨੂੰ ਵਿਦਿਆਰਥੀਆਂ ਦੀ ਸਕੂਲ ਆਉਣ-ਜਾਣ ਸਮੇਂ ਸੁਰੱਖਿਅਤ ਆਵਾਜਾਈ ਯਕੀਨੀ ਬਣਾਉਣ ਲਈ 'ਸੇਫ਼ ਸਕੂਲ ਵਾਹਨ ਪਾਲਿਸੀ' ਨੂੰ ਅਮਲੀ ਰੂਪ 'ਚ ਲਾਗੂ ਕਰਨ ਲਈ ਕਿਹਾ ਹੈ।

ਐਸ.ਡੀ.ਐਮ ਨੇ ਕਿਹਾ ਕਿ ਸਕੂਲ ਮੁਖੀ ਸੇਫ਼ ਸਕੂਲ ਵਾਹਨ ਨੀਤੀ ਨੂੰ ਹਰ ਹਾਲ 'ਚ ਲਾਗੂ ਕਰਨਾ ਯਕੀਨੀ ਬਨਾਉਣ ਅਤੇ ਵਿਦਿਆਰਥੀਆਂ ਨੂੰ ਪ੍ਰਾਈਵੇਟ ਤੌਰ 'ਤੇ ਟਰਾਂਸਪੋਰਟ ਦੀ ਸੁਵਿਧਾ ਪ੍ਰਦਾਨ ਕਰਨ ਵਾਲੇ ਟਰਾਂਸਪੋਟਰਾਂ ਸਮੇਤ ਸਕੂਲ ਆਪਣੇ ਵਾਹਨਾਂ 'ਚ ਰਹਿੰਦੀਆਂ ਕਮੀਆਂ ਨੂੰ ਸੇਫ਼ ਸਕੂਲ ਵਾਹਨ ਪਾਲਿਸੀ ਤਹਿਤ ਪੂਰਾ ਕਰਨਾ ਯਕੀਨੀ ਬਣਾਉਣ। ਜੇਕਰ ਇਸ ਨੀਤੀ ਨੂੰ ਲਾਗੂ ਕਰਨ 'ਚ ਕੋਈ ਸਕੂਲ ਅਣਗਹਿਲੀ ਵਰਤਦਾ ਹੈ ਤਾਂ ਪ੍ਰਿੰਸੀਪਲ ਵਿਰੁੱਧ ਨਿਯਮਾਂ ਮੁਤਾਬਕ ਕਾਰਵਾਈ ਕੀਤੀ ਜਾਵੇਗੀ।

ਇਸ ਦੌਰਾਨ ਬਾਲ ਸੁਰੱਖਿਆ ਅਫ਼ਸਰ ਰੂਪਵੰਤ ਕੌਰ ਨੇ ਦੱਸਿਆ ਕਿ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਹਦਾਇਤਾਂ ਮੁਤਾਬਕ ਡਰਾਇਵਰ ਦੀ ਨੇਮ ਪਲੇਟ ਤੇ ਵਰਦੀ, ਮਹਿਲਾ ਅਟੈਂਡੈਂਟ, ਮੁਢਲੀ ਸਹਾਇਤਾ ਬਕਸੇ, ਅੱਗ ਬੁਝਾਊ ਯੰਤਰ, ਸੀ.ਸੀ.ਟੀ.ਵੀ ਕੈਮਰੇ, ਓਵਰ-ਲੋਡਿੰਗ ਨਾ ਹੋਣਾ ਸਮੇਤ ਹੋਰ ਬੇਨਿਯਮੀਆਂ ਕਰਨ ਵਾਲਿਆਂ ਦੇ ਚਲਾਨ ਕੱਟੇ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਨਰਾਇਣ ਪਬਲਿਕ ਸਕੂਲ ਦੀਆਂ ਤਿੰਨ ਬੱਸਾਂ 'ਚੋਂ ਇੱਕ ਬੱਸ ਸਕੂਲ ਦੀ ਆਪਣੀ ਹੈ ਅਤੇ ਦੋ ਬੱਸਾਂ ਠੇਕੇਦਾਰ ਵੱਲੋਂ ਚਲਾਈਆਂ ਜਾ ਰਹੀਆਂ ਸਨ, ਜਿਨ੍ਹਾਂ ਵਿੱਚ ਬੇਨਿਯਮੀਆਂ ਪਾਈਆਂ ਗਈਆਂ ਤੇ ਇੱਕ ਬੱਸ ਜ਼ਬਤ ਕੀਤੀ ਗਈ ਹੈ ਤੇ ਇਸ ਬਾਰੇ ਪੁਲਿਸ ਕੇਸ ਵੀ ਦਰਜ ਕੀਤਾ ਗਿਆ ਹੈ ਤੇ ਸਕੂਲ ਨੂੰ ਨੋਟਿਸ ਕੱਢਿਆ ਗਿਆ ਹੈ।

# ਏਡੀਸੀ ਵੱਲੋਂ ਡੇਂਗੂ ਕੇਸਾਂ ਦੇ ਮਾਮਲਿਆਂ ਦੀ ਸਮੀਖਿਆ; ਡੇਂਗੂ ਤੋਂ ਬਚਾਅ ਲਈ ਵਰਤੀ ਜਾਵੇ ਇਹਤਿਆਤ : ਨਵਰੀਤ ਕੌਰ ਸੇਖੋਂ

## ਹਰੇਕ ਸ਼ੁੱਕਰਵਾਰ ਡੇਂਗੂ 'ਤੇ ਵਾਰ ਮੁਹਿੰਮ 'ਚ ਸਾਰੇ ਸ਼ਮੂਲੀਅਤ ਕਰਨ : ਸਿਵਲ ਸਰਜਨ



**ਪਟਿਆਲਾ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਵਧੀਕ ਡਿਪਟੀ ਕਮਿਸ਼ਨਰ ਨਵਰੀਤ ਕੌਰ ਸੇਖੋਂ ਨੇ ਜ਼ਿਲ੍ਹੇ ਅੰਦਰ ਡੇਂਗੂ ਦੇ ਮਾਮਲਿਆਂ ਦੀ ਸਮੀਖਿਆ ਕਰਨ ਲਈ ਐਸਡੀਐਮਜ਼, ਸਿਹਤ ਵਿਭਾਗ, ਨਗਰ ਨਿਗਮ, ਬੀਡੀਪੀਓ ਤੇ ਈਓਜ਼ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀਆਂ ਨਾਲ ਇਕ ਅਹਿਮ ਆਨ ਲਾਈਨ ਬੈਠਕ ਕੀਤੀ।

ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਡੇਂਗੂ ਤੋਂ ਬਚਾਅ ਲਈ ਇਹਤਿਆਤ ਵਰਤਣ ਦੀ ਜ਼ਰੂਰਤ ਹੈ ਇਸ ਲਈ ਨਗਰ ਨਿਗਮ, ਸਿਹਤ ਵਿਭਾਗ, ਬੀਡੀਪੀਓ ਤੇ ਈਓਜ਼ ਸਾਂਝੀਆਂ ਟੀਮਾਂ ਬਣਾਕੇ ਲਗਾਤਾਰ ਫੌਗਿੰਗ ਯਕੀਨੀ ਬਣਾਉਣ ਅਤੇ ਅਜਿਹੇ ਖੇਤਰਾਂ, ਜਿੱਥੇ ਡੇਂਗੂ ਦੇ ਮਾਮਲੇ ਸਾਹਮਣੇ ਆਏ ਹਨ ਉਥੇ ਡੇਂਗੂ ਮੱਛਰ ਏਡੀਜ ਦੀ ਪੈਦਾਵਾਰ ਰੋਕਣ ਲਈ ਖੜ੍ਹੇ ਪਾਣੀ 'ਚ ਤੇਲ ਤੇ ਮੱਛਰ ਮਾਰ ਦਵਾਈ ਦਾ ਛਿੜਕਾਅ ਕੀਤਾ ਜਾਵੇ ਅਤੇ ਫੌਗਿੰਗ ਵੀ ਕੀਤੀ ਜਾਵੇ। ਇਸ ਤੋਂ ਬਿਨ੍ਹਾਂ ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਮੁਹਿੰਮ ਸਮੇਤ ਰੋਜ਼ਾਨਾ ਸਵੇਰੇ ਤੇ ਸ਼ਾਮ ਫੌਗਿੰਗ ਕਰਵਾਉਣੀ ਯਕੀਨੀ ਬਣਾਈ ਜਾਵੇ। ਉਨ੍ਹਾਂ ਜ਼ਿਲ੍ਹਾ ਸਿੱਖਿਆ ਅਫ਼ਸਰ ਨੂੰ ਸਕੂਲਾਂ 'ਚ ਜਾਗਰੂਕਤਾ ਮੁਹਿੰਮ ਚਲਾਉਣ ਦੀ ਹਦਾਇਤ ਵੀ ਕੀਤੀ।

ਏਡੀਸੀ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜਿਥੇ ਡੇਂਗੂ ਦੇ ਕੇਸ ਰਿਪੋਰਟ ਹੋਏ ਹਨ ਉਥੇ ਤੁਰੰਤ ਡੇਂਗੂ ਹੋਣ ਦੇ ਕਾਰਨ ਲੱਭੇ ਜਾਣ ਤਾਂ ਜੋ ਇਸ ਦੇ ਫੈਲਾਅ ਨੂੰ ਰੋਕਿਆ ਜਾ ਸਕੇ। ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ ਤੇ ਹੁਣ ਲਾਰਵਾ ਮਿਲਣ 'ਤੇ ਚਲਾਨ ਕੱਟਣੇ ਵੀ ਯਕੀਨੀ ਬਣਾਏ ਜਾਣ।

ਉਨ੍ਹਾਂ ਪਟਿਆਲਾ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਮੱਛਰ ਦੇ ਕੱਟਣ ਨਾਲ ਹੋਣ ਵਾਲੀਆਂ ਬਿਮਾਰੀਆਂ ਡੇਂਗੂ, ਮਲੇਰੀਆਂ ਤੇ ਚਿਕਨਗੁਨੀਆਂ ਦੀ ਰੋਕਥਾਮ ਲਈ ਜ਼ਰੂਰੀ ਹੈ ਕਿ ਖੜੇ ਪਾਣੀ ਦੇ ਸਰੋਤਾਂ ਦੀ ਨਿਰੰਤਰ ਜਾਂਚ ਕੀਤੀ ਜਾਵੇ ਅਤੇ ਉਨ੍ਹਾਂ ਨੂੰ ਸਮੇਂ ਸਮੇਂ 'ਤੇ ਸੁੱਕਾ ਰੱਖਿਆ ਜਾਵੇ, ਇਸ ਲਈ ਸਾਰਿਆਂ ਨੂੰ ਰਲ ਕੇ ਹੰਭਲਾ ਮਾਰਨ ਦੀ ਜ਼ਰੂਰਤ ਹੈ ਤੇ ਇਸ ਦੀ ਰੋਕਥਾਮ ਲਈ ਸਭ ਦਾ ਜਾਗਰੂਕ ਹੋਣਾ ਬਹੁਤ ਜ਼ਰੂਰੀ ਹੈ।

ਮੀਟਿੰਗ ਦੌਰਾਨ ਸਿਵਲ ਸਰਜਨ ਡਾ. ਜਗਪਾਲਇੰਦਰ ਸਿੰਘ ਨੇ ਦੱਸਿਆ ਕਿ ਇਸ ਸਾਲ ਜ਼ਿਲ੍ਹੇ 'ਚ ਡੇਂਗੂ ਦੇ ਹੁਣ ਤੱਕ ਕੁਲ 12 ਕੇਸ ਰਿਪੋਰਟ ਹੋਏ ਹਨ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਲਗਾਤਾਰ ਖੜ੍ਹੇ ਪਾਣੀ ਦੇ ਸਰੋਤਾਂ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਲਾਰਵਾ ਮਿਲਣ 'ਤੇ ਨਸ਼ਟ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਹਰੇਕ ਸ਼ੁੱਕਰਵਾਰ ਡੇਂਗੂ 'ਤੇ ਵਾਰ ਮੁਹਿੰਮ ਚਲਾਈ ਜਾ ਰਹੀ ਹੈ ਇਸ ਮੁਹਿੰਮ 'ਚ ਸਾਰੇ ਜ਼ਿਲ੍ਹਾ ਵਾਸੀ ਸ਼ਮੂਲੀਅਤ ਕਰਨ ਤਾਂ ਜੋ ਡੇਂਗੂ ਤੋਂ ਰੋਕਥਾਮ ਕੀਤੀ ਜਾ ਸਕੇ। ਇਸ ਤੋਂ ਇਲਾਵਾ ਕੂਲਰਾਂ ਨੂੰ ਹਫ਼ਤੇ 'ਚ ਇਕ ਵਾਰ ਜ਼ਰੂਰ ਸੁੱਕਾ ਰੱਖਿਆ ਜਾਵੇ।

ਮੀਟਿੰਗ 'ਚ ਜ਼ਿਲ੍ਹਾ ਐਪੀਡਿਮੋਲੋਜਿਸਟ ਡਾ. ਸੁਮਿਤ ਸਿੰਘ, ਡਾ. ਦਿਵਜੋਤ ਸਿੰਘ ਸਮੇਤ ਜ਼ਿਲ੍ਹੇ ਦੇ ਸਮੂਹ ਐਸ.ਡੀ.ਐਮਜ਼, ਬੀ.ਡੀ.ਪੀ.ਓਜ਼ ਤੇ ਈ.ਓਜ਼ ਹਾਜ਼ਰ ਸਨ।

# ਭਾਜਪਾ ਦੇ ਟਕਸਾਲੀਆਂ ਤੇ ਭਿਆਲੀਆਂ 'ਚ ਅਕਾਲੀ ਦਲ ਨਾਲ ਗੱਠਜੋੜ ਸਬੰਧੀ ਪੇਚ ਫਸਿਆ

**ਚੰਡੀਗੜ੍ਹ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਜਪਾ ਦੇ ਟਕਸਾਲੀ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਅਤੇ ਕਾਂਗਰਸ ਚੋਂ ਬੀਜੇਪੀ 'ਚ ਗਏ ਸੂਬਾ ਪ੍ਰਧਾਨ ਸੁਨੀਲ ਜਾਖੜ ਵੱਲੋਂ ਅਕਾਲੀ ਦਲ ਭਾਜਪਾ ਗੱਠਜੋੜ ਸਬੰਧੀ ਦਿੱਤੇ ਪ੍ਰਸਪਰ ਵਿਰੋਧੀ ਬਿਆਨਾਂ ਨੇ ਦਰਸਾ ਦਿੱਤਾ ਹੈ ਕਿ ਇਸ ਮੁੱਦੇ ਤੇ ਭਗਵਾ ਪਾਰਟੀ ਵਿੱਚ ਸਭ ਅੱਛਾ ਨਹੀਂ ਹੈ। ਭਾਵੇਂ ਪੰਜਾਬ ਦੇ ਸਿਆਸੀ ਪਿੜ ਵਿੱਚ ਅਕਾਲੀ ਦਲ ਦੀ ਸਥਿਤੀ ਜਿੰਦਾਂ ਦੀ ਮਰਜੀ ਹੋਵੇ ਪਰ ਹਕੀਕਤ ਇਹ ਵੀ ਹੈ ਕਿ ਦਸ ਸਾਲ ਦੀ ਅਕਾਲੀ ਬੀਜੇਪੀ ਸਰਕਾਰ ਦੌਰਾਨ ਮਾਣੀਆਂ ਮੌਜਾਂ ਕਾਰਨ ਭਾਜਪਾ ਵਿੱਚ ਗਠਜੋੜ ਹਮਾਇਤੀਆਂ ਦੀ ਘਾਟ ਨਹੀਂ ਹੈ ਜਿੰਨ੍ਹਾਂ ਵਿੱਚ ਟਕਸਾਲੀ ਅਤੇ ਦਲਬਦਲੂ ਦੋਵੇਂ ਸ਼ਾਮਲ ਹਨ। ਦੋ ਦਿਨ ਪਹਿਲਾਂ ਅਸ਼ਵਨੀ ਸ਼ਰਮਾ ਨੇ ਬਠਿੰਡਾ 'ਚ ਅਕਾਲੀ ਦਲ ਨਾਲ ਗਠਜੋੜ ਦੀ ਸੰਭਾਵਨਾਂ ਰੱਦ ਕਰ ਦਿੱਤੀ ਸੀ ਜਦੋਂਕਿ ਇਸੇ ਸ਼ਹਿਰ ਦੇ ਕਾਫੀ ਆਗੂ ਦੋਵਾਂ ਪਾਰਟੀਆਂ 'ਚ ਸਾਂਝ ਦੇ ਕੱਟੜ ਹਮਾਇਤੀ ਹਨ ਜੋਕਿ ਪਾਰਟੀ ਅਨੁਸ਼ਾਸ਼ਨ ਕਾਰਨ ਚੁੱਪ ਵੱਟੀ ਬੈਠੇ ਹਨ।

ਬਠਿੰਡਾ ਸ਼ਹਿਰੀ ਅਤੇ ਦਿਹਾਤੀ ਦੇ ਕਈ ਆਗੂਆਂ ਨੇ ਮੰਨਿਆ ਹੈ ਕਿ ਇਸ ਸਿਆਸੀ ਜੱਫੀ 'ਚ ਦਰਾੜ ਪਾੜ ਪੈਣ ਕਾਰਨ ਦੋਵਾਂ ਧਿਰਾਂ ਨੂੰ ਹੀ ਨੁਕਸਾਨ ਉਠਾਉਣਾ ਪਿਆ ਹੈ। ਹਾਲਾਂਕਿ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਪਾਰਟੀ ਤਾਕਤ ਮਜਬੂਤ ਕਰਨ 'ਚ ਲੱਗੀ ਹੋਣ ਕਰਕੇ ਸੀਨੀਅਰ ਆਗੂ ਇਸ ਬਾਰੇ ਬਹੁਤਾ ਖੁੱਲ੍ਹਕੇ ਬੋਲਣ ਨੂੰ ਤਿਆਰ ਨਹੀਂ ਹਨ ਪਰ ਪੰਥਕ ਪਾਰਟੀ ਅੰਦਰ ਵੀ ਗਠਜੋੜ ਦੀ ਵਕਾਲਤ ਕਰਨ ਵਾਲਿਆਂ ਦੀ ਕੋਈ ਘਾਟ ਨਹੀਂ ਹੈ। ਸਿਆਸੀ ਮਾਹਿਰਾਂ ਦਾ ਕਹਿਣਾ ਹੈ ਕਿ ਬਿਨਾਂ ਸ਼ੱਕ ਭਾਜਪਾ ਨੇ ਪੇਂਡੂ ਖੇਤਰਾਂ ਵਿੱਚ ਆਪਣੀ ਪੈਂਠ ਮਜਬੂਤ ਕੀਤੀ ਹੈ ਪਰ ਸੱਤਾ ਤੱਕ ਪੁੱਜਣ ਵਾਲੀ ਤਾਕਤ ਤੋਂ ਪਾਰਟੀ ਫਿਲਹਾਲ ਦੂਰ ਹੈ, ਕੋਈ ਚਮਤਕਾਰ ਹੋ ਜਾਏ ਤਾਂ ਵੱਖਰੀ ਗੱਲ ਹੈ। ਮਾਹਿਰ ਆਖਦੇ ਹਨ ਕਿ ਜੇਕਰ ਦੋਵੇਂ ਧਿਰਾਂ ਆਪਸੀ ਮੱਤਭੇਦ ਖਤਮ ਕਰਕੇ ਇਕੱਠੀਆਂ ਹੋ ਜਾਂਦੀਆਂ ਹਨ ਤਾਂ ਵਿਰੋਧੀਆਂ ਨੂੰ ਜਬਰਦਸਤ ਚੁਣੌਤੀ ਦਿੱਤੀ ਜਾ ਸਕਦੀ ਹੈ।

ਹੁਣ ਤਰਨਤਾਰਨ ਹਲਕੇ ਦੀ ਜਿਮਨੀ ਚੋਣ 'ਚ ਦੋਵੇ ਕਿਹੜੀ ਸਿਆਸੀ ਕਰਵਟ ਲੈਂਦੀਆਂ ਹਨ ਇਹ ਤਾਂ ਸਮਾਂ ਦੱਸੇਗਾ ਪਰ 2022 ਅਤੇ ਮਗਰੋਂ ਹੋਈਆਂ ਜਿਮਨੀ ਚੋਣਾਂ ਦੌਰਾਨ ਦੋਵਾਂ ਧਿਰਾਂ ਨੁਕਸਾਨ ਝੱਲ ਚੁੱਕੀਆਂ ਹਨ ਫਿਰ ਵੀ ਦੂਰੀਆਂ ਨੂੰ ਖਤਮ ਨਹੀਂ ਕੀਤਾ ਜਾ ਸਕਿਆ ਹੈ। ਪਿਛੇ ਜਿਹੇ ਹੋਈ ਲੁਧਿਆਣਾ ਪੱਛਮੀ ਹਲਕੇ ਦੀ ਜਿਮਨੀ ਚੋਣ ਇਸ ਦੀ ਪੁਖਤਾ ਮਿਸਾਲ ਹੈ ਜਿੱਥੇ ਅਕਾਲੀ ਦਲ ਦੀ ਤਾਂ ਬੁਰੀ ਹਾਲਤ ਹੋਈ ਹੀ ਬਲਕਿ ਭਾਜਪਾ ਵੀ ਲੋਕ ਸਭਾ ਚੋਣਾਂ ਵਾਲਾ ਅੰਕੜਾ ਛੂਹਣ 'ਚ ਅਸਫਲ ਰਹੀ ਸੀ। ਵਿਸ਼ੇਸ਼ ਗੱਲ ਇਹ ਵੀ ਹੈ ਕਿ ਇਹ ਹਲਕਾ ਨਿਰੋਲ ਸ਼ਹਿਰੀ ਸੀ ਜਿੱਥੇ ਭਾਜਪਾ ਬਾਕੀਆਂ ਦੇ ਮੁਕਾਬਲੇ ਮੋਹਰੀ ਮੰਨੀ ਜਾਂਦੀ ਹੈ। ਹੁਣ ਸਾਲ 2022 ਦੇ ਤੱਥਾਂ ਤੇ ਨਜ਼ਰ ਮਾਰੀਏ ਤਾਂ ਪਤਾ ਲੱਗਦਾ ਹੈ ਅਕਾਲੀ ਦਲ 10 ਹਜ਼ਾਰ ਤੋਂ ਘੱਟ ਵੋਟਾਂ ਦੇ ਫਰਕ ਨਾਲ 11 ਹਲਕਿਆਂ 'ਚ ਹਾਰਿਆ ਜਦੋਂਕਿ ਭਾਜਪਾ ਦਾ ਇਹ ਅੰਕੜਾ ਤਿੰਨ ਸੀ।

ਦਿਲਚਸਪ ਤੱਥ ਹੈ ਕਿ 9 ਵਿਧਾਨ ਸਭਾ ਹਲਕੇ ਅਜਿਹੇ ਸਨ ਜਿੱਥੇ ਜੇਤੂ ਨਾਲੋਂ ਅਕਾਲੀ ਭਾਜਪਾ ਮੋਹਰੀ ਰਿਹਾ ਸੀ। ਇੰਨ੍ਹਾਂ 9 ਹਲਕਿਆਂ ਚੋਂ 5 ਵਿੱਚ ਆਪ ਅਤੇ 4 ਵਿੱਚ ਕਾਂਗਰਸ ਜਿੱਤੀ ਸੀ।

# ਪਟਿਆਲਾ ਜ਼ਿਲ੍ਹੇ ਵਿੱਚ ਕੌਮੀ ਲੋਕ ਅਦਾਲਤ 13 ਸਤੰਬਰ ਨੂੰ

**ਪਟਿਆਲਾ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਪਟਿਆਲਾ ਡਾ ਪ੍ਰੀਤੀ ਯਾਦਵ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 13 ਸਤੰਬਰ ਨੂੰ ਲੱਗਣ ਵਾਲੀ ਕੌਮੀ ਲੋਕ ਅਦਾਲਤ ਦੌਰਾਨ ਮਾਲ ਵਿਭਾਗ ਨਾਲ ਸਬੰਧਤ ਮਾਮਲਿਆਂ ਦੇ ਨਿਪਟਾਰੇ ਲਈ ਮਾਲ ਅਧਿਕਾਰੀਆਂ ਵੱਲੋਂ ਵੀ ਅਦਾਲਤਾਂ ਆਪਣੇ ਦਫ਼ਤਰਾਂ ਵਿੱਚ ਲਗਾਈਆਂ ਜਾਣਗੀਆਂ। ਜੇਕਰ ਮਾਲ ਵਿਭਾਗ ਨਾਲ ਸਬੰਧਤ ਕੇਸ ਜਾਂ ਕੋਈ ਹੋਰ ਕੇਸ ਜੋ ਵਿਚਾਰ ਅਧੀਨ ਹਨ ਉਹਨਾਂ ਦਾ ਪਹਿਲ ਦੇ ਅਧਾਰ 'ਤੇ ਨਿਪਟਾਰਾ ਕੀਤਾ ਜਾਵੇਗਾ।

ਉਹਨਾਂ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਲੰਬਿਤ ਪਏ ਕੇਸਾਂ ਨਾਲ ਸਬੰਧਤ ਧਿਰਾਂ ਨੂੰ ਪਹਿਲਾਂ ਸੁਣਵਾਈ ਸਬੰਧੀ ਜਾਣੂ ਕਰਵਾਉਣ ਦੀ ਹਦਾਇਤ ਵੀ ਕੀਤੀ।

# ਸੇਫ਼ ਸਕੂਲ ਵਾਹਨ ਨੀਤੀ ਦੀ ਉਲੰਘਣਾ ਕਰਨ 'ਤੇ 15 ਸਕੂਲੀ ਵਾਹਨਾਂ ਦੇ ਚਲਾਨ: ਖੇਤਰੀ ਟਰਾਂਸਪੋਰਟ ਅਫ਼ਸਰ



**ਮਲੇਰਕੋਟਲਾ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਵਿਰਾਜ ਐਸ.ਤਿੜਕੇ ਦੇ ਦਿਸ਼ਾ ਨਿਰਦੇਸ਼ਾ ਤਹਿਤ ਅੱਜ ਖੇਤਰੀ ਟਰਾਂਸਪੋਰਟ ਅਫ਼ਸਰ ਗੁਰਮੀਤ ਕੁਮਾਰ ਬਾਂਸਲ ਦੀ ਅਗਵਾਈ ਵਿੱਚ ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਹੋਏ ਸੇਫ ਸਕੂਲ ਵਾਹਨ ਪਾਲਿਸੀ ਨੂੰ ਜ਼ਿਲ੍ਹੇ ਵਿੱਚ ਸਖਤੀ ਨਾਲ ਲਾਗੂ ਕਰਨ ਲਈ ਮੁੜ ਸਕੂਲੀ ਬੱਸਾਂ ਦੀ ਜ਼ਿਲ੍ਹਾ ਟਾਸਕ ਟੀਮ ਵੱਲੋਂ ਅਚਨਚੇਤ ਚੈਕਿੰਗ ਕੀਤੀ। ਚੈਕਿੰਗ ਦੌਰਾਨ ਜ਼ਿਲ੍ਹਾ ਸੇਫ਼ ਸਕੂਲ ਵਾਹਨ ਕਮੇਟੀ ਜਿਸ ਵਿੱਚ ਟਰਾਂਸਪੋਰਟ ਵਿਭਾਗ ਸਮੇਤ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਜ਼ਿਲ੍ਹਾ ਸਿੱਖਿਆ ਵਿਭਾਗ ਤੇ ਟ ?ਰੈਫਿਕ ਪੁਲਿਸ ਦਾ ਅਮਲਾ ਸ਼ਾਮਲ ਹੈ, ਵੱਲੋਂ ਨਿਜੀ ਸਕੂਲਾਂ ਦੇ ਵਾਹਨਾਂ ਦਾ ਅਚਨਚੇਤ ਨਿਰੀਖਣ ਕਰਕੇ ਉਲੰਘਣਾ ਕਰਨ ਵਾਲੇ 15 ਸਕੂਲੀ ਵਾਹਨਾਂ ਦੇ ਚਲਾਨ ਕੱਟੇ ਗਏ।

ਖੇਤਰੀ ਟਰਾਂਸਪੋਰਟ ਅਫ਼ਸਰ ਗੁਰਮੀਤ ਕੁਮਾਰ ਬਾਂਸਲ ਨੇ ਕਿਹਾ ਹੈ ਕਿ ਸਮੂਹ ਸਕੂਲਾਂ ਦੇ ਮੁਖੀ ਸੇਫ਼ ਸਕੂਲ ਵਾਹਨ ਨੀਤੀ ਨੂੰ ਹਰ ਹਾਲ 'ਚ ਲਾਗੂ ਕਰਨ ਅਤੇ ਵਿਦਿਆਰਥੀਆਂ ਨੂੰ ਪ੍ਰਾਈਵੇਟ ਤੌਰ 'ਤੇ ਟਰਾਂਸਪੋਰਟ ਦੀ ਸੁਵਿਧਾ ਪ੍ਰਦਾਨ ਕਰਨ ਵਾਲੇ ਟਰਾਂਸਪੋਟਰਾਂ ਸਮੇਤ ਸਕੂਲ ਆਪਣੇ ਵਾਹਨਾਂ 'ਚ ਰਹਿੰਦੀਆਂ ਕਮੀਆਂ ਨੂੰ ਸੇਫ਼ ਸਕੂਲ ਵਾਹਨ ਪਾਲਿਸੀ ਤਹਿਤ ਪੂਰਾ ਕਰਨਾ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਜੇਕਰ ਇਸ ਨੀਤੀ ਨੂੰ ਲਾਗੂ ਕਰਨ 'ਚ ਕੋਈ ਸਕੂਲ ਅਣਗਹਿਲੀ ਵਰਤਦਾ ਹੈ ਤਾਂ ਪ੍ਰਿੰਸੀਪਲ ਵਿਰੁੱਧ ਨਿਯਮਾਂ ਮੁਤਾਬਕ ਕਾਰਵਾਈ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਹੈ ਕਿ ਜ਼ਿਲ੍ਹੇ ਅੰਦਰ ਨਿਜੀ ਸਕੂਲਾਂ 'ਚ ਸੇਫ਼ ਸਕੂਲ ਵਾਹਨ ਨੀਤੀ ਅਮਲੀ ਰੂਪ 'ਚ ਲਾਗੂ ਕਰਨ ਲਈ ਸਕੂਲ ਵਾਹਨਾਂ ਦੀ ਅਚਨਚੇਤ ਚੈਕਿੰਗ ਲਗਾਤਾਰ ਜਾਰੀ ਰਹੇਗੀ। ਜੇਕਰ ਕਿਸੇ ਵੀ ਸਕੂਲ ਵਾਹਨ ਵਿੱਚ ਕੋਈ ਤਰੁੱਟੀ ਤੇ ਕਮੀ ਪਾਈ ਗਈ, ਜਿਸ ਨਾਲ ਬੱਚਿਆਂ ਦੀ ਸੁਰੱਖਿਆ ਦਾਅ 'ਤੇ ਲੱਗਦੀ ਹੋਵੇ, ਉਨ੍ਹਾਂ ਵਾਹਨਾਂ ਦੇ ਚਲਾਨ ਕੱਟੇ ਜਾਣਗੇ। ਉਨ੍ਹਾਂ ਦੱਸਿਆ ਕਿ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਹਦਾਇਤਾਂ ਮੁਤਾਬਕ ਡਰਾਇਵਰ ਦੀ ਨੇਮ ਪਲੇਟ ਤੇ ਵਰਦੀ, ਮਹਿਲਾ ਅਟੈਂਡੈਂਟ, ਮੁਢਲੀ ਸਹਾਇਤਾ ਬਕਸੇ, ਅੱਗ ਬੁਝਾਊ ਯੰਤਰ, ਸੀ.ਸੀ.ਟੀ.ਵੀ ਕੈਮਰੇ, ਓਵਰ-ਲੋਡਿੰਗ ਨਾ ਹੋਣਾ ਸਮੇਤ ਹੋਰ ਬੇਨਿਯਮੀਆਂ ਕਰਨ ਵਾਲਿਆਂ ਦੇ ਚਲਾਨ ਕੱਟੇ ਜਾਂਦੇ ਹਨ।

ਇਸ ਮੌਕੇ ਸਹਾਇਕ ਖੇਤਰੀ ਟਰਾਂਸਪੋਰਟ ਅਫ਼ਸਰ ਸ਼ਹਿਨਾਜ ਪ੍ਰਵੀਨ, ਲੀਗਲ ਅਫ਼ਸਰ ਬਬੀਤਾ ਕੁਮਾਰੀ, ਟ ?ਰੈਫਿਕ ਇੰਚਾਰਜ ਬਲਬੀਰ ਸਿੰਘ, ਸਿੱਖਿਆ ਵਿਭਾਗ ਤੋਂ ਮੁਹੰਮਦ ਬਸ਼ੀਰ ਤੋਂ ਇਲਾਵਾ ਹੋਰ ਜ਼ਿਲ੍ਹਾ ਟਾਸਕ ਕਮੇਟੀ ਦੇ ਮੈਂਬਰ ਮੌਜੂਦ ਸਨ।

# ਨਰੇਗਾ 2005 ਨੂੰ ਕਿਸੇ ਕੀਮਤ ਤੇ ਵੀ ਖ਼ਤਮ ਨਹੀਂ ਕਰਨ ਦਿੱਤਾ ਜਾਵੇਗਾ : ਧਾਲੀਵਾਲ

**ਪਟਿਆਲਾ, 29 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪਿੰਡਾ ਦੇ ਕਿਰਤੀਆਂ ਲਈ 100 ਦਿਨ ਕੰਮ ਦੇ ਕਾਨੂੰਨ ਨਰੇਗਾ 2005 ਨੂੰ ਕਿਸੇ ਵੀ ਕ ?ਮਿਤ ਤੇ ਖਤਮ ਨਹੀਂ ਹੋਣ ਦਿੱਤਾ ਜਾਵੇਗਾ ਭਾਵੇਂ ਇਸ ਲਈ ਕੋਈ ਵੀ ਕੁਰਬਾਨੀ ਕਰਨੀ ਪਵੇ, ਕਿਉਂ ਕਿ 2004 ਵਿੱਚ ਬਣੀਂ ਯੂ ਪੀ ਏ 1 ਸਰਕਾਰ ਦੇ ਸਮੇਂ ਕਮਿਊਨਿਸਟਾਂ ਦੀ ਪਹਿਲ ਕਦਮੀ ਨਾਲ ਇਹ ਐਕਟ ਹੋਂਦ ਵਿੱਚ ਆਇਆ ਤੇ ਇਸ ਨਾਲ ਪੇਂਡੂ ਕਿਰਤੀਆਂ ਨੂੰ ਕਾਫੀ ਰਾਹਤ ਮਿਲੀ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਏਟਕ ਦੇ ਸੂਬਾ ਸਕੱਤਰ ਕਾਮਰੇਡ ਨਿਰਮਲ ਸਿੰਘ ਧਾਲੀਵਾਲ, ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਰਜਿ ਏਟਕ ਦੇ ਸੂਬਾ ਪ੍ਰਧਾਨ ਕਾਮਰੇਡ ਕਸ਼ਮੀਰ ਸਿੰਘ ਗਦਾਈਆ ਨੇ ਡੀ ਸੀ ਦਫ਼ਤਰ ਪਟਿਆਲਾ ਵਿਖੇ ਨਰੇਗਾ ਕਾਮਿਆਂ ਵਿਸ਼ਾਲ ਧਰਨੇ ਨੂੰ ਸੰਬੋਧਨ ਕਰਦਿਆ ਕੀਤਾ, ਨਰੇਗਾ 2005 ਦੀ ਪਾਰਦਰਸ਼ਤਾ ਬਹਾਲੀ ਲਈ, ਐਕਟ ਅਨੁਸਾਰ ਕੰਮ ਜਾਂ ਬੇਰੁਜ਼ਗਾਰੀ ਭੱਤਾ, ਨਰੇਗਾ ਵਿੱਚ ਫੈਲੇ ਭ੍ਰਿਸ਼ਟਾਚਾਰ ਨੂੰ ਰੋਕਣ, ਸਕਿਲਡ ਲੇਬਰ ਦੇ ਨਾਂ ਤੇ ਜ਼ਾਹਲੀ ਹੱੜਪੀ ਰਕਮ ਵਸੂਲੀ,



ਭਿਰਸ਼ਟਾਚਾਰੀਆ ਮਿਸ਼ਾਲੀ ਸਜ਼ਾ ਦਿਵਾਉਣ ਲਈ ਰੋਕੀਆਂ - ਰੁਕੀਆਂ ਉਜ਼ਰਤਾਂ ਤੇ ਬੇਰੁਜ਼ਗਾਰੀ ਭੱਤੇ ਦੀ ਅਦਾਇਗੀ ਲਈ, ਮੇਟਾ ਦੀ ਉਜਰਤ ਸੇਮੀ ਸਕਿਲਡ ਖ਼ਾਤੇ ਵਿੱਚੋ ਕਰਨ, ਨਵੇਂ ਜਾਬ ਕਾਰਡ ਜ਼ਾਰੀ ਕਰਨ ਮੇਟਾ ਵੱਲੋ ਜਾਬ ਤੇ ਹਾਜ਼ਰੀ ਲਾਉਂਣਾ ਯਕੀਨੀ ਕਰਨਾ ਆਦਿ ਮੰਗਾਂ ਨੂੰ ਲੈ ਕੇ ਅੱਜ਼ ਇੱਥੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਰਜਿ ਏਟਕ ਦੀ ਅਗਵਾਈ ਚ ਸੂਬਾ ਪੱਧਰੀ ਕਾਲ ਉਤੇ ਦਿੱਤੇ ਜਾ ਰਹੇ ਇਸ ਧਰਨੇ ਨੂੰ ਸੰਬੋਧਨ ਕਰਦਿਆਂ ਕਾਮਰੇਡ ਧਾਲੀਵਾਲ ਤੇ ਗਦਾਈਆ ਨੇ ਕਿਹਾ ਤੇਜ਼ੀ ਨਾਲ ਖੇਤੀ ਖ਼ੇਤਰ ਤੇ ਹੋਰਨਾਂ ਖੇਤਰਾਂ ਚ ਵੱਧੇ ਮਸ਼ੀਨੀਕਰਨ ਨੇ ਪੇਂਡੂ ਕਾਮਿਆਂ ਕੋਲੋਂ ਕੰਮ ਘਟਾਇਆ ਹੈ, ਜਿਸ ਕਰਕੇ ਮੌਜੂਦਾ ਸਮੇਂ ਵਿੱਚ ਨਰੇਗਾ 2005 ਨੂੰ ਹੋਰ ਮਜ਼ਬੂਤ ਕਰਦਿਆ ਪਾਰਦਰਸਤਾਂ ਨਾਲ ਚਲਾਕੇ, ਕੰਮ ਦੇ ਦਿਨ 200 ਕਰਨ ਦੀ ਅਣਸਰਦੀ ਲੋੜ ਹੈ, ਨਰੇਗਾ ਕਾਮਿਆਂ ਨੂੰ ਰੋਜ਼ਾਨਾ ਉਜਰਤ 346 ਜੋ ਦਿੱਤੀ ਜਾ ਰਹੀ ਹੈ, ਇਹ ਉਜਰਤ ਰੋਟੀ ਸਮੇਤ ਕਾਮਿਆਂ ਦੀ ਹੈ, ਨਰੇਗਾ ਕਾਮੇ ਰੋਟੀ ਆਪਣੇ ਘਰਾਂ ਤੋਂ ਲੈ ਕੇ ਜਾਂਦੇ ਹਨ ਇਸ ਲਈ ਉਹਨਾਂ ਨੂੰ ਰੋਜ਼ਾਨਾ ਉਜਰਤ 449 ਰੁਪਏ ਮਿਲ ?ਣੀ ਚਾਹੀਦੀ ਹੈ, ਨਰੇਗਾ ਮੇਟ ਸੇਮੀ ਸਕਿਲਡ ਕਾਮੇਂ ਹਨ ਉਹਨਾਂ ਬਹੁਤ ਵੱਡਾ ਧੱਕਾ ਹੈ, ਇਸ ਉਹਨਾਂ ਦੀ ਉਜ਼ਰਤਾਂ ਮਟੀਰੀਅਲ ਖ਼ਾਤੇ ਚੋਂ ਦੇਣੀ ਬਣਦੀ ਹੈ ਜ਼ੋ ਕਿ 499 ਰੁਪਏ ਹੈ, ਪੰਜਾਬ ਵਿੱਚ ਨਰੇਗਾ ਅੰਦਰ ਬਹੁਤ ਵੱਡੀ ਪੱਧਰ ਤੇ ਭਿਰਸ਼ਟਾਚਾਰ ਹੈ, ਇਸ ਬੰਦ ਕਰਨ ਲਈ ਸਖ਼ਤੀ ਨਾਲ ਨਜਿੱਠਿਆ ਜਾਵੇ, ਤੇ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ, ਇਸ ਸਮੇਂ ਹੋਏ ਵਿਸ਼ਾਲ ਇੱਕਠ ਨੂੰ ਜਿਸ ਵਿੱਚ ਵੱਡੀ ਗਿਣਤੀ ਵਿੱਚ ਬੀਬੀਆਂ ਹਾਜ਼ਰ ਸਨ, ਸੰਬੋਧਨ ਕਰਦਿਆ ਪੰਜਾਬ ਇਸਤਰੀ ਸਭਾ ਨਾਲ ਸੰਬੰਧਿਤ ਬੀਬੀ ਰਵਿੰਦਰਜੀਤ ਕੌਰ ਪਟਿਆਲਾ, ਹਰਸ਼ਰਨ ਕੌਰ ਪਟਿਆਲਾ, ਬਲਜੀਤ ਕੌਰ ਗਦਾਈਆ ਨੇ ਨੇ ਕਿਹਾ ਕਿ ਨਰੇਗਾ ਵਿੱਚ ਕੰਮ ਵਾਲੀ ਥਾਂ ਬੀਬੀਆਂ ਲਈ ਪਖਾਨੇ ਜਾਣ ਪੇਸ਼ਾਬ ਕਰਨ ਦੀ ਕੋਈ ਸੁਵਿਧਾ ਨਹੀਂ ਹੁੰਦੀ ਹੈ, ਜਦੋਂ ਕਿ ਨਰੇਗਾ 2005 ਇਸ ਲਈ ਪ੍ਰਬੰਧ ਦੀ ਹਾਮੀਂ ਭਰਦਾ ਹੈ, ਤੇ ਕੰਮ ਵਾਲੀ ਥਾਂ ਸਾਫ਼ ਪੀਣ ਵਾਲਾਂ ਨਹੀਂ ਹੁੰਦਾ, ਤੇ ਨਾ ਮੁਢਲੀ ਸਹਾਇਤਾ ਲਈ ਕੋਈ ਪ੍ਰਬੰਧ ਕੀਤਾ ਜਾਂਦਾ ਸੈਂਕੜੇ ਵਾਰੀ ਨਰੇਗਾ ਕਾਮਿਆਂ ਦੇ ਸੱਟਾਂ ਬਗੈਰਾ ਲੱਗ ਜਾਂਦੀਆਂ ਹਨ, ਜਾ ਕਾਮੇਂ ਬੀਮਾਰ ਹੋ ਜਾਂਦੇ ਹਨ, ਇਸ ਦਾ ਪ੍ਰਬੰਧ ਸਖ਼ਤੀ ਨਾਲ ? ਕਰਵਾਉਣਾ ਚਾਹੀਦਾ ਹੈ, ਇਸ ਧਰਨੇ ਨੂੰ ਗਗਨਦੀਪ ਕੌਰ ਕਕਰਾਲਾ, ਅਮਨਦੀਪ ਕੌਰ ਕਕਰਾਲਾ, ਅਮਰਜੀਤ ਸਿੰਘ ਗਦਾਈਆ, ਬੱਗਾ ਸਿੰਘ ਗਲਵੱਟੀ, ਦਰਸ਼ਨਾਂ ਕੌਰ ਬਨੇਰਾ ਖੁਰਦ, ਦਲਜੀਤ ਕੌਰ ਕੱਲ੍ਹਾ ਮਾਜ਼ਰਾ, ਕੁਲਵੰਤ ਕੌਰ ਨਰਮਾਣਾ, ਚਰਨ ਸਿੰਘ ਬਿਰਧਨੋ, ਕਿਰਨਾਂ ਕੌਰ, ਹਰਮੇਸ਼ ਸਿੰਘ ਟੋਡਰਵਾਲ ਨੇ ਵੀ ਸੰਬੋਧਨ ਕੀਤਾ।

# ਮਹਿਲਾ ਸਸ਼ਕਤੀਕਰਨ ਲਈ ਦਿੱਲੀ ਸਰਕਾਰ ਦਾ ਮਹੱਤਵਪੂਰਨ ਫੈਸਲਾ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ: 29 ਜੁਲਾਈ। ਦਿੱਲੀ ਦੀਆਂ ਔਰਤਾਂ ਨੂੰ ਸਸ਼ਕਤ ਬਣਾਉਣ ਅਤੇ ਉਨ੍ਹਾਂ ਨੂੰ ਹੋਰ ਆਤਮਨਿਰਭਰ ਬਣਾਉਣ ਲਈ, ਦਿੱਲੀ ਦੀ ਰੇਖਾ ਗੁਪਤਾ ਸਰਕਾਰ ਨੇ ਇੱਕ ਮਹੱਤਵਪੂਰਨ ਫੈਸਲਾ ਲਿਆ ਹੈ। ਮੁੱਖ ਮੰਤਰੀ ਰੇਖਾ ਗੁਪਤਾ ਦੇ ਅਨੁਸਾਰ, ਔਰਤਾਂ ਨੂੰ ਦੁਕਾਨਾਂ/ਵਪਾਰਕ ਅਦਾਰਿਆਂ ਵਿੱਚ ਰਾਤ ਦੀਆਂ ਸ਼ਿਫਟਾਂ (24⊘7, ਰਾਤ ਦੀਆਂ ਸ਼ਿਫਟਾਂ) ਵਿੱਚ ਕੰਮ ਕਰਨ ਦੀ ਇਜਾਜ਼ਤ ਦਿੱਤੀ ਜਾ ਰਹੀ ਹੈ। ਇਸ ਫੈਸਲੇ ਨਾਲ ਇਸ ਖੇਤਰ ਦੇ ਕਾਰਜਬਲ ਵਿੱਚ ਔਰਤਾਂ ਦੀ ਭਾਗੀਦਾਰੀ ਵਧੇਗੀ ਅਤੇ ਕਾਰੋਬਾਰ ਕਰਨ ਵਿੱਚ ਆਸਾਨੀ ਨੂੰ ਵੀ ਉਤਸ਼ਾਹਿਤ ਕੀਤਾ ਜਾਵੇਗਾ। ਮੁੱਖ ਮੰਤਰੀ ਦਾ ਕਹਿਣਾ ਹੈ ਕਿ ਮਹਿਲਾ ਕਰਮਚਾਰੀਆਂ ਦੀ ਸੁਰੱਖਿਆ ਲਈ ਸਖ਼ਤ ਪ੍ਰਬੰਧ ਕੀਤੇ ਜਾ ਰਹੇ ਹਨ, ਜਿਸ ਵਿੱਚ ਰਾਤ ਦੀ ਡਿਊਟੀ ਦੌਰਾਨ ਆਵਾਜਾਈ ਦੇ ਪ੍ਰਬੰਧ, ਸੀਸੀਟੀਵੀ ਕੈਮਰੇ, ਲੋੜੀਂਦੇ ਸੁਰੱਖਿਆ ਗਾਰਡਾਂ ਦੀ ਤਾਇਨਾਤੀ ਆਦਿ ਸ਼ਾਮਲ ਹਨ। ਦੇਸ਼ ਦੇ ਕੁਝ ਰਾਜਾਂ ਵਿੱਚ, ਔਰਤਾਂ ਨੂੰ ਰਾਤ ਦੀਆਂ ਸ਼ਿਫਟਾਂ ਵਿੱਚ ਕੰਮ ਕਰਨ ਦੀ ਇਜਾਜ਼ਤ ਹੈ। ਮੁੱਖ ਮੰਤਰੀ ਦੇ ਅਨੁਸਾਰ, ਸਰਕਾਰ ਦਾ ਇਹ ਫੈਸਲਾ ਦਿੱਲੀ ਨੂੰ 24⊘7 ਵਪਾਰਕ ਕੇਂਦਰ ਬਣਾਉਣ ਵਿੱਚ ਮਦਦ ਕਰੇਗਾ। ਇਸ ਮਹੱਤਵਪੂਰਨ ਫੈਸਲੇ ਬਾਰੇ ਜਾਣਕਾਰੀ ਦਿੰਦੇ ਹੋਏ ਮੁੱਖ ਮੰਤਰੀ ਰੇਖਾ ਗੁਪਤਾ ਨੇ ਕਿਹਾ ਕਿ ਇਹ ਪ੍ਰਸਤਾਵ ਮਾਨਯੋਗ ਉਪ ਰਾਜਪਾਲ ਨੂੰ ਉਨ੍ਹਾਂ ਦੀ ਪ੍ਰਵਾਨਗੀ ਲਈ ਭੇਜਿਆ ਜਾ ਰਿਹਾ ਹੈ। ਇਸ ਮਾਮਲੇ 'ਤੇ ਉਪ ਰਾਜਪਾਲ ਨਾਲ ਪਹਿਲਾਂ ਹੀ ਚਰਚਾ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਇਸ ਫੈਸਲੇ ਨੂੰ ਲਾਗੂ ਕਰਨ ਲਈ ਦਿੱਲੀ ਦੁਕਾਨਾਂ ਅਤੇ ਸਥਾਪਨਾ ਐਕਟ-1954 ਵਿੱਚ ਢਿੱਲ ਦਿੱਤੀ ਜਾ ਰਹੀ ਹੈ। ਇਸ ਐਕਟ ਦੀ ਧਾਰਾ 14, 15 ਅਤੇ 16 ਦੇ ਅਨੁਸਾਰ, ਔਰਤਾਂ ਨੂੰ ਰਾਤ 9 ਵਜੇ ਤੋਂ ਸਵੇਰੇ 7 ਵਜੇ (ਗਰਮੀਆਂ ਦੇ ਮੌਸਮ ਵਿੱਚ) ਅਤੇ ਰਾਤ 8 ਵਜੇ ਤੋਂ ਸਵੇਰੇ 8 ਵਜੇ ਤੱਕ



(ਸਰਦੀਆਂ ਦੇ ਮੌਸਮ ਵਿੱਚ) ਕੰਮ ਕਰਨ ਦੀ ਇਜਾਜ਼ਤ ਨਹੀਂ ਹੈ। ਪਰ ਹੁਣ ਇਸ ਵਿੱਚ ਬਦਲਾਅ ਕਰ ਦਿੱਤਾ ਗਿਆ ਹੈ। ਮੁੱਖ ਮੰਤਰੀ ਰੇਖਾ ਗੁਪਤਾ ਨੇ ਦੱਸਿਆ ਕਿ ਔਰਤਾਂ ਦੀ ਭਲਾਈ ਸਾਡੇ ਏਜੰਡੇ ਦੇ ਸਿਖਰ 'ਤੇ ਹੈ। ਅਸੀਂ ਵੱਖ-ਵੱਖ ਯੋਜਨਾਵਾਂ ਰਾਹੀਂ ਕੰਮਕਾਜੀ ਔਰਤਾਂ ਦੇ ਆਰਥਿਕ ਉੱਨਤੀ ਨੂੰ ਯਕੀਨੀ ਬਣਾਉਣ ਲਈ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰ ਰਹੇ ਹਾਂ। ਮੁੱਖ ਮੰਤਰੀ ਦੇ ਅਨੁਸਾਰ, ਇਹ ਛੋਟ ਪਹਿਲਾਂ ਹੀ ਹਰਿਆਣਾ, ਤੇਲੰਗਾਨਾ, ਮੱਧ ਪ੍ਰਦੇਸ਼, ਤਾਮਿਲਨਾਡੂ ਆਦਿ ਵਿੱਚ ਮੌਜੂਦ ਹੈ। ਹੁਣ ਇਸਨੂੰ ਦੇਸ਼ ਦੀ ਰਾਜਧਾਨੀ ਦਿੱਲੀ ਵਿੱਚ ਵੀ ਲਾਗੂ ਕੀਤਾ ਜਾ ਰਿਹਾ ਹੈ, ਕਿਉਂਕਿ ਦਿੱਲੀ ਸਰਕਾਰ ਮਹਿਲਾ ਸਸ਼ਕਤੀਕਰਨ ਅਤੇ ਸਵੈ-ਨਿਰਭਰਤਾ ਨੂੰ ਆਪਣੀ ਨੀਤੀ ਦੀ ਕੇਂਦਰੀ ਤਰਜੀਹ ਮੰਨਦੀ ਹੈ। ਮੁੱਖ ਮੰਤਰੀ ਰੇਖਾ ਗੁਪਤਾ ਨੇ ਕਿਹਾ ਕਿ ਔਰਤਾਂ ਨੂੰ ਦੁਕਾਨਾਂ/ਵਪਾਰਕ ਅਦਾਰਿਆਂ ਵਿੱਚ ਰਾਤ ਦੀਆਂ ਸ਼ਿਫਟਾਂ (24x7) ਵਿੱਚ ਕੰਮ ਕਰਨ ਦੀ ਇਜਾਜ਼ਤ ਦੇਣ ਵਿੱਚ ਕਿਸੇ ਵੀ ਕਿਸਮ ਦੀ ਮੁਸ਼ਕਲ ਜਾਂ ਤਣਾਅ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਸਖ਼ਤ ਪ੍ਰਬੰਧ (ਸ਼ਰਤਾਂ) ਲਾਗੂ ਕੀਤੇ ਜਾ ਰਹੇ ਹਨ। ਔਰਤਾਂ ਨੂੰ ਰਾਤ ਦੀਆਂ ਸ਼ਿਫਟਾਂ ਵਿੱਚ ਕੰਮ ਕਰਨ ਤੋਂ ਪਹਿਲਾਂ ਉਨ੍ਹਾਂ ਦੀ ਲਿਖਤੀ ਸਹਿਮਤੀ ਲੈਣੀ ਜ਼ਰੂਰੀ ਹੋਵੇਗੀ, ਕੰਮ ਵਾਲੀ ਥਾਂ 'ਤੇ ਸੀਸੀਟੀਵੀ ਕੈਮਰੇ, ਸੁਰੱਖਿਆ ਗਾਰਡ ਅਤੇ ਸੁਰੱਖਿਅਤ ਆਵਾਜਾਈ ਲਾਜ਼ਮੀ ਹੋਵੇਗੀ। ਇਸ ਤੋਂ ਇਲਾਵਾ, ਜਿਸ ਕੰਪਨੀ ਵਿੱਚ ਔਰਤ ਕੰਮ ਕਰੇਗੀ, ਉਸਨੂੰ ਜਿਨਸੀ ਸ਼ੋਸ਼ਣ ਰੋਕਥਾਮ ਐਕਟ (POSH ਐਕਟ) ਦੇ ਤਹਿਤ ਇੱਕ ਅੰਦਰੂਨੀ ਸ਼ਿਕਾਇਤ ਕਮੇਟੀ ਬਣਾਉਣੀ ਪਵੇਗੀ। ਇਸ ਦੇ ਨਾਲ, ਔਰਤਾਂ ਲਈ ਆਰਾਮ ਕਮਰਾ, ਟਾਇਲਟ, ਲਾਕਰ ਆਦਿ ਸਹੂਲਤਾਂ ਵੀ ਪ੍ਰਦਾਨ ਕਰਨੀਆਂ ਪੈਣਗੀਆਂ। ਇੱਕ ਨਿਯਮ ਇਹ ਵੀ ਬਣਾਇਆ ਗਿਆ ਹੈ ਕਿ ਔਰਤਾਂ ਨੂੰ ਉਨ੍ਹਾਂ ਦੀ ਤਨਖਾਹ ਬੈਂਕ/ਈਸੀਐਸ ਰਾਹੀਂ ਦਿੱਤੀ ਜਾਣੀ ਚਾਹੀਦੀ ਹੈ। ਸ਼ਰਤਾਂ ਵਿੱਚ ਈਐਸਆਈ, ਬੋਨਸ, ਪ੍ਰਾਵੀਡੈਂਟ ਫੰਡ ਆਦਿ ਵਰਗੇ ਸਾਰੇ ਕਾਨੂੰਨੀ ਲਾਭ, ਹਫਤਾਵਾਰੀ ਛੁੱਟੀ ਅਤੇ ਓਵਰਟਾਈਮ ਭੁਗਤਾਨ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦਾ ਇਹ ਫੈਸਲਾ ਨਾ ਸਿਰਫ਼ ਦਿੱਲੀ ਨੂੰ 24x7 ਵਪਾਰਕ ਕੇਂਦਰ ਬਣਾਉਣ ਵਿੱਚ ਮਦਦ ਕਰੇਗਾ, ਸਗੋਂ ਕਰਮਚਾਰੀਆਂ ਵਿੱਚ ਔਰਤਾਂ ਦੀ ਭਾਗੀਦਾਰੀ ਨੂੰ ਵੀ ਵਧਾਏਗਾ ਅਤੇ ਦਿੱਲੀ ਵਿੱਚ ਕਾਰੋਬਾਰ ਕਰਨ ਵਿੱਚ ਆਸਾਨੀ ਨੂੰ ਉਤਸ਼ਾਹਿਤ ਕਰੇਗਾ।

## ਸ਼੍ਰੋਮਣੀ ਅਕਾਲੀ ਦਲ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਜਥੇਦਾਰ ਦੇ ਨਿਰਦੇਸ਼

ਅੰਮ੍ਰਿਤਸਰ 29 ਜੁਲਾਈ। ਰਾਜਸਥਾਨ 'ਚ ਸਿੱਖ ਵਿਦਿਆਰਥਣ ਗੁਰਪ੍ਰੀਤ ਕੌਰ ਨੂੰ ਕੜਾ ਅਤੇ ਕਿਰਪਾਨ ਕਾਰਨ ਜੂਡੀਸ਼ਰੀ ਪ੍ਰੀਖਿਆ 'ਚ ਦਾਖਲ ਹੋਣ ਤੋਂ ਰੋਕਣ ਦੀ ਘਟਨਾ 'ਤੇ ਸ੍ਰੀ ਅਕਾਲ ਤਖ਼ਤ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਖ਼ਤ ਨੋਟਿਸ ਲਿਆ ਹੈ। ਜਥੇਦਾਰ ਨੇ ਕਿਹਾ ਸਿੱਖਾਂ ਵਿਰੁੱਧ ਨਫਰਤੀ ਵਿਤਕਰਾ ਕੀਤਾ ਜਾ ਰਿਹਾ ਹੈ, ਜੋ ਕਿ ਬੇਹੱਦ ਨਿੰਦਾਯੋਗ ਅਤੇ ਸੰਵਿਧਾਨਕ ਅਧਿਕਾਰਾਂ ਦੀ ਉਲੰਘਣਾ ਹੈ। ਜਥੇਦਾਰ ਗੜਗੱਜ ਨੇ ਸ਼?ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਵੀ ਅਪੀਲ ਕੀਤੀ ਕਿ ਇੱਕ ਸਾਂਝਾ ਵਫ਼ਦ ਤਿਆਰ ਕਰਕੇ ਇਹ ਮਾਮਲਾ ਉੱਚ ਪੱਧਰ 'ਤੇ ਉਠਾਇਆ ਜਾਵੇ। ਇਸ ਤੋਂ ਇਲਾਵਾ ਉਨ੍ਹਾਂ ਇਹ ਵੀ ਕਿਹਾ ਕਿ ਭਾਰਤ ਸਰਕਾਰ ਅਤੇ ਰਾਜਸਥਾਨ ਸਰਕਾਰ ਕਲੋਂ ਇਹ ਮੁੱਦਾ ਗੰਭੀਰਤਾ ਨਾਲ ਸ਼?ਰੋਮਣੀ ਕਮੇਟੀ ਵੱਲੋਂ ਚੁੱਕਿਆ ਜਾਵੇ। ਦੱਸ ਦੇਈਏ ਕਿ ਇਸ ਤੋਂ ਪਹਿਲਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਗੁਰਚਰਨ ਸਿੰਘ ਗਰੇਵਾਲ ਵੱਲੋਂ ਕੜਾ ਇਤਰਾਜ਼ ਜਤਾਇਆ ਗਿਆ ਹੈ। ਉਨ੍ਹਾਂ ਸਰਕਾਰ ਦੀ ਨਿੰਦਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਵਤੀਰੇ ਨਾਲ ਸਿੱਖ ਵਿਦਿਆਰਥਣ ਦੀ ਮਾਨਸਿਕਤਾ 'ਤੇ ਗਹਿਰੀ ਪਹੁੰਚੀ ਹੈ। ਉਨ੍ਹਾਂ ਕਿਹਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪਹਿਲਾਂ ਵੀ ਅਜਿਹੇ ਮਾਮਲਿਆਂ ਨੂੰ ਲੈ ਕੇ ਆਵਾਜ਼ ਚੁੱਕੀ ਰਹੀ ਹੈ ਅਤੇ ਹੁਣ ਇਸ ਮਾਮਲੇ ਨੂੰ ਵੱਡੇ ਪੱਧਰ 'ਤੇ ਲਿਜਾਇਆ ਜਾਵੇਗਾ। ਉਨ੍ਹਾਂ ਸਿੱਖ ਸੰਗਤ ਨੂੰ ਵੀ ਅਪੀਲ ਕੀਤੀ ਹੈ ਕਿ ਧਾਰਮਿਕ ਅਧਿਕਾਰਾਂ ਦੀ ਰੱਖਿਆ ਲਈ ਇਸ ਮਾਮਲੇ 'ਤੇ ਇਕਜੁਟ ਹੋ ਕੇ ਵਿਰੋਧ ਕੀਤਾ ਜਾਣਾ ਚਾਹੀਦਾ ਹੈ। ਦੱਸ ਦੇਈਏ ਕਿ ਇਹ ਪਹਿਲਾ ਮਾਮਲਾ ਨਹੀਂ ਹੈ, ਇਸ ਤੋਂ ਪਹਿਲਾਂ ਵੀ ਕਈ ਵਾਰ ਵਿਦਿਆਰਥੀਆਂ ਨਾਲ ਭੇਦਭਾਵ ਹੋ ਚੁੱਕਾ ਹੈ। ਜੋ ਧਾਰਮਿਕ ਆਜ਼ਾਦੀ 'ਤੇ ਇੱਕ ਗੰਭੀਰ ਸਵਾਲ ਖੜਾ ਕਰਦੀਆਂ ਹਨ।

## ਪੰਜਾਬ ਸਰਕਾਰ ਨੇ ਸ਼ਹੀਦ ਊਧਮ ਸਿੰਘ ਦੇ ਨਾਂ 'ਤੇ ਰੱਖਿਆ ਸੜਕ ਦਾ ਨਾਂ

ਸੁਨਾਮ ਊਧਮ ਸਿੰਘ ਵਾਲਾ 29 ਜੁਲਾਈ। ਭਵਾਨੀਗੜ੍ਹ ਤੋਂ ਸੁਨਾਮ-ਭੀਖੀ ਅਤੇ ਕੋਟਸ਼ਮੀਰ ਤੱਕ ਸੜਕ ਮਹਾਨ ਇਨਕਲਾਬੀ ਯੋਧੇ ਸ਼ਹੀਦ ਊਧਮ ਸਿੰਘ ਜੀ ਦੀ ਯਾਦ ਨੂੰ ਸਮਰਪਿਤ ਕਰ ਦਿੱਤੀ ਗਈ ਹੈ। ਆਮ ਆਦਮੀ ਪਾਰਟੀ ਪ੍ਰਧਾਨ ਅਮਨ ਅਰੋੜਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਨ੍ਹਾਂ ਨੂੰ ਇਹ ਦੱਸਦੇ ਹੋਏ ਮਾਣ ਮਹਿਸੂਸ ਹੋ ਰਿਹਾ ਹੈ ਕਿ ਇਸ ਸੜਕ ਦਾ ਨਾਂ ਹੁਣ ਸ਼ਹੀਦ ਊਧਮ ਸਿੰਘ ਮਾਰਗ ਰੱਖਿਆ ਗਿਆ ਹੈ। ਇਸ ਸਬੰਧੀ ਵਿਭਾਗੀ ਮਨਜ਼ੂਰੀ ਮਿਲ ਚੁੱਕੀ ਹੈ। ਅਮਨ ਅਰੋੜਾ ਨੇ ਕਿਹਾ ਕਿ ਸਾਡੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਇਸ ਦਾ ਰਸਮੀ ਉਦਘਾਟਨ 31 ਜੁਲਾਈ ਨੂੰ



ਸ਼ਹੀਦ ਊਧਮ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਕਰਨਗੇ। ਸੁਨਾਮ ਹਲਕੇ ਦੇ ਵਾਸੀਆਂ ਅਤੇ ਸਮੂਹ ਪੰਜਾਬ ਵਾਸੀਆਂ ਨੂੰ ਮੁਬਾਰਕਬਾਦ ਅਤੇ ਅਰਵਿੰਦ ਕੇਜਰੀਵਾਲ ਤੇ ਭਗਵੰਤ ਮਾਨ ਦਾ ਇਸ ਕਾਰਜ ਲਈ ਮਨਜ਼ੂਰੀ ਦੇਣ ਵਾਸਤੇ ਦਿਲ ਦੀਆਂ ਗਹਿਰਾਈਆਂ 'ਚੋਂ ਧੰਨਵਾਦ ਕਰਦੇ ਹਾਂ। ਇਸ ਸਬੰਧੀ ਸ਼ਹਿਰ ਵਾਸੀਆਂ 'ਚ ਖੁਸ਼ੀ ਦਾ ਮਾਹੌਲ ਹੈ। ਇਸ ਮੌਕੇ ਵਪਾਰੀ ਆਗੂ ਰਾਜਨ ਸਿੰਗਲਾ ਨੇ ਕਿਹਾ ਕਿ ਜਿੱਥੇ ਆਮ ਆਦਮੀ ਪਾਰਟੀ ਦੇ ਪ੍ਰਧਾਨ ਅਮਨ ਅਰੋੜਾ ਦਿਨ-ਰਾਤ ਸ਼ਹਿਰ ਦੇ ਵਿਕਾਸ ਕਾਰਜ ਕਰਵਾਉਣ ਲਈ ਕੰਮ ਕਰ ਰਹੇ ਹਨ ਉਥੇ ਹੀ ਦੇਸ਼ ਦੇ ਮਹਾਨ ਯੋਧੇ ਸ਼ਹੀਦ ਊਧਮ ਸਿੰਘ ਜੀ ਦੇ ਨਾਂ 'ਤੇ ਮਾਰਗ ਦਾ ਨਾਂ ਰੱਖਣ ਨੂੰ ਲੈ ਕੇ ਉਨ੍ਹਾਂ ਦੇ ਕੀਤੇ ਇਸ ਕੰਮ ਸਬੰਧੀ ਸ਼ਹਿਰ ਵਾਸੀਆਂ 'ਚ ਇਕ ਵੱਖ ਹੀ ਖੁਸ਼ੀ ਹੈ ਇਸ ਲਈ ਉਹ ਕੈਬਿਨਟ ਮੰਤਰੀ ਅਮਨ ਅਰੋੜਾ ਦਾ ਦਿਲੋਂ ਧੰਨਵਾਦ ਕਰਦਾ ਹਾਂ। ਇਸ ਮੌਕੇ ਸ਼ਹੀਦ ਊਧਮ ਸਿੰਘ ਜੀ ਦੇ ਪਰਿਵਾਰਕ ਮੈਂਬਰ ਹਰਪਾਲ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਕੀਤੇ ਗਏ ਇਸ ਉਪਰਾਲੇ ਲਈ ਉਹ ਉਨ੍ਹਾਂ ਦਾ ਦਿਲੋਂ ਧੰਨਵਾਦ ਕਰਦੇ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ ਕੁਝ ਮੰਗਾਂ ਪੰਜਾਬ ਸਰਕਾਰ ਨੂੰ ਦਿੱਤੀਆਂ ਗਈਆਂ ਹਨ ਜਿਸ ਸਬੰਧੀ ਉਨ੍ਹਾਂ ਨੂੰ ਆਸ ਹੈ ਕਿ ਪੰਜਾਬ ਸਰਕਾਰ ਉਨ੍ਹਾਂ ਨੂੰ ਵੀ ਪ੍ਰਵਾਨਗੀ ਦੇਵੇਗੀ।

## ਜਥੇਦਾਰ ਵੱਲੋਂ ਤਲਬ ਕੀਤੇ ਜਾਣ ਮਗਰੋਂ ਮੰਤਰੀ ਹਰਜੋਤ ਬੈਂਸ ਦਾ ਬਿਆਨ, ਨੰਗੇ ਪੈਰੀਂ ਹਾਜ਼ਰ ਹੋਵਾਂਗਾ

**ਕੌਮੀ ਪਤ੍ਰਿਕਾ**

ਚੰਡੀਗੜ੍ਹ/ਅੰਮ੍ਰਿਤਸਰ 29 ਜੁਲਾਈ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਤਲਬ ਕੀਤੇ ਜਾਣ ਤੋਂ ਬਾਅਦ ਮੰਤਰੀ ਹਰਜੋਤ ਸਿੰਘ ਬੈਂਸ ਦਾ ਬਿਆਨ ਸਾਹਮਣੇ ਆਇਆ ਹੈ। ਬੈਂਸ ਨੇ ਕਿਹਾ ਹੈ ਕਿ ਧੰਨ-ਧੰਨ ਬੰਦੀਛੋੜ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਸਾਜੇ ਸੱਚੇ ਤਖ਼ਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਅੱਗੇ ਹਰ ਸਿੱਖ ਦਾ ਸਿਰ ਅਦਬ ਨਾਲ ਝੁਕਦਾ ਹੈ। ਦਾਸ ਵੀ ਨਿਮਾਣਾ ਜਿਹਾ ਸਿੱਖ ਹੋਣ ਦੇ ਨਾਤੇ ਰੋਮ-ਰੋਮ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਿਤ ਹੈ। ਬੈਂਸ ਨੇ ਅੱਗੇ ਕਿਹਾ ਕਿ ਬੀਤੇ ਦਿਨੀਂ ਭਾਸ਼ਾ ਵਿਭਾਗ ਪੰਜਾਬ ਵੱਲੋਂ ਸ਼੍ਰੀਨਗਰ ਵਿਖੇ ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਇਕ ਸਮਾਗਮ ਕਰਵਾਇਆ ਗਿਆ ਸੀ, ਜਿਸ ਵਿਚ ਉੱਘੇ ਬੁੱਧੀਜੀਵੀਆਂ ਅਤੇ ਵਿਦਵਾਨਾਂ ਨੇ ਮਨੁੱਖ ਦੀ ਜ਼ਮੀਰ ਦੀ ਆਜ਼ਾਦੀ ਦੇ ਮਸੀਹਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਜੀਵਨ ਅਤੇ ਉਨ੍ਹਾਂ ਦੀ ਸ਼ਹਾਦਤ ਬਾਰੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਕੀਤੀਆਂ। ਇਸ ਪ੍ਰੋਗਰਾਮ ਵਿਚ ਮਸ਼ਹੂਰ ਪੰਜਾਬੀ ਗਾਇਕ ਬੀਰ ਸਿੰਘ ਨੂੰ ਵੀ ਬੁਲਾਇਆ ਗਿਆ ਸੀ, ਜੋ ਕਿ ਇਕ ਗੁਰਸਿੱਖ ਗਾਇਕ ਹਨ ਅਤੇ ਉਨ੍ਹਾਂ ਦੇ ਜ਼ਿਆਦਾਤਰ ਗੀਤ ਧਾਰਮਿਕ ਹੁੰਦੇ ਹਨ। ਪਿਛਲੇ ਸਮੇਂ ਦੌਰਾਨ ਉਨ੍ਹਾਂ ਨੇ ਆਪਣੀ ਆਵਾਜ਼ ਵਿਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਪਵਿੱਤਰ ਰਚਨਾ ਸਲੋਕ ਮਹਲਾ ? ਦਾ ਗਾਇਨ ਵੀ ਕੀਤਾ ਸੀ। ਇਸੇ ਕਾਰਨ ਹੀ ਉਨ੍ਹਾਂ ਨੂੰ ਵੀ ਇਸ ਸਮਾਗਮ ਵਿਚ ਸੱਦਿਆ ਗਿਆ ਸੀ। ਇਸ ਸਮਾਗਮ ਵਿਚ ਪ੍ਰਬੰਧਕਾਂ ਦੀ ਜਾਣੇ-ਅਨਜਾਣੇ ਵਿਚ ਹੋਈ ਅਣਗਹਿਲੀ ਕਾਰਨ ਜੋ ਵੀ ਹੋਇਆ, ਉਸ ਲਈ ਬਤੌਰ ਸਿੱਖ ਕੈਬਨਿਟ ਮੰਤਰੀ ਹੋਣ ਦੇ ਨਾਤੇ ਮੈਂ ਖ਼?ਮਾ ਦਾ ਜਾਚਕ ਹਾਂ। ਮੈਂ ਗੁਰੂ ਸਾਹਿਬ ਦਾ ਸੱਚਾ ਅਤੇ ਨਿਮਾਣਾ ਸਿੱਖ ਹਾਂ, ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਇਸ ਸਬੰਧ ਵਿਚ ਦਾਸ ਨੂੰ ਤਲਬ ਕੀਤਾ ਗਿਆ ਹੈ। ਦਾਸ ਬੰਦੀਛੋੜ ਛੇਵੇਂ ਪਾਤਸ਼ਾਹ ਜੀ ਦੇ ਸੱਚੇ ਤਖ਼ਤ ਦਾ ਹਰ ਹੁਕਮ ਖਿੜੇ ਮੱਥੇ ਪ੍ਰਵਾਨ ਕਰਦਾ ਹੋਇਆ ਨੰਗੇ ਪੈਰੀਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹਾਜ਼ਰ ਹੋਵੇਗਾ ਅਤੇ ਆਪਣੀ ਨੈਤਿਕ ਜ਼ਿੰਮੇਵਾਰੀ ਨੂੰ ਕਬੂਲ ਕਰਦਾ ਹੋਇਆ ਹੋਣ ਵਾਲੇ ਹਰ ਹੁਕਮ ਨੂੰ ਮੰਨਣ ਦਾ ਪਾਬੰਦ ਹੋਵੇਗਾ।



## ਬਾਸਕਟਬਾਲ ਕੋਰਟ ਦੀ ਛੱਤ ਵਿਚ ਲੀਕੇਜ ਨੂੰ ਲੈ ਕੇ ਨਗਰ ਨਿਗਮ ਨੇ ਠੇਕੇਦਾਰ ਨੂੰ ਭੇਜਿਆ ਨੋਟਿਸ

**ਕੌਮੀ ਪਤ੍ਰਿਕਾ**

ਲੁਧਿਆਣਾ 29 ਜੁਲਾਈ। ਗੁਰੂ ਨਾਨਕ ਸਟੇਡੀਅਮ ਵਿੱਚ ਬਣਾਏ ਗਏ ਬਾਸਕਟਬਾਲ ਕੋਰਟ ਵਿਚ ਲੀਕੇਜ ਦਾ ਸਖ਼ਤ ਨੋਟਿਸ ਲੈਂਦੇ ਹੋਏ, ਨਗਰ ਨਿਗਮ ਨੇ ਠੇਕੇਦਾਰ ਨੂੰ ਨੋਟਿਸ ਜਾਰੀ ਕੀਤਾ ਹੈ ਜਿਸ ਵਿਚ ਉਸ ਨੂੰ ਛੱਤ ਦੀਆਂ ਨੁਕਸਦਾਰ ਚਾਦਰਾਂ ਬਦਲਣ ਦਾ ਨਿਰਦੇਸ਼ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਨਗਰ ਨਿਗਮ ਕਮਿਸ਼ਨਰ-ਕਮ- ਲੁਧਿਆਣਾ ਸਮਾਰਟ ਸਿਟੀ ਲਿਮਟਿਡ (ਐਲ.ਐਸ.ਸੀ.ਐਲ) ਦੇ ਸੀ.ਈ.ਓ ਆਦਿਤਿਆ ਡੇਚਲਵਾਲ ਨੇ ਨਿਰੀਖਣ ਕਰਨ ਅਤੇ ਇਸ ਸੰਬੰਧੀ ਰਿਪੋਰਟ ਪੇਸ਼ ਕਰਨ ਲਈ ਇਕ ਕਮੇਟੀ ਵੀ ਬਣਾਈ ਹੈ। ਕਮੇਟੀ ਵਿੱਚ ਨਗਰ ਨਿਗਮ ਦੇ ਵਧੀਕ ਕਮਿਸ਼ਨਰ ਪਰਮਦੀਪ ਸਿੰਘ ਚੇਅਰਮੈਨ ਅਤੇ ਨਿਗਰਾਨ ਇੰਜੀਨੀਅਰ ਸ਼ਾਮ ਲਾਲ ਗੁਪਤਾ ਅਤੇ ਕਾਰਜਕਾਰੀ ਇੰਜੀਨੀਅਰ ਅਰਵਿੰਦ ਕੁਮਾਰ ਮੈਂਬਰ ਹਨ। ਠੇਕੇਦਾਰ ਨੂੰ ਦਿੱਤੇ ਗਏ ਨੋਟਿਸ ਵਿੱਚ ਕਿਹਾ ਗਿਆ ਹੈ ਕਿ ਹਾਲ ਹੀ ਵਿਚ ਕੀਤੇ ਗਏ ਨਿਰੀਖਣ ਦੌਰਾਨ, ਛੱਤ ਦੀ ਨੁਕਸਦਾਰ ਸ਼ੀਟ ਕਾਰਨ ਬਾਸਕਟਬਾਲ ਕੋਰਟ ਦੀ ਛੱਤ ਵਿੱਚ ਲੀਕੇਜ ਦੇਖੀ ਗਈ ਸੀ। ਇਹ ਠੇਕੇਦਾਰ ਦੀ ਮਾੜੀ ਕਾਰੀਗਰੀ ਅਤੇ ਲਾਪਰਵਾਹੀ ਨੂੰ ਵੀ ਦਰਸਾਉਂਦਾ ਹੈ। ਇੱਥੇ ਇਹ ਦੱਸਣਾ ਉਚਿਤ ਹੈ ਕਿ ਪਿਛਲੇ ਸਮੇਂ ਵਿੱਚ ਪ੍ਰੋਜੈਕਟ ਨੂੰ ਪੂਰਾ ਕਰਨ ਵਿੱਚ ਦੇਰੀ ਲਈ ਠੇਕੇਦਾਰ ਨੂੰ ਪਹਿਲਾਂ ਹੀ 10 ਲੱਖ ਰੁਪਏ ਦਾ ਜੁਰਮਾਨਾ ਲਗਾਇਆ ਜਾ ਚੁੱਕਾ ਹੈ। ਹੁਣ, ਅਧਿਕਾਰੀਆਂ ਨੇ ਠੇਕੇਦਾਰ ਨੂੰ ਦੁਬਾਰਾ ਹਦਾਇਤ ਕੀਤੀ ਹੈ ਕਿ ਉਹ ਸੁਧਾਰਾਤਮਕ ਕਦਮ ਚੁੱਕੇ ਅਤੇ ਛੱਤ ਦੀਆਂ ਨੁਕਸਦਾਰ ਚਾਦਰਾਂ ਨੂੰ ਬਦਲੇ, ਨਹੀਂ ਤਾਂ ਸਮਾਂ ਸੀਮਾ ਅੰਦਰ ਕੰਮ ਖਤਮ ਨਾ ਕਰਨ ਅਤੇ ਕੰਮ ਦੇ ਨੁਕਸਦਾਰ ਪ੍ਰਦਰਸ਼ਨ ਲਈ ਹੋਰ ਜੁਰਮਾਨਾ ਲਗਾਇਆ ਜਾਵੇਗਾ। ਨਗਰ ਨਿਗਮ ਕਮਿਸ਼ਨਰ ਡੇਚਲਵਾਲ ਨੇ ਕਿਹਾ ਕਿ ਉਹ ਸ਼ਹਿਰ ਭਰ ਵਿਚ ਕੀਤੇ ਜਾ ਰਹੇ ਵਿਕਾਸ ਕਾਰਜਾਂ ਦੀ ਲਗਾਤਾਰ ਨਿਗਰਾਨੀ ਕਰ ਰਹੇ ਹਨ ਅਤੇ ਕੰਮਾਂ ਦੀ ਗੁਣਵੱਤਾ ਦੇ ਮਾਮਲੇ ਵਿੱਚ ਕੋਈ ਵੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

### ਹਰਿਆਣਾ ਸਰਕਾਰ ਨੇ 4 ਐਚਸੀਐਸ ਅਧਿਕਾਰੀਆਂ ਦੇ ਤਬਾਦਲੇ ਅਤੇ ਨਿਯੁਕਤੀ ਆਦੇਸ਼ ਕੀਤੇ ਜਾਰੀ

ਚੰਡੀਗੜ੍ਹ, 29 ਜੁਲਾਈ: ਹਰਿਆਣਾ ਸਰਕਾਰ ਨੇ ਚਾਰ ਐਚਸੀਐਸ ( ਹਰਿਆਣਾ ਸਿਵਿਲ ਸੇਵਾ ) ਅਧਿਕਾਰੀਆਂ ਦੇ ਤੁਰੰਤ ਪ੍ਰਭਾਵ ਨਾਲ ਤਬਾਦਲੇ ਅਤੇ ਨਿਯੁਕਤੀ ਦੇ ਆਦੇਸ਼ ਜਾਰੀ ਕੀਤੇ ਹਨ। ਜਾਰੀ ਆਦੇਸ਼ਾਂ ਅਨੁਸਾਰ, ਸਤੀਂਦਰ ਸਿਵਾਚ, ਜ਼ਿਲ੍ਹਾ ਨਗਰ ਕਮੀਸ਼ਨਰ, ਕੁਰੂਕਸ਼ੇਤਰ, ਨੂੰ ਹੁਣ ਸਭ-ਡਿਵਿਜ਼ਨਲ ਅਧਿਕਾਰੀ (ਨਾਗਰਿਕ) ਬਰਾੜਾ ਨਿਯੁਕਤ ਕੀਤਾ ਗਿਆ ਹੈ। ਭਾਰਤ ਭੂਸ਼ਣ, ਮੁੱਖ ਕਾਰਜਕਾਰੀ ਅਧਿਕਾਰੀ, ਪੰਚਕੂਲਾ ਮਹਾਨਗਰ ਵਿਕਾਸ ਅਥਾਰਿਟੀ ਨੂੰ ਗ੍ਰਹਿ ਵਿਭਾਗ ਵਿੱਚ ਉਪ ਸਕੱਤਰ ਦਾ ਕਾਰਜਭਾਰ ਵਧੀਕ ਤੌਰ 'ਤੇ ਸੌਂਪਿਆ ਗਿਆ ਹੈ। ਅਮਨ ਕੁਮਾਰ, ਸਭ-ਡਿਵਿਜ਼ਨਲ ਅਧਿਕਾਰੀ (ਨਾਗਰਿਕ) ਬਰਾੜਾ, ਨੂੰ ਹੁਣ ਜ਼ਿਲ੍ਹਾ ਨਗਰ ਕਮੀਸ਼ਨਰ, ਕੁਰੂਕਸ਼ੇਤਰ ਨਿਯੁਕਤ ਕੀਤਾ ਗਿਆ ਹੈ। ਹਰਪ੍ਰੀਤ ਕੌਰ, ਸੰਯੁਕਤ ਨਿਦੇਸ਼ਕ (ਪ੍ਰਸ਼ਾਸਣ) ਅਤੇ ਉਪ ਸਕੱਤਰ ਸੂਚਨਾ, ਜਨਸੰਪਰਕ ਅਤੇ ਭਾਸ਼ਾ ਵਿਭਾਗ ਨੂੰ ਹੁਣ ਸੰਯੁਕਤ ਨਿਦੇਸ਼ਕ, ਮਾਡਲ ਸਭਿਆਚਾਰ ਸਕੂਲਸ ਨਿਯੁਕਤ ਕੀਤਾ ਗਿਆ ਹੈ।

## ਤਾਂ ਜ਼ਿੰਦਗੀ ਭਰ ਲਈ ਰੱਦ ਕੀਤਾ ਜਾ ਸਕਦੈ ਤੁਹਾਡਾ ਵੀਜ਼ਾ, ਚੇਤਾਵਨੀ ਜਾਰੀ

ਨਵੀਂ ਦਿੱਲੀ 29 ਜੁਲਾਈ। ਭਾਰਤ ਵਿੱਚ ਅਮਰੀਕੀ ਦੂਤਘਰ ਨੇ ਸ਼ਨੀਵਾਰ ਨੂੰ ਇੱਕ ਸਖ਼ਤ ਚੇਤਾਵਨੀ ਜਾਰੀ ਕੀਤੀ, ਜਿਸ ਮੁਤਾਬਕ ਅਮਰੀਕਾ ਵਿੱਚ ਅਪਰਾਧ ਕਰਨ ਵਾਲੇ ਜਾਂ ਕਾਨੂੰਨਾਂ ਦੀ ਉਲੰਘਣਾ ਕਰਨ ਵਾਲੇ ਵਿਦੇਸ਼ੀ ਸੈਲਾਨੀਆਂ ਦਾ ਵੀਜ਼ਾ ਰੱਦ ਕੀਤਾ ਜਾ ਸਕਦਾ ਹੈ। ✓ 'ਤੇ ਇੱਕ ਪੋਸਟ ਵਿੱਚ ਦੂਤਘਰ ਨੇ ਕਿਹਾ, ਅਮਰੀਕਾ ਕਾਨੂੰਨ ਅਤੇ ਵਿਵਸਥਾ ਦਾ ਸਮਾਜ ਹੈ। ਵਿਦੇਸ਼ੀ ਸੈਲਾਨੀਆਂ ਦੁਆਰਾ ਹਮਲੇ ਵਰਗੇ ਅਪਰਾਧਾਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਜੇਕਰ ਤੁਸੀਂ ਅਮਰੀਕਾ ਵਿੱਚ ਕਾਨੂੰਨ ਤੋੜਦੇ ਹੋ ਤਾਂ ਤੁਹਾਡਾ ਅਮਰੀਕੀ ਵੀਜ਼ਾ ਰੱਦ ਕੀਤਾ ਜਾ ਸਕਦਾ ਹੈ ਅਤੇ ਤੁਸੀਂ ਜ਼ਿੰਦਗੀ ਭਰ ਲਈ ਅਮਰੀਕਾ ਪਰਤਣ ਦੇ ਅਯੋਗ ਹੋ ਸਕਦੇ ਹੋ। 22 ਜੁਲਾਈ ਨੂੰ ਦੂਤਘਰ ਨੇ ਪੋਸਟ ਕੀਤਾ, ਜੇਕਰ ਤੁਹਾਨੂੰ ਅਮਰੀਕਾ ਵਿੱਚ ਹਮਲੇ, ਘਰੇਲੂ ਹਿੰਸਾ, ਜਾਂ ਹੋਰ ਅਪਰਾਧਾਂ ਲਈ ਗ੍ਰਿਫਤਾਰ ਕੀਤਾ ਜਾਂਦਾ ਹੈ, ਤਾਂ ਤੁਹਾਡਾ ਅਮਰੀਕੀ ਵੀਜ਼ਾ ਰੱਦ ਕੀਤਾ ਜਾ ਸਕਦਾ ਹੈ ਅਤੇ ਤੁਸੀਂ ਭਵਿੱਖ ਵਿੱਚ ਅਮਰੀਕੀ ਵੀਜ਼ਾ ਲਈ ਅਯੋਗ ਹੋ ਸਕਦੇ ਹੋ। ਵੀਜ਼ਾ ਇੱਕ ਵਿਸ਼ੇਸ਼ ਅਧਿਕਾਰ ਹੈ, ਅਧਿਕਾਰ ਨਹੀਂ - ਜੋ ਕਾਨੂੰਨ ਤੋੜਨ 'ਤੇ ਰੱਦ ਕੀਤਾ ਜਾ ਸਕਦਾ ਹੈ। ਇਸ ਤੋਂ ਪਹਿਲਾਂ 16 ਜੁਲਾਈ ਨੂੰ ਦੂਤਘਰ ਨੇ ਇੱਕ ਬਿਆਨ ਜਾਰੀ ਕੀਤਾ ਸੀ ਜਿਸ ਵਿੱਚ ਇਸ ਗੱਲ ਦਾ ਜ਼ਿਕਰ ਕੀਤਾ ਗਿਆ ਸੀ ਕਿ ਅਮਰੀਕਾ ਵਿੱਚ ਹਮਲਾ, ਚੋਰੀ ਕਰਨ ਵਾਲਿਆਂ ਦਾ ਵੀਜ਼ਾ ਰੱਦ ਕੀਤਾ ਜਾ ਸਕਦਾ ਹੈ

## ਕਮਰੇ 'ਚ ਅਚਾਨਕ ਅੱਗ ਲੱਗਣ ਕਾਰਨ ਜ਼ਿੰਦਾ ਸੜਿਆ ਨਾਬਾਲਗ, ਪਰਿਵਾਰ ਦਾ ਰੋ-ਰੋ ਬੁਰਾ ਹਾਲ

ਨੈਸ਼ਨਲ ਡੈਸਕ 29 ਜੁਲਾਈ। ਸੋਮਵਾਰ ਦੇਰ ਸ਼ਾਮ ਪਿਆਉ ਮਨਿਆਰੀ ਪਿੰਡ 'ਚ ਕਿਰਾਏ ਦੇ ਕਮਰੇ 'ਚ ਸ਼ੱਕੀ ਹਾਲਾਤਾਂ 'ਚ ਲੱਗੀ ਅੱਗ 'ਚ ਇੱਕ 14 ਸਾਲਾ ਲੜਕੇ ਦੀ ਮੌਤ ਹੋ ਗਈ ਤੇ ਇੱਕ ਲੜਕੀ ਗੰਭੀਰ ਰੂਪ 'ਚ ਝੁਲਸ ਗਿਆ। ਦੋਵਾਂ ਨੂੰ ਸੜੀ ਹੋਈ ਹਾਲਤ 'ਚ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਇਕ ਨਾਬਾਲਗ ਨੂੰ ਮ੍ਰਿਤਕ ਐਲਾਨ ਦਿੱਤਾ। ਦੂਜੇ ਦਾ ਇਲਾਜ ਨਰੇਲਾ ਦੇ ਰਾਜਾ ਹਰੀਸ਼ਚੰਦਰ ਹਸਪਤਾਲ ਵਿੱਚ ਚੱਲ ਰਿਹਾ ਹੈ। ਮੂਲ ਰੂਪ 'ਚ ਬਿਹਾਰ ਦਾ ਰਹਿਣ ਵਾਲਾ ਸਤੇਂਦਰ ਆਪਣੀ ਪਤਨੀ ਤੇ ਬੱਚਿਆਂ ਨਾਲ ਪਿਆਉ ਮਨਿਆਰੀ ਪਿੰਡ 'ਚ ਕਿਰਾਏ ਦੇ ਮਕਾਨ ਵਿੱਚ ਰਹਿੰਦਾ ਹੈ। ਉਸਨੇ ਦੱਸਿਆ ਕਿ ਉਹ ਤੇ ਉਸਦੀ ਪਤਨੀ ਸੋਮਵਾਰ ਸ਼ਾਮ ਨੂੰ ਕੰਮ 'ਤੇ ਗਏ ਸਨ। ਉਸਦਾ 14 ਸਾਲਾ ਪੁੱਤਰ ਸੂਰਜ, ਪਤਨੀ ਦੀ ਭੈਣ ਪੂਜਾ ਅਤੇ 4 ਹੋਰ ਬੱਚੇ ਘਰ 'ਚ ਸਨ। ਉਸ ਦੌਰਾਨ ਕਮਰੇ ਵਿੱਚ ਅਚਾਨਕ ਅੱਗ ਲੱਗ ਗਈ। ਸੂਚਨਾ ਮਿਲਦੇ ਹੀ ਗੁਆਂਢੀ ਮੌਕੇ 'ਤੇ ਪਹੁੰਚੇ ਅਤੇ ਅੱਗ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਕੀਤੀ। ਝੁਲਸੇ ਸੂਰਜ ਤੇ ਪੂਜਾ ਨੂੰ ਹਸਪਤਾਲ ਲਿਜਾਇਆ ਗਿਆ ਪਰ ਡਾਕਟਰਾਂ ਨੇ ਸੂਰਜ ਨੂੰ ਮ੍ਰਿਤਕ ਐਲਾਨ ਦਿੱਤਾ। ਪੂਜਾ ਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਹੈ ਤੇ ਉਸਦਾ ਇਲਾਜ ਚੱਲ ਰਿਹਾ ਹੈ। ਅੱਗ ਲੱਗਣ ਦੇ ਕਾਰਨਾਂ ਦਾ ਅਜੇ ਤੱਕ ਪਤਾ ਨਹੀਂ ਲੱਗ ਸਕਿਆ ਹੈ। ਪੁਲਸ ਨੇ ਮਾਮਲਾ ਦਰਜ ਕਰ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਫੋਰੈਂਸਿਕ ਟੀਮ ਨੇ ਮੌਕੇ ਤੋਂ ਸਬੂਤ ਵੀ ਇਕੱਠੇ ਕਰ ਲਏ ਹਨ। ਪੁਲਸ ਦਾ ਕਹਿਣਾ ਹੈ ਕਿ ਅੱਗ ਲੱਗਣ ਦੇ ਕਾਰਨਾਂ ਦਾ ਖੁਲਾਸਾ ਪੋਸਟਮਾਰਟਮ ਰਿਪੋਰਟ ਅਤੇ ਘਟਨਾ ਸਥਾਨ ਦੀ ਜਾਂਚ ਤੋਂ ਬਾਅਦ ਹੀ ਹੋ ਸਕੇਗਾ।

## ਦਿੱਲੀ ਦੀ ਅੱਠਵੀਂ ਵਿਧਾਨ ਸਭਾ ਦਾ ਮਾਨਸੂਨ ਸੈਸ਼ਨ 4 ਅਗਸਤ ਤੋਂ ਸ਼ੁਰੂ ਹੋਵੇਗਾ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ, 29 ਜੁਲਾਈ: ਰਾਸ਼ਟਰੀ ਰਾਜਧਾਨੀ ਦਿੱਲੀ ਦੇ ਅੱਠਵੇਂ ਵਿਧਾਨ ਸਭਾ ਦਾ ਤੀਜਾ ਸੈਸ਼ਨ (ਮਾਨਸੂਨ ਸੈਸ਼ਨ) ਸੋਮਵਾਰ, 4 ਅਗਸਤ 2025 ਨੂੰ ਦੁਪਹਿਰ 2:00 ਵਜੇ ਦਿੱਲੀ ਵਿਧਾਨ ਸਭਾ ਭਵਨ, ਪੁਰਾਣੇ ਸਕੱਤਰੇਤ ਵਿਖੇ ਸ਼ੁਰੂ ਹੋਵੇਗਾ। ਡਿਜੀਟਲ ਸ਼ਾਸਨ ਵੱਲ ਇੱਕ ਮਹੱਤਵਪੂਰਨ ਪਹਿਲਕਦਮੀ ਵਜੋਂ, ਇਹ ਮੌਨਸੂਨ ਸੈਸ਼ਨ ਰਾਸ਼ਟਰੀ ਈ-ਵਿਧਾਨ ਐਪਲੀਕੇਸ਼ਨ (NeVA) ਰਾਹੀਂ ਪੂਰੀ ਤਰ੍ਹਾਂ ਕਾਗਜ਼ ਰਹਿਤ ਢੰਗ ਨਾਲ ਕਰਵਾਇਆ ਜਾਵੇਗਾ। ਵਿਜੇਂਦਰ ਗੁਪਤਾ ਵੱਲੋਂ ਐਲਾਨੇ ਗਏ ਸ਼ਡਿਊਲ ਅਨੁਸਾਰ, ਵਿਧਾਨ ਸਭਾ ਦੀਆਂ ਮੀਟਿੰਗਾਂ 4 ਅਗਸਤ ਤੋਂ 8 ਅਗਸਤ, 2025 ਤੱਕ ਨਿਰਧਾਰਤ ਹਨ। ਹਾਲਾਂਕਿ, ਲੋੜ ਅਨੁਸਾਰ ਸੈਸ਼ਨ ਦੀ ਮਿਆਦ ਵੀ ਵਧਾਈ ਜਾ ਸਕਦੀ ਹੈ। ਹਰੇਕ ਮੀਟਿੰਗ ਦੁਪਹਿਰ 2:00 ਵਜੇ ਸ਼ੁਰੂ ਹੋਵੇਗੀ ਅਤੇ ਨਿਰਧਾਰਤ ਏਜੰਡਾ ਪੂਰਾ ਹੋਣ ਤੱਕ ਚਲਾਈ ਜਾਵੇਗੀ। ਵਿਜੇਂਦਰ ਗੁਪਤਾ ਨੇ ਨਿਰਦੇਸ਼ ਦਿੱਤੇ ਹਨ ਕਿ ਜੋ ਮਾਣਯੋਗ ਮੈਂਬਰ ਨਿਯਮ 280 (ਵਿਸ਼ੇਸ਼ ਜ਼ਿਕਰ) ਦੇ ਤਹਿਤ ਮਾਮਲਾ ਉਠਾਉਣਾ ਚਾਹੁੰਦੇ ਹਨ, ਉਹ ਆਪਣੇ ਨੋਟਿਸ ਪਿਛਲੇ ਕੰਮਕਾਜੀ ਦਿਨ ਸ਼ਾਮ 5:00 ਵਜੇ ਤੱਕ NeVA ਪੋਰਟਲ (https://cms.neva.gov.in/) ਰਾਹੀਂ ਜਮ?ਹਾਂ ਕਰਾਉਣ। ਪ੍ਰਾਪਤ ਹੋਏ ਨੋਟਿਸਾਂ ਵਿੱਚੋਂ ਤਰਜੀਹ ਨਿਰਧਾਰਤ ਕਰਨ ਲਈ ਪਹਿਲੇ 10 ਵਿਸ਼ਿਆਂ ਲਈ ਲਾਟਰੀ ਪ੍ਰਕਿਰਿਆ ਸਬੰਧਤ ਦਿਨ ਸਵੇਰੇ 11:00 ਵਜੇ ਸਕੱਤਰ ਦੇ ਕਮਰੇ ਵਿੱਚ ਹੋਵੇਗੀ। ਮੈਂਬਰਾਂ ਤੋਂ ਉਮੀਦ ਕੀਤੀ ਜਾਂਦੀ ਹੈ ਕਿ ਉਹ ਆਪਣੇ ਵਿਸ਼ੇ ਸੰਖੇਪ, ਸਪਸ਼ਟ ਅਤੇ ਕੇਂਦ੍ਰਿਤ ਰੱਖਣ - 8 ਤੋਂ 10 ਲਾਈਨਾਂ ਦੇ ਅੰਦਰ, ਇੱਕ ਵਿਭਾਗ ਨਾਲ ਸਬੰਧਤ ਇੱਕ ਮੁੱਦੇ 'ਤੇ ਅਧਾਰਤ। ਸਦਨ ਵਿੱਚ ਬਿਆਨ ਦਿੰਦੇ ਸਮੇਂ, ਆਪਣੇ ਆਪ ਨੂੰ ਸਿਰਫ਼ ਪੇਸ਼ ਕੀਤੇ ਗਏ ਵਿਸ਼ੇ ਤੱਕ ਸੀਮਤ ਰੱਖੋ। ਡਿਜੀਟਾਈਜ਼ੇਸ਼ਨ ਅਤੇ ਪਾਰਦਰਸ਼ਤਾ ਪ੍ਰਤੀ ਚੇਅਰਮੈਨ ਦੀ ਵਚਨਬੱਧਤਾ ਨੂੰ ਅੱਗੇ ਵਧਾਉਂਦੇ ਹੋਏ, ਇਹ ਵੀ ਨਿਰਦੇਸ਼ ਦਿੱਤਾ ਗਿਆ ਹੈ ਕਿ ਸਵਾਲ, ਪ੍ਰਸਤਾਵ ਅਤੇ ਹੋਰ ਸਾਰੇ ਨੋਟਿਸ ਹੁਣ ਸਿਰਫ਼ NeVA ਪੋਰਟਲ ਰਾਹੀਂ ਹੀ ਸਵੀਕਾਰ ਕੀਤੇ ਜਾਣਗੇ। ਇਸ ਉਦੇਸ਼ ਲਈ ਕੰਮਕਾਜੀ ਦਿਨਾਂ ਵਿੱਚ NeVA ਸੇਵਾ ਕੇਂਦਰ ਵਿਖੇ ਸਵੇਰੇ 9:30 ਵਜੇ ਤੋਂ ਸ਼ਾਮ 6:00 ਵਜੇ ਤੱਕ ਇੱਕ ਸਮਰਪਿਤ ਹੈਲਪ ਡੈਸਕ ਕਾਰਜਸ਼ੀਲ ਹੈ, ਜਿੱਥੇ ਮੈਂਬਰ ਜਾਂ ਉਨ੍ਹਾਂ ਦੇ ਅਧਿਕਾਰਤ ਪ੍ਰਤੀਨਿਧੀ ਔਨਲਾਈਨ ਪ੍ਰਕਿਰਿਆ ਵਿੱਚ ਤਕਨੀਕੀ ਸਹਾਇਤਾ ਪ੍ਰਾਪਤ ਕਰ ਸਕਦੇ ਹਨ। ਵਿਜੇਂਦਰ ਗੁਪਤਾ ਨੇ ਸਾਰੇ ਮੈਂਬਰਾਂ ਨੂੰ ਇਸ ਇਤਿਹਾਸਕ ਪੇਪਰ ਰਹਿਤ ਮਾਨਸੂਨ ਸੈਸ਼ਨ ਵਿੱਚ ਸਰਗਰਮ ਭਾਗੀਦਾਰੀ ਦੀ ਅਪੀਲ ਕੀਤੀ ਅਤੇ ਉਮੀਦ ਪ੍ਰਗਟ ਕੀਤੀ ਕਿ ਨਿਰਧਾਰਤ ਪ੍ਰਕਿਰਿਆਵਾਂ ਦੀ ਪੂਰੀ ਤਰ੍ਹਾਂ ਪਾਲਣਾ ਕਰਕੇ ਸਦਨ ਦੀ ਕਾਰਵਾਈ ਨੂੰ ਸਰਲ, ਪਾਰਦਰਸ਼ੀ ਅਤੇ ਨਤੀਜਾ-ਮੁਖੀ ਬਣਾਇਆ ਜਾਵੇਗਾ।



## ਧਰਤੀ ਤੋਂ 35,000 ਫੁੱਟ ਦੀ ਉਚਾਈ 'ਤੇ ਹੋਇਆ ਬੱਚੇ ਦਾ ਜਨਮ, ਜਹਾਜ਼ 'ਚ ਇੰਝ ਕਰਵਾਈ ਡਿਲੀਵਰੀ

**ਏਜੰਸੀਆਂ**

ਨੈਸ਼ਨਲ ਡੈਸਕ 29 ਜੁਲਾਈ। ਅਸਮਾਨ ਵਿੱਚ 35,000 ਫੁੱਟ ਦੀ ਉਚਾਈ 'ਤੇ ਖੁਸ਼ੀਆਂ ਦੀਆਂ ਕਿੱਲਕਾਰੀਆਂ ਗੂੰਜ ਉੱਠੀਆਂ ਹਨ। ਅਜਿਹਾ ਉਸ ਸਮੇਂ ਹੋਇਆ, ਜਦੋਂ ਏਅਰ ਇੰਡੀਆ ਐਕਸਪ੍ਰੈਸ ਦੀ ਉਡਾਣ ਵਿੱਚ ਇੱਕ ਥਾਈ ਔਰਤ ਨੇ ਬੱਚੇ ਨੂੰ ਜਨਮ ਦਿੱਤਾ। ਇਹ ਘਟਨਾ ਉਦੋਂ ਵਾਪਰੀ, ਜਦੋਂ ਉਡਾਣ ਮਸਕਟ ਤੋਂ ਮੁੰਬਈ ਆ ਰਹੀ ਸੀ। ਜਹਾਜ਼ ਵਿੱਚ ਮੌਜੂਦ ਕੈਬਿਨ ਕਰੂ ਨੇ ਇੱਕ ਨਰਸ ਦੀ ਮਦਦ ਨਾਲ ਇਹ ਸਫਲ ਡਿਲੀਵਰੀ ਕੀਤੀ, ਜਿਸ ਤੋਂ ਬਾਅਦ ਪਾਇਲਟ ਨੇ ਤੁਰੰਤ ਜਹਾਜ਼ ਨੂੰ ਮੁੰਬਈ ਹਵਾਈ ਅੱਡੇ 'ਤੇ ਉਤਾਰ ਦਿੱਤਾ। ਦੱਸ ਦੇਈਏ ਕਿ ਮਾਸੂਮ ਬੱਚੇ ਦਾ ਜਨਮ ਉਸ ਸਮੇਂ ਹੋਇਆ, ਜਦੋਂ ਫਲਾਈਟ ਹਵਾ ਵਿੱਚ ਸੀ ਅਤੇ ਥਾਈਲੈਂਡ ਦੀ ਗਰਭਵਤੀ ਔਰਤ ਨੂੰ ਅਚਾਨਕ ਜਣੇਪੇ ਦੀਆਂ ਦਰਦਾਂ ਹੋਣ ਲੱਗੀਆਂ। ਕੈਬਿਨ ਕਰੂ ਨੇ ਸਥਿਤੀ ਦੀ ਗੰਭੀਰਤਾ ਨੂੰ ਸਮਝਿਆ ਅਤੇ ਤੁਰੰਤ ਕਾਰਵਾਈ ਕੀਤੀ। ਇਸ ਦੌਰਾਨ ਫਲਾਈਟ ਵਿੱਚ ਮੌਜੂਦ ਇੱਕ ਸਿਖਲਾਈ ਪ੍ਰਾਪਤ ਨਰਸ ਦੀ ਮਦਦ ਨਾਲ ਕੈਬਿਨ ਕਰੂ ਨੇ ਔਰਤ ਦੀ ਸੁਰੱਖਿਅਤ ਡਿਲੀਵਰੀ ਕਰਵਾਈ, ਜਿਸ ਨਾਲ ਇਕ ਬੱਚੇ ਦਾ ਜਨਮ ਹੋਇਆ। ਦੂਜੇ ਪਾਸੇ ਚੇ ਦੇ ਜਨਮ ਤੋਂ ਬਾਅਦ ਪਾਇਲਟ ਨੇ ਮੁੰਬਈ ਏਅਰ ਟ?ਰੈਫਿਕ ਕੰਟਰੋਲ (ਏਟੀਸੀ) ਤੋਂ ਜਲਦੀ ਲੈਂਡਿੰਗ ਦੀ ਇਜਾਜ਼ਤ ਮੰਗੀ। ਇਜਾਜ਼ਤ ਮਿਲਦੇ ਹੀ ਜਹਾਜ਼ ਨੂੰ ਤੁਰੰਤ ਮੁੰਬਈ ਹਵਾਈ ਅੱਡੇ 'ਤੇ ਉਤਾਰਿਆ ਗਿਆ। ਜਿਵੇਂ ਹੀ ਜਹਾਜ਼ ਲੈਂਡ ਹੋਇਆ, ਮਾਂ ਅਤੇ ਨਵਜੰਮੇ ਬੱਚੇ ਨੂੰ ਬਿਨਾਂ ਕਿਸੇ ਦੇਰੀ ਦੇ ਨੇੜਲੇ ਹਸਪਤਾਲ ਲਿਜਾਇਆ ਗਿਆ ਜਿੱਥੇ ਇੱਕ ਏਅਰਲਾਈਨ ਸਟਾਫ ਮੈਂਬਰ ਵੀ ਉਨ੍ਹਾਂ ਦੇ ਨਾਲ ਸੀ। ਕਿਹਾ ਜਾ ਰਿਹਾ ਹੈ ਕਿ ਮਾਂ ਅਤੇ ਬੱਚਾ ਦੋਵੇਂ ਤੰਦਰੁਸਤ ਹਨ। ਇਸ ਘਟਨਾ ਨੂੰ ਲੈ ਕੇ ਏਅਰ ਇੰਡੀਆ ਐਕਸਪ੍ਰੈਸ ਨੇ ਇਸ ਸੰਬੰਧੀ ਇੱਕ ਅਧਿਕਾਰਤ ਬਿਆਨ ਜਾਰੀ ਕੀਤਾ ਹੈ। ਏਅਰਲਾਈਨ ਨੇ ਕਿਹਾ, ਅਸੀਂ ਆਪਣੇ ਅਮਲੇ ਨੂੰ ਅਜਿਹੀਆਂ ਐਮਰਜੈਂਸੀ ਸਥਿਤੀਆਂ ਲਈ ਵਿਸ਼ੇਸ਼ ਤੌਰ 'ਤੇ ਸਿਖਲਾਈ ਦਿੰਦੇ ਹਾਂ। ਕੰਪਨੀ ਨੇ ਇਸ ਸਫਲ ਡਿਲੀਵਰੀ ਦਾ ਸਿਹਰਾ ਆਪਣੀ ਸਿਖਲਾਈ ਨੂੰ ਦਿੱਤਾ ਅਤੇ ਕਿਹਾ ਕਿ ਉਸੇ ਸਿਖਲਾਈ ਕਾਰਨ ਮਾਂ ਅਤੇ ਨਵਜੰਮੇ ਬੱਚੇ ਸੁਰੱਖਿਅਤ ਹਨ। ਏਅਰਲਾਈਨ ਨੇ ਇਹ ਵੀ ਕਿਹਾ ਕਿ ਔਰਤ ਨੂੰ ਹਸਪਤਾਲ ਵਿੱਚ ਦਾਖਲ ਕਰਨ ਤੋਂ ਬਾਅਦ, ਉਨ੍ਹਾਂ ਨੇ ਮੁੰਬਈ ਵਿੱਚ ਥਾਈ ਕੌਂਸਲੇਟ ਨਾਲ ਸੰਪਰਕ ਕੀਤਾ ਅਤੇ ਉਨ੍ਹਾਂ ਨੂੰ ਮਾਮਲੇ ਬਾਰੇ ਜਾਣਕਾਰੀ ਦਿੱਤੀ। ਇਹ ਪਹਿਲੀ ਵਾਰ ਨਹੀਂ, ਜਦੋਂ ਕਿਸੇ ਬੱਚੇ ਦਾ ਜਨਮ ਜਹਾਜ਼ ਵਿੱਚ ਹੋਇਆ ਹੋਵੇ। ਇਸ ਤੋਂ ਪਹਿਲਾਂ 2 ਅਗਸਤ, 2022 ਨੂੰ, ਇੱਕ ਔਰਤ ਨੇ ਲੰਡਨ ਤੋਂ ਕੁਵੈਤ ਜਾ ਰਹੀ ਉਡਾਣ ਵਿੱਚ ਇੱਕ ਬੱਚੇ ਨੂੰ ਜਨਮ ਦਿੱਤਾ ਸੀ। ਉਸ ਜਹਾਜ਼ ਵਿੱਚ ਵੀ ਗਰਭਵਤੀ ਔਰਤ ਦੀ ਡਿਲੀਵਰੀ ਉਡਾਣ ਵਿੱਚ ਮੌਜੂਦ ਇੱਕ ਨਰਸ ਜੋੜੇ ਦੁਆਰਾ ਕੀਤੀ ਗਈ ਸੀ।

## ਜਨਤਕ ਜਾਗਰੂਕਤਾ ਤੇ ਠੋਸ ਕਾਰਵਾਈ ਨਾਲ ਕਰਾਂਗੇ ਨਸ਼ੇ ਦਾ ਪੂਰੀ ਤਰ੍ਹਾਂ ਸਫ਼ਾਇਆ: ਸੰਦੀਪ ਕੁਮਾਰ ਮਲਿਕ

**ਕੌਮੀ ਪਤ੍ਰਿਕਾ**

ਹੁਸ਼ਿਆਰਪੁਰ 29 ਜੁਲਾਈ। ਨਸ਼ੇ ਦੇ ਖ਼ਾਤਮੇ ਲਈ ਪੰਜਾਬ ਸਰਕਾਰ ਦੀ ਫ਼ੈਸਲਾਕੁੰਨ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ ਜ਼ਿਲ੍ਹੇ ਵਿਚ ਹੋਰ ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ ਅੱਜ ਜ਼ਿਲ੍ਹਾ ਪੁਲਸ ਅਤੇ ਨਸ਼ਾ ਮੁਕਤੀ ਮੋਰਚੇ ਦੇ ਅਧਿਕਾਰੀਆਂ ਦੀ ਇਕ ਵਿਸ਼ੇਸ਼ ਮੀਟਿੰਗ ਆਯੋਜਿਤ ਹੋਈ। ਮੀਟਿੰਗ ਦੀ ਪ੍ਰਧਾਨਗੀ ਐੱਸ. ਐੱਸ. ਪੀ. ਸੰਦੀਪ ਕੁਮਾਰ ਮਲਿਕ ਨੇ ਕੀਤੀ, ਜਿਸ ਵਿਚ ਸਾਰੇ ਐੱਸ. ਪੀਜ਼. ਅਤੇ ਐੱਸ. ਐੱਚ. ਓਜ਼. ਨਾਲ ਮੋਰਚੇ ਦੇ ਜ਼ਿਲ੍ਹਾ ਪ੍ਰਧਾਨ ਸਤਵੰਤ ਸਿੰਘ ਸਿਆਣ ਅਤੇ ਸਾਰੇ ਵਿਧਾਨ ਸਭਾ ਕੋਆਰਡੀਨੇਟਰ ਮੌਜੂਦ ਸਨ। ਐੱਸ. ਐੱਸ. ਪੀ. ਮਲਿਕ ਨੇ ਸਪੱਸ਼ਟ ਕੀਤਾ ਕਿ ਡੀ. ਜੀ. ਪੀ. ਪੰਜਾਬ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਵਿਚ ਨਸ਼ੇ ਦੇ ਖ਼ਾਤਮੇ ਲਈ ਜੰਗੀ ਪੱਧਰ 'ਤੇ ਯਤਨ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਪੁਲਸ ਜ਼ਿਲ੍ਹੇ ਨੂੰ ਨਸ਼ਾ ਮੁਕਤ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਅਗਸਤ ਮਹੀਨੇ ਤੋਂ 'ਪਿੰਡਾਂ ਅਤੇ ਸ਼ਹਿਰੀ ਵਾਰਡਾਂ ਵਿਚ 'ਵਿਲੇਜ਼ ਤੇ ਵਾਰਡ ਡਿਫੈਂਸ ਕਮੇਟੀਆਂ' ਦੁਆਰਾ ਵਿਆਪਕ ਜਾਗਰੂਕਤਾ ਮੁਹਿੰਮ ਚਲਾਈ ਜਾਵੇਗੀ ਤਾਂ ਜੋ ਲੋਕਾਂ ਦੀ ਭਾਗੀਦਾਰੀ ਨੂੰ ਵਧਾਇਆ ਜਾ ਸਕੇ। ਮੀਟਿੰਗ ਵਿਚ ਇਹ ਤੈਅ ਕੀਤਾ ਗਿਆ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਅਗਲੇ ਪੜਾਅ ਵਿਚ ਪੁਲਿਸ ਅਤੇ ਸਮਾਜਿਕ ਸੰਗਠਨਾਂ ਵਿਚਕਾਰ ਤਾਲਮੇਲ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਜ਼ਿਲ੍ਹੇ ਵਿਚ ਨਸ਼ਿਆਂ ਦੇ ਨੈੱਟਵਰਕ ਵਿਰੁੱਧ ਕਾਰਵਾਈ ਕਰਨ ਦੇ ਨਾਲ-ਨਾਲ ਜਨਤਾ ਨੂੰ ਜਾਗਰੂਕ ਕਰਨਾ ਤਰਜ਼ੀਹ ਰਹੇਗੀ। ਐੱਸ. ਐੱਸ. ਪੀ. ਨੇ ਸਪੱਸ਼ਟ ਕੀਤਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਕਾਨੂੰਨ ਵਿਵਸਥਾ ਤੱਕ ਸੀਮਤ ਨਹੀਂ ਹੈ, ਸਗੋਂ ਇਸ ਦਾ ਉਦੇਸ਼ ਇਸ ਨੂੰ ਇਕ ਸਮਾਜਿਕ ਲਹਿਰ ਬਣਾ ਕੇ ਨਸ਼ਿਆਂ ਨੂੰ ਜੜ੍ਹ ਤੋਂ ਖ਼ਤਮ ਕਰਨਾ ਹੈ। ਨਸ਼ਾ ਮੁਕਤੀ ਮੋਰਚਾ ਦੇ ਜ਼ਿਲ੍ਹਾ ਕੋਆਰਡੀਨੇਟਰ ਸਤਵੰਤ ਸਿੰਘ ਸਿਆਣ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚਲਾਈ ਜਾ ਰਹੀ ਇਹ ਮੁਹਿੰਮ ਸੂਬੇ ਨੂੰ ਨਸ਼ੇ ਦੀ ਬੁਰਾਈ ਤੋਂ ਮੁਕਤ ਕਰਨ ਵੱਲ ਇਕ ਮਜ਼ਬੂਤ ਕਦਮ ਹੈ। ਉਨ੍ਹਾਂ ਕਿਹਾ ਕਿ ਪਹਿਲੇ ਪੜਾਅ ਵਿਚ ਮਿਲੀਆਂ ਪ੍ਰਾਪਤੀਆਂ ਪ੍ਰੇਰਨਾਦਾਇਕ ਹਨ। ਦੂਜੇ ਪੜਾਅ ਵਿਚ ਹੋਰ ਪ੍ਰਭਾਵਸ਼ਾਲੀ ਯਤਨ ਕੀਤੇ ਜਾਣਗੇ ਤਾਂ ਜੋ ਨਸ਼ਿਆਂ ਦੀ ਦੁਰਵਰਤੋਂ ਦਾ ਪੂਰੀ ਤਰ੍ਹਾਂ ਖ਼ਾਤਮਾ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਮੀਟਿੰਗ ਵਿਚ ਕਈ ਵਿਸ਼ਿਆਂ 'ਤੇ ਡੂੰਘਾਈ ਨਾਲ ਚਰਚਾ ਕੀਤੀ ਗਈ, ਜਿਸ ਵਿਚ ਪ੍ਰਸ਼ਾਸਕੀ ਸਹਿਯੋਗ, ਜਨਤਕ ਭਾਗੀਦਾਰੀ, ਇਲਾਜ ਕੇਂਦਰਾਂ ਦੀ ਭੂਮਿਕਾ ਅਤੇ ਸੂਚਨਾ ਨੈੱਟਵਰਕ ਨੂੰ ਮਜ਼ਬੂਤ ਬਣਾਉਣ ਵਰਗੇ ਪਹਿਲੂ ਸ਼ਾਮਲ ਸਨ। ਅਧਿਕਾਰੀਆਂ ਨੇ ਕਿਹਾ ਕਿ ਆਪਸੀ ਤਾਲਮੇਲ ਰਾਹੀਂ ਇਸ ਮੁਹਿੰਮ ਨੂੰ ਸਫ਼ਲ ਬਣਾਉਣ ਵਿਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਸ ਮੌਕੇ ਮੀਤ ਪ੍ਰਧਾਨ ਡਾ. ਮੁਕੇਸ਼ ਕੰਡਾ, ਵਿਧਾਨ ਸਭਾ ਹਲਕਾ ਕੋਆਰਡੀਨੇਟਰ ਬਲਜੀਤ ਸਿੰਘ ਚੱਬੇਵਾਲ, ਜਸਵੀਰ ਸਿੰਘ, ਬਲਵਿੰਦਰ ਢਿੱਲੋਂ, ਕੈਪਟਨ ਤਰਸੇਮ ਸਿੰਘ, ਕੰਚਨ ਦਿਓਲ, ਪਰਮਿੰਦਰ ਸਿੰਘ ਸੱਜਣਾਂ, ਗੁਰਪ੍ਰੀਤ ਸਿੰਘ, ਜਸਵੀਰ ਸਿੰਘ ਤੋਂ ਇਲਾਵਾ ਕਈ ਪੁਲਸ ਅਧਿਕਾਰੀ ਹਾਜ਼ਰ ਸਨ।

